ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 28 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੧੫ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ ’ਚ 2 ਕਾਰਾਂ ਦੀ ਟੱਕਰ ਦੌਰਾਨ ਭਿਆਨਕ ਹਾਦਸਾ, 3 ਲੋਕਾਂ ਦੀ ਮੌਤ

**ਭੀਖੀ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਇੱਥੇ ਪਿੰਡ ਕੋਟੜਾ ਕਲਾਂ ਦੇ ਨਜ਼ਦੀਕ ਦੋ ਕਾਰਾਂ ਦੀ ਆਹਮੋ-ਸਾਹਮਣੇ ਟੱਕਰ ਦੌਰਾਨ ਤਿੰਨ ਲੋਕਾਂ ਦੀ ਮੌਤ ਅਤੇ ਇਕ ਵਿਅਕਤੀ ਦੇ ਜ਼ਖਮੀ ਹੋਣ ਦੀ ਖ਼ਬਰ ਪ੍ਰਾਪਤ ਹੋਈ ਹੈ। ਇਸ ਭਿਆਨਕ ਮੰਜ਼ਰ ਨੂੰ ਦੇਖਣ ਵਾਲੇ ਲੋਕਾਂ ਦੇ ਦਿਲ ਕੰਬ ਗਏ। ਇਕੱਤਰ ਜਾਣਕਾਰੀ ਅਨੁਸਾਰ ਰਤੀਆ ਨਿਵਾਸੀ ਉਪਕਾਰ ਸਿੰਘ ਅਤੇ ਸਵਿੰਦਰ ਕੌਰ ਬੀਤੇ ਦਿਨ ਭੀਖੀ ਆਪਣੀ ਰਿਸ਼ਤੇਦਾਰੀ ’ਚ ਵਿਆਹ ਸਮਾਗਮ ’ਚ ਸ਼ਾਮਲ ਹੋਣ ਗਏ ਸਨ। ਵਾਪਸੀ ’ਤੇ ਉਹ ਆਪਣੀ ਸਵਿੱਫਟ ਕਾਰ ’ਚ ਭੀਖੀ ਤੋਂ ਮਾਨਸਾ ਵੱਲ ਜਾ ਰਹੇ ਸਨ। ਇਸ ਦੌਰਾਨ ਪਿੰਡ ਕੋਟੜਾ ਕਲਾਂ ਦੇ ਨਜ਼ਦੀਕ ਉਨ੍ਹਾਂ ਦੀ ਕਾਰ ਦੀ ਟੱਕਰ ਮਾਨਸਾ ਸਾਈਡ ਤੋਂ ਆ ਰਹੀ ਇੱਕ ਹੋਰ ਸਵਿੱਫਟ ਕਾਰ ਨਾਲ ਹੋ ਗਈ, ਜਿਸ ’ਚ ਬਲਕਰਨ ਸਿੰਘ ਅਤੇ ਕਮਲਪ੍ਰੀਤ ਸਿੰਘ ਸਵਾਰ ਸਨ। ਇਸ ਹਾਦਸੇ ਦੌਰਾਨ 4 ਲੋਕ ਗੰਭੀਰ ਜ਼ਖਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਤੁਰੰਤ ਸਿਵਲ ਹਸਪਤਾਲ ਮਾਨਸਾ ਲਿਜਾਇਆ ਗਿਆ। ਇੱਥੇ ਸਵਿੰਦਰ ਕੌਰ (62) ਪਤਨੀ ਉਪਕਾਰ ਸਿੰਘ, ਉਪਕਾਰ ਸਿੰਘ (67) ਪੁੱਤਰ ਪ੍ਰੇਮ ਸਿੰਘ ਵਾਸੀ ਰਤੀਆ ਅਤੇ ਬਲਕਰਨ ਸਿੰਘ (23) ਪੁੱਤਰ ਜਗਸੀਰ ਸਿੰਘ ਵਾਸੀ ਮਲਕਪੁਰ ਖਿਆਲਾ ਦੀ ਮੌਤ ਹੋ ਗਈ। ਇਸ ਤੋਂ ਇਲਾਵਾ ਕਮਲਪ੍ਰੀਤ ਸਿੰਘ (23) ਪੁੱਤਰ ਹਰਦੀਪ ਸਿੰਘ ਵਾਸੀ ਧਲੇਵਾਂ ਦੀ ਗੰਭੀਰ ਹਾਲਤ ਨੂੰ ਦੇਖਦਿਆਂ ਉਸ ਨੂੰ ਏਮਜ਼ ਹਸਪਤਾਲ ਬਠਿੰਡਾ ਰੈਫ਼ਰ ਕਰ ਦਿੱਤਾ ਗਿਆ।

## ਪੰਜਾਬ ਤੇ ਹਰਿਆਣਾ ਵਿਚਾਲੇ ਹੋਈ ਮੀਟਿੰਗ

# ਕੀ ਹੁਣ ਐਸ. ਵਾਈ. ਐਲ. ਮੁੱਦੇ ’ਤੇ ਨਿਕਲੇਗਾ ਹੱਲ ?

**ਚੰਡੀਗੜ੍ਹ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ’ਚ ਪੰਜਾਬ ਤੇ ਹਰਿਆਣਾ ਵਿਚਾਲੇ ਐਸਵਾਈਐਲ ਦੇ ਮੁੱਦੇ ’ਤੇ ਮੀਟਿੰਗ ਹੋਈ। ਇਸ ਦੌਰਾਨ ਦੋਵੇਂ ਸੂਬਿਆਂ ਵੱਲੋਂ ਆਪੋ-ਆਪਣੇ ਪੱਖ ਰੱਖਿਆ। ਪੰਜਾਬ ਦੇ ਸੀਐੱਮ ਭਗਵੰਤ ਮਾਨ ਤੇ ਹਰਿਆਣਾ ਦੇ ਸੀਐੱਮ ਨਾਇਬ ਸਿੰਘ ਸੈਣੀ ਵਿਚਾਲੇ ਗੱਲਬਾਤ ਹੋਈ। ਦੋਹਾਂ ਸੂਬਿਆਂ ਦੇ ਸੀਨੀਅਰ ਅਧਿਕਾਰੀ ਵੀ ਸ਼ਾਮਲ ਹੋਏ। ਪੰਜਾਬ ਅਤੇ ਹਰਿਆਣਾ ਦੇ ਮੁੱਖ ਮੰਤਰੀਆਂ ਨੇ ਸਤਲੁਜ ਯਮੁਨਾ ਲਿੰਕ ਮੁੱਦੇ ’ਤੇ ਇੱਕ ਮੀਟਿੰਗ ਕੀਤੀ। ਹੋਰ ਜਾਣਕਾਰੀ ਦਿੰਦੇ ਹੋਏ, ਮੁੱਖ ਮੰਤਰੀ ਨਾਇਬ ਸੈਣੀ ਨੇ ਕਿਹਾ ਕਿ ਇਹ ਗੁਰੂਆਂ ਦੀ ਧਰਤੀ ਹੈ, ਜਿਨ੍ਹਾਂ ਦੀਆਂ ਸਿੱਖਿਆਵਾਂ ਸਾਡੇ ਲਈ ਕੀਮਤੀ ਹਨ। ਮੀਟਿੰਗ ਇੱਕ ਅਨੁਕੂਲ ਮਾਹੌਲ ਵਿੱਚ ਹੋਈ, ਅਤੇ ਜਦੋਂ ਮਾਹੌਲ ਅਨੁਕੂਲ ਹੁੰਦਾ ਹੈ, ਤਾਂ ਸਾਰਥਕ ਨਤੀਜੇ ਪ੍ਰਾਪਤ ਹੁੰਦੇ ਹਨ। ਸੈਣੀ ਨੇ ਕਿਹਾ ਕਿ, ਸੁਪਰੀਮ



ਕੋਰਟ ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਕੇਂਦਰੀ ਮੰਤਰੀ ਸੀਆਰ ਪਾਟਿਲ ਦੀ ਪ੍ਰਧਾਨਗੀ ਹੇਠ ਇੱਕ ਮੀਟਿੰਗ ਹੋਈ। ਨੇੜਲੇ ਭਵਿੱਖ ਵਿੱਚ, ਸਰਕਾਰੀ ਪੱਧਰ ’ਤੇ ਇੱਕ ਮੀਟਿੰਗ ਕੀਤੀ ਜਾਵੇਗੀ, ਅਤੇ ਫੈਸਲਾ ਅੱਗੇ ਵਧਾਇਆ ਜਾਵੇਗਾ। ਸੀਐਮ ਮਾਨ ਨੇ ਕਿਹਾ ਕਿ ਇਹ ਮੁੱਦਾ ਲੰਬੇ ਸਮੇਂ ਤੋਂ ਚੱਲ ਰਿਹਾ ਹੈ, ਅਤੇ ਜਿਵੇਂ ਕਿ ਸੀਐਮ ਸੈਣੀ ਨੇ ਕਿਹਾ, “ਅਸੀਂ ਗੁਰੂਆਂ ਦੀਆਂ ਸਿੱਖਿਆਵਾਂ ਦੀ ਪਾਲਣਾ ਕਰ ਰਹੇ ਹਾਂ ਅਤੇ ਹਰਿਆਣਾ ਸਾਡਾ ਭਰਾ ਹੈ, ਸਾਡਾ ਦੁਸ਼ਮਣ ਨਹੀਂ।” ਪਾਣੀ ਅੱਜ ਇੱਕ ਵਿਸ਼ਵਵਿਆਪੀ ਮੁੱਦਾ ਬਣ ਗਿਆ ਹੈ। ਸੀਐੱਮ ਮਾਨ ਨੇ ਅੱਗੇ ਕਿਹਾ ਕਿ ਉਨ੍ਹਾਂ ਨੇ ਆਪਣਾ ਪੱਖ ਪੇਸ਼ ਕੀਤਾ ਹੈ, ਅਤੇ ਉਨ੍ਹਾਂ ਨੇ ਵੀ ਆਪਣਾ ਪੱਖ ਪੇਸ਼ ਕੀਤਾ ਹੈ। ਅਧਿਕਾਰੀ ਸੁਪਰੀਮ ਕੋਰਟ ਦੀ ਤਾਰੀਖ ਵੱਲ ਨਹੀਂ ਦੇਖ ਰਹੇ ਹੋਣਗੇ, ਪਰ ਨਿਰਦੇਸ਼ਾਂ ਅਨੁਸਾਰ ਮੀਟਿੰਗਾਂ ਨੂੰ ਅੱਗੇ ਵਧਾਉਣਗੇ, ਅਤੇ ਭਵਿੱਖ ਵਿੱਚ ਅਧਿਕਾਰੀਆਂ ਵਿਚਕਾਰ ਵੀ ਮੀਟਿੰਗਾਂ ਕੀਤੀਆਂ ਜਾਣਗੀਆਂ। ਜੇਕਰ ਬਜ਼ੁਰਗਾਂ ਵਿਚਕਾਰ ਕੋਈ ਵਿਵਾਦ ਹੁੰਦਾ ਹੈ, ਤਾਂ ਨਵੀਂ ਪੀੜ੍ਹੀ ਇਸਨੂੰ ਹੱਲ ਕਰਨ ਦੀ ਕੋਸ਼ਿਸ਼ ਕਰੇਗੀ। ਐਸਵਾਈਐਲ ਵਿਵਾਦ ਦੀਆਂ ਜੜ੍ਹਾਂ 31 ਦਸੰਬਰ, 1981 ਦੇ ਸਮਝੌਤੇ ਵਿੱਚ ਹਨ, ਜਿਸ ਦੇ ਤਹਿਤ ਐਸਵਾਈਐਲ ਨਹਿਰ ਦੀ ਯੋਜਨਾ ਬਣਾਈ ਗਈ ਸੀ ਅਤੇ 1982 ਵਿੱਚ ਉਸਾਰੀ ਸ਼ੁਰੂ ਹੋਈ ਸੀ। ਹਾਲਾਂਕਿ, 1990 ਵਿੱਚ ਕੰਮ ਬੰਦ ਹੋ ਗਿਆ। ਹਰਿਆਣਾ ਨੇ 1996 ਵਿੱਚ ਸੁਪਰੀਮ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ, ਅਤੇ 2002 ਵਿੱਚ, ਅਦਾਲਤ ਨੇ ਪੰਜਾਬ ਨੂੰ ਇੱਕ ਸਾਲ ਦੇ ਅੰਦਰ ਨਹਿਰ ਨੂੰ ਪੂਰਾ ਕਰਨ ਦਾ ਨਿਰਦੇਸ਼ ਦਿੱਤਾ।

## ਪ੍ਰਧਾਨ ਮੰਤਰੀ ਮੋਦੀ 1 ਫਰਵਰੀ ਨੂੰ ਆਉਣਗੇ ਪੰਜਾਬ

**ਜਲੰਧਰ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਫਰਵਰੀ ਮਹੀਨੇ ਦੇ ਪਹਿਲੇ ਦਿਨ ਪੰਜਾਬ ਦਾ ਦੌਰਾ ਕਰਨਗੇ। ਗੁਰੂ ਰਵਿਦਾਸ ਜੈਯੰਤੀ ਮੌਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਪੰਜਾਬ ਆ ਰਹੇ ਹਨ। ਉਹ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਵਿਖੇ ਨਤਮਸਤਕ ਹੋਣਗੇ। ਇਸ ਤੋਂ ਪਹਿਲਾਂ ਵੀ ਪ੍ਰਧਾਨ ਮੰਤਰੀ ਮੋਦੀ ਨੇ ਸੰਤ ਨਿਰੰਜਨ ਦਾਸ ਨਾਲ ਮੁਲਾਕਾਤ ਕੀਤੀ ਸੀ। ਮਿਲੀ ਜਾਣਕਾਰੀ ਮੁਤਾਬਕ ਕੇਂਦਰੀ ਬਜਟ ਪੇਸ਼ ਹੋਣ ਤੋਂ ਬਾਅਦ ਕਰੀਬ ਸ਼ਾਮ 4 ਵਜੇ ਪ੍ਰਧਾਨ ਮੰਤਰੀ ਜਲੰਧਰ ਪਹੁੰਚਣਗੇ। ਇਸ ਫੇਰੀ ਦੌਰਾਨ ਸਭ ਤੋਂ ਪਹਿਲਾਂ ਪ੍ਰਧਾਨ ਮੰਤਰੀ ਮੋਦੀ ਜਲੰਧਰ ਸਥਿਤ ਡੇਰਾ ਸੱਚਖੰਡ ਬਲਾਂ ਵਿੱਚ ਨਤਮਸਤਕ ਹੋਣਗੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਇਹ ਦੌਰਾ ਗੁਰੂ ਰਵਿਦਾਸ ਮਹਾਰਾਜ ਦੀ 649ਵੀਂ ਜੈਯੰਤੀ ਦੇ ਸ਼ੁਭ ਮੌਕੇ ਨੂੰ ਸਮਰਪਿਤ ਹੋਵੇਗਾ। ਪ੍ਰਸ਼ਾਸਨ ਅਤੇ ਡੇਰਾ ਪ੍ਰਬੰਧਨ ਵੱਲੋਂ ਇਸ ਸਮਾਗਮ ਦੀਆਂ ਤਿਆਰੀਆਂ ਜਲਦ ਸ਼ੁਰੂ ਕਰ ਦਿੱਤੀਆਂ ਜਾਣਗੀਆਂ। ਸ਼ਰਧਾਲੂਆਂ ਵਿੱਚ ਪ੍ਰਧਾਨ ਮੰਤਰੀ ਮੋਦੀ ਦੀ ਫੇਰੀ ਲਈ ਕਾਫ਼ੀ ਉਤਸ਼ਾਹ ਦਿਖਾਈ ਦੇ ਰਿਹਾ ਹੈ। ਦੱਸ ਦੇਈਏ



ਕਿ ਜਲੰਧਰ ਦੇ ਡੇਰਾ ਬੱਲਾਂ ਦੇ ਮੁਖੀ ਸੰਤ ਨਿਰੰਜਨ ਦਾਸ ਨੂੰ ਪਦਮ ਸ਼੍ਰੀ ਲਈ ਚੁਣਿਆ ਗਿਆ ਹੈ। ਸੰਤ ਨਿਰੰਜਨ ਦਾਸ ਜੀ ਨੂੰ ਉਨ੍ਹਾਂ ਦੀਆਂ ਮਾਨਵਤਾਵਾਦੀ ਸੇਵਾਵਾਂ ਅਤੇ ਸਮਾਜਿਕ ਭਲਾਈ ਦੇ ਕਾਰਜਾਂ ਲਈ ‘ਪਦਮ ਸ਼੍ਰੀ’ ਪੁਰਸਕਾਰ ਦੇਣ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਵੱਲੋਂ ਸਮਾਜ ਦੇ ਕਲਿਆਣ ਅਤੇ ਮਾਨਵਤਾ ਦੀ ਸੇਵਾ ਵਿੱਚ ਪਾਏ ਗਏ ਵੱਡਮੁੱਲੇ ਯੋਗਦਾਨ ਨੂੰ ਦੇਖਦੇ ਹੋਏ ਕੇਂਦਰ ਸਰਕਾਰ ਨੇ ਇਹ ਵੱਡਾ ਸਨਮਾਨ ਦੇਣ ਦਾ ਐਲਾਨ ਕੀਤਾ ਹੈ।

## ਸਿੱਖ ਇਤਿਹਾਸ ਨੂੰ ਤੋੜ-ਮਰੋੜ ਕੇ ਪੇਸ਼ ਕਰ ਰਹੇ ਭਗਵੰਤ ਮਾਨ, ਤੁਰੰਤ ਮੰਗਣ ਮੁਆਫੀ : ਸੁਖਬੀਰ ਬਾਦਲ





**ਚੰਡੀਗੜ੍ਹ , 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਦਰਿਆਈ ਪਾਣੀਆਂ ਨੂੰ ਲੈ ਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਬਿਆਨ ਦੀ ਸਖ਼ਤ ਨਿਖੇਧੀ ਕੀਤੀ ਹੈ। ਸੁਖਬੀਰ ਬਾਦਲ ਨੇ ਕਿਹਾ ਕਿ ਭਗਵੰਤ ਮਾਨ ਵੱਲੋਂ ਸਾਜ਼ਿਸ਼ੀ ਤਰੀਕੇ ਨਾਲ ਭਾਈ ਕਨ੍ਹਈਆ ਜੀ ਦਾ ਇਤਿਹਾਸਿਕ ਹਵਾਲਾ ਦੇ ਕੇ ਪੰਜਾਬ ਦੇ ਦਰਿਆਈ ਪਾਣੀਆਂ ਨੂੰ ਹੋਰਨਾਂ ਸੂਬਿਆਂ ਖ਼ਾਸ ਕਰਕੇ ਹਰਿਆਣਾ ਨੂੰ ਦੇਣ ਲਈ ਜਾਇਜ਼ ਠਹਿਰਾਉਣਾ ਨਿੰਦਣਯੋਗ ਅਤੇ ਇਤਿਹਾਸ ਦੀ ਬੇਅਦਬੀ ਹੈ। ਦਸਮ ਪਾਤਸ਼ਾਹ ਜੀ ਨੇ ਦਇਆ ਭਾਵਨਾ ਨਾਲ ਸੇਵਾ ਕਾਰਜ ਕਰਨ ਦੀ ਸਿੱਖਿਆ ਦਿੱਤੀ ਪਰ ਨਾਲ ਹੀ ਸਾਨੂੰ ਆਪਣੇ ਹੱਕਾਂ ਲਈ ਜੂਝਣਾ ਵੀ ਸਿਖਾਇਆ। ਸੁਖਬੀਰ ਨੇ ਕਿਹਾ ਕਿ ਭਾਈ ਕਨ੍ਹਈਆ ਜੀ ਵੱਲੋਂ ਜੰਗ ਦੇ ਮੈਦਾਨ ਵਿਚ ਜ਼ਖਮੀਆਂ ਨੂੰ ਪਾਣੀ ਪਿਲਾਉਣਾ ਦਇਆ ਅਤੇ ਮਨੁੱਖਤਾ ਦੀ ਉੱਚੀ ਮਿਸਾਲ ਸੀ ਪਰ ਪੰਜਾਬ ਦੇ ਜੀਵਨ ਸਰੋਤ ਦਰਿਆਈ ਪਾਣੀਆਂ ਨੂੰ ਲੁਟਾ ਦੇਣਾ ਬਿਲਕੁਲ ਵੱਖਰਾ ਵਿਸ਼ਾ ਹੈ।

ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਭਗਵੰਤ ਮਾਨ ਨੂੰ ਸਿੱਖ ਇਤਿਹਾਸ ਨੂੰ ਤੋੜ ਮਰੋੜ ਕੇ ਪੇਸ਼ ਕਰਨ ਬਦਲੇ ਤੁਰੰਤ ਮੁਆਫ਼ੀ ਮੰਗਣੀ ਚਾਹੀਦੀ ਹੈ। ਇਹ ਮਾਮਲਾ ਪੰਜਾਬ ਦੇ ਦਰਿਆਈ ਪਾਣੀਆਂ ਲਈ ਬਣੇ ਰਿਪੇਰੀਅਨ ਅਧਿਕਾਰਾਂ ਦਾ ਹੈ, ਨਾ ਕਿ ਦਾਨ ਦੇਣ ਦਾ। ਸੁਖਬੀਰ ਨੇ ਕਿਹਾ ਕਿ ਦਰਅਸਲ ਭਗਵੰਤ ਮਾਨ ਕਾਂਗਰਸੀ ਮੁੱਖ ਮੰਤਰੀ ਦਰਬਾਰਾ ਸਿੰਘ ਦੇ ਨਕਸ਼ੇ ਕਦਮਾਂ ’ਤੇ ਚੱਲ ਰਿਹਾ ਹੈ, ਜਿਸ ਨੇ ਇੰਦਰਾ ਗਾਂਧੀ ਅੱਗੇ ਸਮਰਪਣ ਕਰ ਦਿੱਤਾ ਸੀ। ਸ਼੍ਰੋਮਣੀ ਅਕਾਲੀ ਦਲ ਇਸ ਧੋਖਾਧੜੀ ਨੂੰ ਕਦੇ ਵੀ ਸਿਰੇ ਨਹੀ ਚੜ੍ਹਨ ਦੇਵੇਗਾ। ਸੁਖਬੀਰ ਨੇ ਕਿਹਾ ਕਿ ਉਹ ਉਸਨੂੰ ਜਾਣਕਾਰੀ ਹਿੱਤ ਦੱਸਣਾ ਚਾਹੁੰਦੇ ਹਨ ਕਿ ਹਾਂ ਕਿ ਪ੍ਰਕਾਸ਼ ਸਿੰਘ ਬਾਦਲ ਦੀ ਸਰਕਾਰ ਵੇਲੇ ਐੱਸ.ਵਾਈ.ਐਲ. ਨਹਿਰ ਨੂੰ ਡੀ-ਨੋਟੀਫਾਈ ਕਰਕੇ ਅਤੇ ਜ਼ਮੀਨ ਕਿਸਾਨਾਂ ਨੂੰ ਵਾਪਸ ਕਰਕੇ ਇਹ ਮੁੱਦਾ ਸਦਾ ਲਈ ਨਿਪਟਾ ਦਿੱਤਾ ਗਿਆ ਸੀ।

## ਜ਼ਬਰਨ ਵਸੂਲੀ ਦੀਆਂ ਧਮਕੀਆਂ ਖਿਲਾਫ ਕੈਨੇਡਾ ’ਚ ਐਮਰਜੈਂਸੀ ਦਾ ਐਲਾਨ

**ਸਰੀ (ਕੈਨੇਡਾ), 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਤੋਂ ਵੱਡੀ ਖਬਰ ਸਾਹਮਣੇ ਆ ਰਹੀ ਹੈ, ਜਿਸ ਨੇ ਜਨਤਾ ਵਿਚਾਲੇ ਹਲਚਲ ਮਚਾ ਦਿੱਤੀ ਹੈ। ਦੱਸ ਦੇਈਏ ਕਿ ਕੈਨੇਡਾ ਵਿੱਚ ਜ਼ਬਰਨ ਵਸੂਲੀ ਦੀਆਂ ਧਮਕੀਆਂ



ਖਿਲਾਫ ਇੱਕ ਵੱਡੀ ਕਾਰਵਾਈ ਕਰਦਿਆਂ ਸਰੀ ਸਿਟੀ ਕੌਂਸਲ ਨੇ ਸਥਾਨਕ ਐਮਰਜੈਂਸੀ ਦੀ ਸਥਿਤੀ ਦਾ ਐਲਾਨ ਕੀਤਾ ਹੈ। ਕੈਨੇਡਾ ਵਿੱਚ ਕਿਸੇ ਵੀ ਅਪਰਾਧ ਖਿਲਾਫ ਅਜਿਹੀ ਕਾਰਵਾਈ ਕਰਨ ਵਾਲੀ ਇਹ ਪਹਿਲੀ ਚੁਣੀ ਹੋਈ ਕੌਂਸਲ ਹੈ। ਹੈਰਾਨੀ ਦੀ ਗੱਲ ਇਹ ਹੈ ਕਿ ਦੱਖਣੀ ਏਸ਼ੀਆਈ ਲੋਕਾਂ ਤੋਂ ਜਬਰਨ ਵਸੂਲੀ ਵਿੱਚ ਪੰਜਾਬੀ ਗੈਂਗਸਟਰਾਂ ਦੀ ਸਭ ਤੋਂ ਵੱਧ ਸ਼ਮੂਲੀਅਤ ਦੱਸੀ ਜਾ ਰਹੀ ਹੈ। ਕੈਨੇਡਾ ਮੀਡੀਆ ਦੀਆਂ ਰਿਪੋਰਟਾਂ ਅਨੁਸਾਰ ਮੇਅਰ ਬਰੈਂਡਾ ਲੋਕ ਨੇ ਇਸ ਮਤੇ ਦੀ ਅਗਵਾਈ ਕੀਤੀ, ਜਿਸ ਨੂੰ 26 ਜਨਵਰੀ ਨੂੰ ਮਨਜ਼ੂਰੀ ਦਿੱਤੀ ਗਈ ਸੀ। ਇਸ ਵਿੱਚ ਇਨ੍ਹਾਂ ਅਪਰਾਧਾਂ ਦੀ ਭਿਆਨਕ ਨਤੀਜਿਆਂ ’ਤੇ ਜ਼ੋਰ ਦਿੱਤਾ ਗਿਆ ਹੈ, ਜੋ ਸਥਾਨਕ ਸਰੋਤਾਂ ਅਤੇ ਰਵਾਇਤੀ ਪੁਲੀਸਿੰਗ ਯਤਨਾਂ ਤੋਂ ਬਾਹਰ ਹੋ ਗਏ ਹਨ। ਕੌਂਸਲ ਹੁਣ ਸੰਘੀ ਸਰਕਾਰ ਨੂੰ ਅਪੀਲ ਕਰ ਰਹੀ ਹੈ ਕਿ ਉਹ ਰਾਸ਼ਟਰੀ ਐਮਰਜੈਂਸੀ ਦੀ ਸਥਿਤੀ ਦਾ ਐਲਾਨ ਕਰਕੇ ਜਾਂ ਇਸ ਦੇ ਬਰਾਬਰ ਦੇ ਅਸਾਧਾਰਨ ਕਦਮ ਚੁੱਕ ਕੇ ਇਸ ਦੀ ਪਾਲਣਾ ਕਰੇ, ਜਿਸ ਨੂੰ ਲੋਕਾਂ ਨੇ ਅੰਤਰਰਾਸ਼ਟਰੀ ਖਤਰਾ ਦੱਸਿਆ ਹੈ। ਕੌਂਸਲ ਦੀ ਮੀਟਿੰਗ ਦੌਰਾਨ ਮੇਅਰ ਲੋਕ ਨੇ ਕਿਹਾ ਕਿ ਇਹ ਇੱਕ ਅਜਿਹਾ ਸੰਕਟ ਹੈ ਜਿਸ ਨੇ ਪਰਿਵਾਰਾਂ ਨੂੰ ਦਹਿਸ਼ਤ ’ਚ ਕਰ ਦਿੱਤਾ ਹੈ ਅਤੇ ਕਾਰੋਬਾਰ ਘੇਰੇ ਵਿੱਚ ਹਨ। ਸਰੀ ਸ਼ਹਿਰ ਇਹ ਸਵੀਕਾਰ ਕਰਦਾ ਹੈ ਕਿ ਅਸੀਂ ਜਬਰਨ ਵਸੂਲੀ ਅਤੇ ਇਸ ਨਾਲ ਸਬੰਧਤ ਹਿੰਸਾ ਦੇ ਕਾਰਨ ਐਮਰਜੈਂਸੀ ਦੀ ਸਥਿਤੀ ਵਿੱਚ ਹਾਂ ਜਿਸ ਨੇ ਸਾਡੇ ਸ਼ਹਿਰ ਨੂੰ ਪ੍ਰੇਸ਼ਾਨ ਕੀਤਾ ਹੋਇਆ ਹੈ। ਕਾਬਿਲੇਗੌਰ ਹੈ ਕਿ ਸਾਲ 2025 ਵਿੱਚ ਸਰੀ ਪੁਲਿਸ ਸਰਵਿਸ ਨੇ ਜਬਰਨ ਵਸੂਲੀ ਦੇ 44 ਮਾਮਲਿਆਂ ਦੀ ਜਾਂਚ ਕੀਤੀ ਸੀ, ਜਿਨ੍ਹਾਂ ਵਿੱਚ ਕਾਰੋਬਾਰਾਂ, ਘਰਾਂ ਅਤੇ ਵਾਹਨਾਂ ’ਤੇ ਗੋਲੀਬਾਰੀ ਦੇ 27 ਮਾਮਲੇ ਸ਼ਾਮਲ ਸਨ। ਸਿਟੀ ਕੌਂਸਲ ਨੇ ਗ੍ਰਿਫ਼ਤਾਰੀਆਂ ਤੱਕ ਪਹੁੰਚਾਉਣ ਵਾਲੀਆਂ ਸੂਚਨਾਵਾਂ ਨੂੰ ਉਤਸ਼ਾਹਿਤ ਕਰਨ ਲਈ ਢਾਈ ਲੱਖ ਡਾਲਰ ਦਾ ਇਨਾਮੀ ਫੰਡ ਸਥਾਪਤ ਕੀਤਾ ਸੀ। ਹਾਲਾਂਕਿ, 2026 ਵਿੱਚ ਇਹ ਸਮੱਸਿਆ ਹੋਰ ਗੰਭੀਰ ਹੋ ਗਈ ਹੈ, ਜਿਸ ਵਿੱਚ ਜਨਵਰੀ ਦੇ ਅੱਧ ਤੱਕ ਸਰੀ ਵਿੱਚ ਜਬਰਨ ਵਸੂਲੀ ਦਾ 35ਵਾਂ ਮਾਮਲਾ ਦਰਜ ਕੀਤਾ ਗਿਆ ਹੈ, ਜਿਸ ਵਿੱਚ ਘੱਟੋ-ਘੱਟ ਅੱਠ ਪੁਸ਼ਟੀ ਕੀਤੀਆਂ ਗੋਲੀਬਾਰੀ ਦੀਆਂ ਘਟਨਾਵਾਂ ਸ਼ਾਮਲ ਹਨ। ਜੇ ਘਟਨਾਵਾਂ ਦੀ ਰਫ਼ਤਾਰ ਇਸੇ ਤਰ੍ਹਾਂ ਰਹੀ ਤਾਂ ਸਾਲ ਦੇ ਅੰਤ ਤੱਕ ਅਜਿਹੇ 600 ਤੋਂ ਵੱਧ ਮਾਮਲੇ ਦੇਖਣ ਨੂੰ ਮਿਲ ਸਕਦੇ ਹਨ। ਭਾਈਚਾਰੇ ਦੇ ਮੈਂਬਰਾਂ, ਖ਼ਾਸ ਕਰਕੇ ਭਾਰਤੀ-ਕੈਨੇਡੀਅਨ ਡਾਇਸਪੋਰਾ ਨੇ ਡਰ ਅਤੇ ਗੁੱਸਾ ਪ੍ਰਗਟਾਇਆ ਹੈ, ਕੁਝ ਨੇ ਅਧਿਕਾਰੀਆਂ ਦੀ ਸੁਸਤ ਪ੍ਰਤੀਕਿਰਿਆ ਵਿੱਚ ਨਸਲੀ ਪੱਖਪਾਤ ਦਾ ਬਾਰੇ ਕਿਹਾ ਹੈ। ਹਾਲ ਹੀ ਦੇ ਮਹੀਨਿਆਂ ਵਿੱਚ ਤਿੰਨ ਵਾਰ ਨਿਸ਼ਾਨਾ ਬਣਾਏ ਗਏ ‘ਕੈਪਸ ਕੈਫੇ’ ਵਿੱਚ ਵਾਰ-ਵਾਰ ਹੋਈ ਗੋਲੀਬਾਰੀ ਵਰਗੀਆਂ ਘਟਨਾਵਾਂ ਹਮਲਾਵਰਾਂ ਦੀ ਬੇਖ਼ੌਫ਼ੀ ਨੂੰ ਦਰਸਾਉਂਦੀਆਂ ਹਨ।

## ਐਮ. ਪੀ. ਕੰਗਨਾ ਰਣੌਤ ਦੀ ਬਠਿੰਡਾ ਅਦਾਲਤ ’ਚ ਹੋਈ ਪੇਸ਼ੀ, ਫਿਜ਼ੀਕਲ ਪੇਸ਼ੀ ਨੂੰ ਲੈ ਕੇ ਦਿੱਤਾ ਐਫੀਡੈਵਿਟ



**ਬਠਿੰਡਾ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਮੰਡੀ ਤੋਂ ਭਾਜਪਾ ਸਾਂਸਦ ਅਤੇ ਬਾਲੀਵੁੱਡ ਅਦਾਕਾਰਾ ਕੰਗਨਾ ਰਣੌਤ ਦੀ ਅੱਜ ਬਠਿੰਡਾ ਅਦਾਲਤ ਵਿੱਚ ਬੇਬੇ ਮਹਿੰਦਰ ਕੌਰ ਵੱਲੋਂ ਕੀਤੇ ਮਾਣਹਾਨੀ ਮਾਮਲੇ ਵਿੱਚ ਪੇਸ਼ੀ ਹੋਈ। ਅੱਜ ਅਦਾਲਤ ਵਿੱਚ ਸਾਂਸਦ ਦੀ ਪਾਸਪੋਰਟ ਜ਼ਬਤੀ ਨੂੰ ਲੈ ਕੇ ਪੇਸ਼ੀ ਸੀ। ਅਦਾਲਤੀ ਕਾਰਵਾਈ ਬਾਰੇ ਬੇਬੇ ਮਹਿੰਦਰ ਕੌਰ ਦੇ ਵਕੀਲ ਐਡਵੋਕੇਟ ਰਘਬੀਰ ਸਿੰਘ ਬੈਣੀਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੰਗਨਾ ਰਣੌਤ ਅੱਜ ਵੀਡੀਓ ਕਾਨਫਰੰਸ ਰਾਹੀਂ ਕੋਰਟ ਦੇ ਵਿੱਚ ਹਾਜ਼ਰ ਹੋਈ। ਇਸ ਦੌਰਾਨ ਬੇਬੇ ਮਾਤਾ ਮਹਿੰਦਰ ਕੌਰ ਦੇ ਪੱਖ ਵੱਲੋਂ ਦੋ ਗਵਾਹਾਂ ਦੀ ਕੋਰਟ ਵਿੱਚ ਗਵਾਈ ਦਰਜ ਕਰਵਾਈ ਗਈ। ਦੂਜੇ ਪਾਸੇ ਕੰਗਨਾ ਰਣੌਤ ਵੱਲੋਂ ਵੀ ਇਸ ਗੱਲ ਦੇ ਉੱਪਰ ਐਫੀਡੈਟ ਦਿੱਤਾ ਗਿਆ ਕਿ ਜੇਕਰ ਫਿਜੀਕਲੀ ਪੇਸ਼ ਹੋਣ ਲਈ ਅਦਾਲਤ ਕਹੇਗੀ ਤਾਂ ਉਹ ਪੇਸ਼ ਹੋਣ ਵਾਸਤੇ ਹਾਜ਼ਰ ਹਨ। ਐਡਵੋਕੇਟ ਰਘਬੀਰ ਸਿੰਘ ਬੈਣੀਵਾਲ ਨੇ ਦੱਸਿਆ ਕਿ ਕੰਗਨਾ ਰਣੌਤ ਦੇ ਵਕੀਲ ਵੱਲੋਂ ਜੋ ਐਫੀਡੈਵਿਟ ਉਸ ਦੇ ਵਿਦੇਸ਼ ਜਾਣ ਦੇ ਸੰਬੰਧ ਵਿੱਚ ਦਿੱਤਾ ਸੀ, ਉਹ ਠੀਕ ਨਹੀਂ ਲੱਗਿਆ, ਪਰ ਹੁਣ ਉਨ੍ਹਾਂ ਨੂੰ ਅਗਲੀ ਵਾਰ ਦੁਬਾਰਾ, ਜਿਹੜਾ ਐਫੀਡੈਵਿਟ ਦੇਣ ਦੀ ਹਦਾਇਤ ਦਿੱਤੀ ਹੈ ਕਿ ਸਾਡੇ ਵੱਲੋਂ ਕੰਗਨਾ ਰਣੌਤ ਨੂੰ ਵਿਦੇਸ਼ਾਂ ਵਿੱਚ ਜਾਣ ਤੋਂ ਰੋਕਣ ਬਾਰੇ ਅਤੇ ਉਸ ਦਾ ਪਾਸਪੋਰਟ ਕੋਰਟ ਵਿੱਚ ਜਮਾ ਕਰਾਉਣ ਬਾਰੇ ਕਿਹਾ ਗਿਆ ਸੀ।

ਆਵਾਜ਼ਿ ਕੌਮ
AWAZE QAUM
International Newspaper & WEB TV

## ਵਿਦੇਸ਼ਾਂ ਵਿਚ ਸਿੱਖਾਂ ਵਲੋਂ 26 ਜਨਵਰੀ ਮੌਕੇ

# ਹਿੰਦੁਸਤਾਨੀ ਅੰਬੈਸੀਆਂ ਦੇ ਬਾਹਰ ਭਾਰੀ ਵਿਰੋਧ ਪ੍ਰਦਰਸ਼ਨ

**ਹਿੰਦੁਸਤਾਨ ਦੀ ਮੌਜੂਦਾ ਸਰਕਾਰ 'ਤੇ ਸਿੱਖ ਆਵਾਜ਼ਾਂ ਨੂੰ ਦਬਾਉਣ ਦਾ ਦੋਸ਼ ਅਤੇ ਅੰਤਰਰਾਸ਼ਟਰੀ ਦਖਲ ਦੀ ਕੀਤੀ ਗਈ ਮੰਗ**






















ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਲੰਡਨ, ਇਟਲੀ, ਕੈਨੇਡਾ ਦੇ ਸਰੀ, ਓਟਾਵਾ, ਅਮਰੀਕਾ, ਨਿਊਜੀਲੈਂਡ, ਆਸਟ੍ਰੇਲੀਆ, ਜਰਮਨੀ ਸਮੇਤ ਹੋਰ ਕਈ ਦੇਸ਼ਾਂ ਵਿਚ ਆਜ਼ਾਦੀਪਸੰਦ ਸਿੱਖ/ ਪੰਜਾਬੀ ਖਾਲਿਸਤਾਨ ਪੱਖੀ ਨਾਅਰੇ ਲਗਾਉਂਦੇ ਹੋਏ, ਹਿੰਦੁਸਤਾਨ ਦੇ ਸ਼ਰਾਫ਼ਤ ਘਰ ਦੇ ਬਾਹਰ ਵਡੀ ਗਿਣਤੀ ਵਿਚ ਇਕੱਠੇ ਹੋਏ ਅਤੇ ਹਿੰਦੁਸਤਾਨੀ ਹਾਈ ਕਮਿਸ਼ਨ ਦੇ ਬਾਹਰ 26 ਜਨਵਰੀ ਨੂੰ 'ਕਾਲਾ ਦਿਵਸ' ਮਨਾਉਂਦੇ ਹੋਏ ਇਸ ਦਾ ਵੱਡੇ ਪੱਧਰ ਤੇ ਵਿਰੋਧ ਪ੍ਰਦਰਸ਼ਨ ਕੀਤਾ। ਖਾਲਿਸਤਾਨੀ ਪ੍ਰਦਰਸ਼ਨਕਾਰੀ ਹਿੰਦੁਸਤਾਨੀ ਸਰਕਾਰ ਵਿਰੁੱਧ ਵਿਰੋਧ ਪ੍ਰਦਰਸ਼ਨ ਕਰਨ ਲਈ ਇਕੱਠੇ ਹੋਏ, ਨਾਅਰੇਬਾਜ਼ੀ ਕਰਦੇ ਹੋਏ ਅਤੇ ਵੱਖਰੇ ਸਿੱਖ ਰਾਜ ਦੀ ਸਥਾਪਨਾ ਦੀ ਮੰਗ ਕਰਦੇ ਬੈਨਰ ਫੜ ਕੇ ਨਜਰੀ ਪੈ ਰਹੇ ਸਨ । ਭਾਈ ਪਰਮਜੀਤ ਸਿੰਘ ਪੰਮਾ ਨੇ ਹਿੰਦੁਸਤਾਨ ਦੀਆਂ ਨੀਤੀਆਂ ਦੀ ਆਲੋਚਨਾ ਕੀਤੀ, ਖਾਸ ਕਰਕੇ ਪੰਜਾਬ ਵਿੱਚ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਅਤੇ ਘੱਟ ਗਿਣਤੀ ਸਮੂਹਾਂ ਨਾਲ ਵਿਵਹਾਰ ਦੇ ਦੋਸ਼ਾਂ ਦੀ। ਖਾਲਿਸਤਾਨੀ ਪ੍ਰਦਰਸ਼ਨਕਾਰੀਆਂ ਨੇ ਹਿੰਦੁਸਤਾਨ ਦੀ ਮੌਜੂਦਾ ਸਰਕਾਰ 'ਤੇ ਸਿੱਖ ਆਵਾਜ਼ਾਂ ਨੂੰ ਦਬਾਉਣ ਦਾ ਦੋਸ਼ ਲਗਾਇਆ ਅਤੇ ਅੰਤਰਰਾਸ਼ਟਰੀ ਦਖਲ ਦੀ ਮੰਗ ਕੀਤੀ। ਰੈਲੀ ਵਿੱਚ ਬੋਲਣ ਵਾਲਿਆਂ ਵਿੱਚ ਪ੍ਰਮੁੱਖ ਖਾਲਿਸਤਾਨ ਸਮਰਥਕ ਪਰਮਜੀਤ ਸਿੰਘ ਪੰਮਾ ਵੀ ਸ਼ਾਮਲ ਸਨ। ਭਾਈ ਪੰਮਾ, ਜੋ ਕਿ ਐਸਐਫਜੇ ਦੇ ਮੈਂਬਰ ਹਨ । ਉਨ੍ਹਾਂ ਨੇ ਕਿਹਾ ਕਿ ਸਿੱਖ ਪੰਥ ਅਜੇ ਵੀ 1984 ਦੇ ਸਿੱਖ ਕਤਲੇਆਮ ਦੀਆਂ ਘਟਨਾਵਾਂ ਤੋਂ ਗੁੱਸੇ ਵਿੱਚ ਹਨ ਦੋਸ਼ੀਆਂ ਨੂੰ ਬਰੀ ਕੀਤਾ ਜਾ ਰਿਹਾ ਹੈ ਅਤੇ ਇਸਦਾ ਇੱਕੋ ਇੱਕ ਤਰੀਕਾ "ਇੱਕ ਸੁਤੰਤਰ ਸਿੱਖ ਰਾਜ" ਦੀ ਸਿਰਜਣਾ ਹੈ। ਕੈਨੇਡਾ ਵਿਚ ਹੋਏ ਪ੍ਰਦਰਸ਼ਨ ਵਿਚ ਭਾਈ ਗੁਰਮੀਤ ਸਿੰਘ ਤੂਰ, ਭਾਈ ਨਰਿੰਦਰ ਸਿੰਘ ਰੰਧਾਵਾ ਨੇ ਕਿਹਾ ਹਿੰਦੁਸਤਾਨੀ ਸਰਕਾਰ ਲੋਕਤੰਤਰ ਦੇ ਨਾਮ ਹੇਠ ਤਾਨਾਸ਼ਾਹੀ ਸਥਾਪਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਸਿੱਖ ਕਿੱਥੇ ਵੀ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੇ ਹਨ ਅਤੇ ਅਸੀਂ ਆਪਣੇ ਹੱਕ ਚਾਹੁੰਦੇ ਹਾਂ। ਉਨ੍ਹਾਂ ਕਿਹਾ ਹਿੰਦੁਸਤਾਨੀ ਸੰਵਿਧਾਨ ਨੂੰ ਅਪਣਾਉਣ ਨਾਲ, ਸਿੱਖਾਂ ਨੇ ਆਪਣੀ ਵੱਖਰੀ ਪਛਾਣ ਗੁਆ ਦਿੱਤੀ ਅਤੇ ਉਦੋਂ ਤੋਂ ਹੀ ਸੰਵਿਧਾਨਕ ਗਲਤੀਆਂ ਨੂੰ "ਦਰੁਸਤ" ਕਰਵਾਉਣ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਦੋਸ਼ ਲਗਾਇਆ ਕਿ ਸਿੱਖਾਂ ਦੀ ਵੱਖਰੀ ਪਛਾਣ ਨੂੰ ਧਾਰਾ 25(ਬੀ)(2) ਅਧੀਨ ਸ਼ਾਮਲ ਕੀਤਾ ਜਾ ਰਿਹਾ ਹੈ ਅਤੇ ਸਿੱਖਾਂ 'ਤੇ ਹਿੰਦੂ ਨਿੱਜੀ ਕਾਨੂੰਨ ਥੋਪੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ "ਸੰਵਿਧਾਨ ਨੂੰ ਉਲਟਾ ਕੇ ਪੰਜਾਬ ਦੇ ਦਰਿਆਈ ਪਾਣੀਆਂ ਦੀ ਲੁੱਟ", ਸੁਰੱਖਿਆ ਬਲਾਂ ਅਤੇ ਪੁਲਿਸ ਦੀਆਂ ਗੋਲੀਆਂ ਦਾ ਸ਼ਿਕਾਰ ਹੋਏ ਸਿੱਖਾਂ ਨੂੰ ਇਨਸਾਫ਼ ਤੋਂ ਇਨਕਾਰ ਕਰਨ ਅਤੇ ਸਿੱਖ ਨਜ਼ਰਬੰਦਾਂ ਲਈ ਅਸਮਾਨ ਕਾਨੂੰਨਾਂ ਅਤੇ ਨਿਯਮਾਂ ਦਾ ਵਿਰੋਧ ਕਰਨਾ ਵੀ ਹੈ। ਰੋਸ ਮੁਜਾਹਰੇ ਵਿੱਚ ਆਜ਼ਾਦ ਸਿੱਖ ਰਾਜ ਖਾਲਿਸਤਾਨ ਦੇ ਨਿਸ਼ਾਨੇ ਨੂੰ ਸਮਰਪਿਤ ਅਤੇ ਯਤਨਸ਼ੀਲ ਸਿੱਖ ਜਥੇਬੰਦੀਆਂ ਦੇ ਸੰਗਠਨ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਦੇ ਕੋਆਰਡੀਨੇਟਰ ਭਾਈ ਲਵਸ਼ਿੰਦਰ ਸਿੰਘ ਡੱਲੇਵਾਲ ਅਤੇ ਭਾਈ ਜੋਗਾ ਸਿੰਘ, ਸਿੱਖ ਫੈਡਰੇਸ਼ਨ ਯੂ,ਕੇ ਦੇ ਆਗੂ ਭਾਈ ਨਰਿੰਦਰਜੀਤ ਸਿੰਘ ਥਾਂਦੀ, ਯੂਨਾਈਟਿਡ ਖਾਲਸਾ ਦਲ ਯੂ,ਕੇ ਦੇ ਭਾਈ ਨਿਰਮਲ ਸਿੰਘ ਸੰਧੂ, ਕੌਂਸਲ ਆਫ ਖਾਲਿਸਤਾਨ ਦੇ ਮੁਖੀ ਭਾਈ ਅਮਰੀਕ ਸਿੰਘ ਸਹੋਤਾ, ਸਿੱਖਸ ਫਾਰ ਜਸਟਿਸ ਦੇ ਆਗੂ ਭਾਈ ਦੁਪਿੰਦਰਜੀਤ ਸਿੰਘ, ਭਾਈ ਪਰਮਜੀਤ ਸਿੰਘ ਪੰਮਾ, ਭਾਈ ਰਣਜੀਤ ਸਿੰਘ ਸਰਾਏ, ਭਾਈ ਗੁਰਚਰਨ ਸਿੰਘ ਦਲ ਖਾਲਸਾ, ਭਾਈ ਬਲਵਿੰਦਰ ਸਿੰਘ ਢਿਲੋਂ, ਜਥੇਦਾਰ ਬਲਬੀਰ ਸਿੰਘ, ਗੁਰੂ ਨਾਨਕ ਸਿੰਘ ਗੁਰਦੁਆਰਾ ਤੋ ਭਾਈ ਗੁਰਮੀਤ ਸਿੰਘ ਤੂਰ, ਗੁਰਮੀਤ ਸਿੰਘ ਗਿੱਲ, ਭਾਈ ਨਰਿੰਦਰ ਸਿੰਘ ਰੰਧਾਵਾ, ਭਾਈ ਅਵਤਾਰ ਸਿੰਘ ਖਹਿਰਾ, ਭਾਈ ਮੰਜਿੰਦਰ ਸਿੰਘ ਖਾਲਸਾ, ਭਾਈ ਅਜੇਪਾਲ ਸਿੰਘ ਸਿੱਧੂ, ਭਾਈ ਅਜੇਪਾਲ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਦਲਜੀਤ ਸਿੰਘ, ਭਾਈ ਰਜਿੰਦਰ ਸਿੰਘ ਨੱਤ, ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ ਦੇ ਪ੍ਰਬੰਧਕ, ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਐਬਸਫੋਰਡ ਤੋਂ ਕਰਨੈਲ ਸਿੰਘ ਟੁਟ, ਭਾਈ ਜਰਨੈਲ ਸਿੰਘ, ਭਾਈ ਰਣਜੀਤ ਸਿੰਘ, ਜਲਾਵਤਨੀ ਬਾਬਾ ਸੰਤੋਖ ਸਿੰਘ ਸਮੇਤ ਵਡੀ ਗਿਣਤੀ ਅੰਦਰ ਸਿੱਖ ਆਗੂ ਅਤੇ ਸੰਗਤਾਂ ਪਹੁੰਚੀਆਂ ਹੋਈਆ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net






ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ

## ਇਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ

ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

ਮਹਿਤਾ ਚੌਂਕ, ਅੰਮ੍ਰਿਤਸਰ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008
Contact :
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'


350 ਸਾਲਾ ਸ਼ਹੀਦੀ ਦਿਵਸ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦੁਰ ਜੀ ਮਹਾਰਾਜ,
ਭਾਈ ਮਤੀਦਾਸ ਭਾਈ ਸਤੀ ਦਾਸ ਭਾਈ ਦਿਆਲਾ ਜੀ ਨੂੰ ਸਮਰਪਿਤ
ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)
ਵੱਲੋਂ
21 ਸਭਾਗੇ ਜੋੜਿਆਂ ਦੇ ਅਨੰਦ ਕਾਰਜ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 22 ਫਰਵਰੀ 2026
ਸਵੇਰੇ 10 ਤੋਂ ਦੁਪਹਿਰ 3 ਵਜੇ ਤੱਕ
ਸਥਾਨ -
ਗੁਰਦੁਆਰਾ ਸ੍ਰੀ ਗੁਰੂ ਗ੍ਰੰਥਸਰ
ਦਾਦੂ ਸਾਹਿਬ
ਨੇੜੇ ਕਾਲਾਂਵਾਲੀ ਮੰਡੀ,
ਜ਼ਿਲ੍ਹਾ ਸਿਰਸਾ (ਹਰਿਆਣਾ)
LIVE ON
Akaal
CHARDIKLA TIME TV
ਆਵਾਜ਼ਿ ਕੌਮ AWAZE QAUM TV
YouTube
ਲੋੜਵੰਦ ਪ੍ਰੀਵਾਰ ਆਪਣੀਆਂ ਬੱਚੀਆਂ ਦੇ ਨਾਮ 15 ਜਨਵਰੀ ਤੋਂ
ਪਹਿਲਾਂ ਪਹਿਲਾਂ ਦਰਜ ਕਰਵਾਉਣ ਦੀ ਕਿਰਪਾਲਤਾ ਕਰੋ ਜੀ
ਬੇਨਤੀ ਕਰਤਾ - ਸੁੱਖ ਸੇਵਾ ਸਿਮਰਨ ਟਰਸੱਟ (ਰਜ਼ਿ) ਜੱਥਾ ਦਾਦੂ ਸਾਹਿਬ
ਸਮੂੰਹ ਨਗਰ ਅਤੇ ਇਲਾਕਾ ਨਿਵਾਸੀ ਸਾਧ ਸੰਗਤ
ਨੋਟ: ਗੁਰੂ ਕਾ ਲੰਗਰ ਅਤੁੱਟ ਵਰਤੇਗਾ
ਸੰਪਰਕ ਨੰ: 93560-60960, 97791-72813
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜ਼ਿ:)


!! ਪੂਜਾ ਅਕਾਲ ਕੀ !!
!! ਪਰਚਾ ਸ਼ਬਦ ਕਾ !!
!! ਦੀਦਾਰ ਖਾਲਸੇ ਕਾ !!
ਸਮੂੰਹ ਇਲਾਕਾ ਨਿਵਾਸੀਆਂ ਨੂੰ ਇਹ ਜਾਣ ਕੇ ਬੜੀ ਖੁਸ਼ੀ ਹੋਵੇਗੀ ਕਿ ਹਰ ਸਾਲ ਦੀ ਤਰ੍ਹਾਂ
ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਅਤੇ
ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਅਤੇ ਸੰਤ ਬਾਬਾ ਹਰੀ ਸਿੰਘ ਜੀ
ਦੇਸੂਯੋਧਾ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ
20ਵਾਂ ਸਾਲਾਨਾ ਧਾਰਮਿਕ ਸਮਾਗਮ
ਮਿਤੀ 29-30-31
ਜਨਵਰੀ 2026
ਦਿਨ ਵੀਰਵਾਰ, ਸ਼ੁੱਕਰਵਾਰ
ਅਤੇ ਸ਼ਨੀਵਾਰ
ਸਮਾਂ :
ਸਵੇਰੇ 11 ਵਜੇ
ਤੋਂ 2 ਵਜੇ ਤੱਕ
ਸਥਾਨ :
ਪਿੰਡ ਜੋਗੇਵਾਲਾ
ਕੋਠੇ ਹਰਿ ਰਾਏ ਸਾਹਿਬ ਜੀ
ਨੇੜੇ ਡੱਬਵਾਲੀ ਮੰਡੀ ਸਿਰਸਾ ਵਿਖੇ
ਮਿਤੀ 31 ਜਨਵਰੀ, 3 ਵਜੇ
ਅੰਮ੍ਰਿਤ ਸੰਚਾਰ ਵੀ ਹੋਵੇਗਾ
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ,
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਬਾਬਾ ਜਸਵਿੰਦਰ ਸਿੰਘ ਤਿਉਣਾ ਵਾਲੇ
ਗੁਰਬਾਣੀ ਕਥਾ ਕੀਰਤਨ ਦੁਆਰਾ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।
ਸਰਬੱਤ ਸੰਗਤਾਂ ਸਮੇਂ ਸਿਰ ਹਾਜ਼ਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ -
ਸਮੂੰਹ ਸਾਧ ਸੰਗਤ, ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਸਿਰਸਾ
86840-10671, 94167-69745, 95887-20116
94679-08015, 87088-48139


ਰੋਜ਼ਾਨਾ ਸਵਾ ਲੱਖ ਮੂਲ ਮੰਤਰ ਜਾਪ
ਨਾਮ ਰਸੀਏ ਅਸੀਸਾਂ ਬਖ਼ਸ਼ਣ ਨਾਮ ਅਭਿਆਸੀ ਹਾਜ਼ਰੀਆਂ ਭਰਨ
ਰੋਜ਼ਾਨਾ 125 ਪਾਠ ਸੁਖਮਨੀ ਸਾਹਿਬ
ਗੁਰ ਭਗਤੀ ਸ਼ਬਦ ਜਾਪ
ਧੰਨ ਬਾਬਾ ਨੰਦ ਸਿੰਘ ਜੀ ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ ਵਾਲਿਆਂ ਦੀ ਯਾਦ ਵਿੱਚ ਅਭਿਆਸੀ ਗੁਰਸਿੱਖਾਂ ਨੂੰ ਸਮਰਪਿਤ
1 ਜਨਵਰੀ ਤੋਂ 5 ਫਰਵਰੀ ਪੋਹ ਮਾਘ 2026
ਨਾਨਕਸਰ ਕੁਟੀਆ ਪਟਿਆਲਾ ਵਿਖੇ
36 ਦਿਨ ਸ਼ਾਮ 7:00 ਤੋਂ 9:00 ਕੀਰਤਨ-ਕਥਾ
36 ਦਿਨ, 36 ਬਾਣੀਆਂ, 36 ਵਿਦਵਾਨ
31 ਜਨਵਰੀ 2026
ਵਿਸ਼ਾ: ਸਵਯੇ ਸ੍ਰੀ ਮੁਖਬਾਕ੍ ਮਹਲਾ ੫
ਰਾਗੀ ਸੰਤੋਖ ਸਿੰਘ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ
ਆਵਾਜ਼ਿ ਕੌਮ
AWAZE QAUM
International Newspaper & WEB TV
ਅਰਜ਼ੋਈ ਕਰਤਾ:
ਬਾਬਾ ਹਰਚਰਨ ਸਿੰਘ,
ਨਾਨਕਸਰ ਕੁਟੀਆ ਬਿਹੰਗਮ,ਸਤਿਸੰਗੀ,
ਤ੍ਰਿਪੜੀ,ਪਟਿਆਲਾ,ਪੰਜਾਬ
9815133113

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

**ਧੰਨ ਧੰਨ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ**

# 28ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

## ਪ੍ਰੋਗਰਾਮ

ਮਿਤੀ : 11 ਫਰਵਰੀ 2026, ਦਿਨ ਬੁੱਧਵਾਰ ।

ਸਹਾਇਤਾ ਵੰਡ ਸਮਾਗਮ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਗਰਾਊਂਡ ਮਿਡਲ ਸਕੂਲ, ਪਿੰਡ ਐਮਾਂ ਜੱਟਾਂ, ਜ਼ਿਲਾ ਹੁਸ਼ਿਆਰਪੁਰ ਵਿਖੇ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ, ਯੋਗੀ ਦੇਵੀ ਨਾਥ ਐਮਾਂ ਜੱਟਾਂ ।

ਮੁੱਖ ਮਹਿਮਾਨ : ਸ: ਜਗਤਾਰ ਸਿੰਘ ਸਟੇਟ ਟੈਕਸ ਅਫ਼ਸਰ ਹੁਸ਼ਿਆਰਪੁਰ ।

ਵਿਸ਼ੇਸ਼ ਮਹਿਮਾਨ:
ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਯੂਨੀਕ ਹੋਮ, ਭਾਈ ਘੱਨਈਆ ਜੀ ਚੈਰੀਟੇਬਲ ਟਰੱਸਟ ਜਲੰਧਰ ।
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ
ਸ੍ਰੀ ਯੋਗ ਰਾਜ ਮੈਰਾ, ਡਾਇਰੈਕਟਰ ਫਾਈਨਾਂਸੀਅਲ ਐਡਵਾਈਜ਼ਰ ਡਿਪਾਰਟਮੈਂਟ ਆਫ ਪੋਸਟ ਮਨੀਸੀਟਰੀ ਆਫ ਕੁਮਿਨੀਕੇਸ਼ਨ ਭਾਰਤ ਸਰਕਾਰ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ ਮੈਂਬਰ SGPC ਅੰਮ੍ਰਿਤਸਰ, ਸ: ਦਲਜੀਤ ਸਿੰਘ ਖੱਖ, ਡੀ.ਐਸ.ਪੀ, ਗੜ੍ਹਸ਼ੰਕਰ।
ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਅਤੇ ਬੀ.ਡੀ.ਸੀ. ਨਵਾਂਸ਼ਹਿਰ ।
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਹਰਸੇਵਾ ਮੈਡੀਕਲ ਟਰੱਸਟ, ਯੂ.ਕੇ. ਮੋਰਾਂਵਾਲੀ ।, ਗ੍ਰੀਨ ਵਿਲੇਜ਼ ਸੁਸਾਇਟੀ, ਬੀਣੇਵਾਲ ।
ਉਪਕਾਰ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ, ਗੜ੍ਹਸ਼ੰਕਰ ।
ਮਾਤਾ ਅਮਰ ਕੌਰ, ਚਰਨ ਕੌਰ ਵੈਲਫੇਅਰ ਸੁਸਾਇਟੀ, ਭੂੰਗਰਨੀ, ਹੁਸ਼ਿਆਰਪੁਰ।
ਲੈਕ: ਰਜਿੰਦਰ ਕੁਮਾਰ ਸ਼ਰਮਾ, ਬੰਗਾ।, ਸਮਾਜ ਭਲਾਈ ਸਵੈ-ਸੇਵੀ ਸੰਸਥਾ, ਪਿੰਡ ਸੁੱਜੋਂ ।
ਗੁਰੂ ਨਾਨਕ ਮਿਸ਼ਨ ਇੰਟਰਨੈਸ਼ਨਲ ਚੈਰੀਟੇਬਲ ਹਸਪਤਾਲ ਕੁਲਪੁਰ, ਨਵਾਂਗਰਾ ।
ਸ: ਜਤਿੰਦਰ ਸਿੰਘ ਲਾਡੀ ਸਭ ਦਾ ਭਲਾ ਚੈਰੀਟੇਬਲ ਹਸਪਤਾਲ, ਸ਼ਿਕਾਰ ਮਾਛੀਆਂ (ਗੁਰਦਾਸਪੁਰ)
ਰਵਿੰਦਰ ਕੌਰ ਕਨੇਡਾ ਐਮਾਂ ਜੱਟਾਂ, ਸੁਰਿੰਦਰ ਸਿੰਘ ਯੂ.ਕੇ. ਐਮਾਂ ਜੱਟਾਂ,
ਡਾ: ਪਰਮਿੰਦਰ ਸਿੰਘ ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਖਾਸਲਾ ਕਾਲਜ, ਮਾਹਿਲਪੁਰ ।
ਡਾ: ਤਰਸੇਮ ਸਿੰਘ ਭਿੰਡਰ ਪ੍ਰਿੰਸੀਪਲ ਸਿੱਖ ਨੈਸ਼ਨਲ ਕਾਲਜ, ਬੰਗਾ ।

ਇਸ ਮੌਕੇ ਤੇ ਧਾਰਮਿਕ ਪੁਸਤਕਾਂ ਦਾ ਲੰਗਰ ਲਗਾਇਆ ਜਾਵੇਗਾ ।

ਲਾਈਵ ਚੈਨਲ ਮਿਸਟਰ ਸਿੰਘ ਪ੍ਰੋਡੈਕਸ਼ਨ ਟੀ.ਵੀ. ਚੈਨਲ ਤੇ ਲਾਈਵ ਹੋਵੇਗਾ ।

ਸਨਮਾਨਿਤ ਸਖਸ਼ੀਅਤਾਂ ਅਤੇ ਸੰਸਥਾਵਾਂ
ਮੇਜ਼ਰ ਮਨਦੀਪ ਸਿੰਘ ਵੈਲਫੇਅਰ ਸੁਸਾਇਟੀ ਨਵਾਂਸ਼ਹਿਰ ।
ਸ: ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ, ਢਾਹਾਂ ਕਲੇਰਾਂ ।
ਡਾ: ਕਸ਼ਮੀਰ ਚੰਦ ਐਮ.ਐਸ. ਪੀ.ਸੀ.ਐਮ.ਐਸ.-1, ਸਰਜੀਕਲ ਸਪੈਸ਼ਲਿਸਟ, ਐਮ.ਜੇ. ਲਾਈਫ ਹਸਪਤਾਲ, ਬੰਗਾ
ਡਾ: ਨਿਰਮਲ ਕੁਮਾਰ, ਐਸ.ਐਮ.ਓ. ਸੀ.ਐਚ.ਸੀ. ਬੀਣੇਵਾਲ, ਰਿਟਾਇਰ ਪ੍ਰਿੰਸੀਪਲ ਜਗਮੋਹਨ ਸਿੰਘ ਡਾਂਡੀਆਂ ।
ਰਿਟਾਇਰ ਵਾਈਸ ਚਾਂਸਲਰ ਧਰਮਜੀਤ ਸਿੰਘ ਪਰਮਾਰ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।
ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

**ਸਿੱਖ ਵਿਦਵਾਨ ਗਿਆਨੀ ਬਲਕਾਰ ਸਿੰਘ ਜੀ ਦਮਦਮੀ ਟਕਸਾਲ ਵਾਲੇ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਜੀਵਨੀ ਤੇ ਚਾਨਣਾ ਪਾਉਣਗੇ।**

ਅਜ਼ਾਦ ਰੰਗਮੰਚ ਰਜਿ: ਕਲਾ ਭਵਨ ਫਗਵਾੜਾ ਵਲੋਂ ਬੀਬੀ ਕੁਲਵੰਤ ਦੇ ਨਿਰਦੇਸ਼ਨਾ ਤਹਿਤ "ਗੁਰੂ ਤੇਗ ਬਹਾਦਰ ਬੋਲਿਆ" ਨਾਟਕ ਪੇਸ਼ ਕੀਤਾ ਜਾਵੇਗਾ ।

ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।

ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਿੰਡ ਐਮਾਂ ਜੱਟਾਂ (ਹੁਸ਼ਿਆਰਪੁਰ)
ਮੋਬਾ: 98153-48143, 98140-23547

ਛਾਪਕ : ਸੱਲ੍ਹਣ ਪ੍ਰਿੰਟਿੰਗ ਪ੍ਰੈਸ, ਬੰਗਾ # 94646-34793, 98159-01698

# ਪਠਲਾਵਾ ਸੰਸਥਾ ਵਲੋਂ ਮਨਾਇਆ ਗਿਆ ਗਣਤੰਤਰਤਾ ਦਿਵਸ










ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਵਲੋਂ ਦੇਸ਼ ਦਾ 77 ਵਾਂ ਗਣਤੰਤਰਤਾ ਦਿਵਸ ਮਨਾਉਣ ਸਬੰਧੀ ਇਕ ਸਮਾਗਮ ਕਰਵਾਇਆ ਗਿਆ ਜਿਸਦੀ ਪ੍ਰਧਾਨਗੀ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ,ਸ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ,ਗਿਆਨੀ ਅਵਤਾਰ ਸਿੰਘ ਸਾਬਕਾ ਸਰਪੰਚ, ਸ ਕੁਲਦੀਪ ਸਿੰਘ ਪੀਜ਼ਾ ਹੌਟ ਅਤੇ ਸ ਦਿਲਾਵਰ ਸਿੰਘ ਬੈਂਸ, ਮੌਜੂਦਾ ਸਰਪੰਚ ਪਠਲਾਵਾ ਵਲੋਂ ਸਾਂਝੇ ਤੌਰ ਤੇ ਕੀਤੀ ਗਈ।ਸਭ ਤੋਂ ਪਹਿਲਾਂ ਸੰਸਥਾ ਦੇ ਦਫ਼ਤਰ ਮੂਹਰੇ ਖੁੱਲੇ ਪੰਡਾਲ ਵਿਚ ਰਾਸ਼ਟਰੀ ਝੰਡਾ ਲਹਿਰਾਉਣ ਦੀ ਰਸਮ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ ਵਲੋਂ ਆਪਣੇ ਕਰ ਕਮਲਾਂ ਨਾਲ ਅਦਾ ਕੀਤੀ ਗਈ। ਉਪਰੰਤ ਵੱਖ ਵੱਖ ਬੁਲਾਰਿਆਂ ਜਿਨਾਂ ਵਿਚ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ,ਲੈਕਚਰਾਰ ਤਰਸੇਮ ਪਠਲਾਵਾ, ਗਿਆਨੀਂ ਅਵਤਾਰ ਸਿੰਘ,ਸ ਕੁਲਦੀਪ ਸਿੰਘ, ਮਾਸਟਰ ਰਮੇਸ਼ ਕੁਮਾਰ ਪਠਲਾਵਾ, ਸ ਪ੍ਰਮਜੀਤ ਸਿੰਘ ਸੂਰਾਪੁਰ ਅਤੇ ਸ ਦਿਲਾਵਰ ਸਿੰਘ ਬੈਂਸ ਨੇ ਬੋਲਦਿਆਂ ਆਪਣੇ ਸ਼ਹੀਦਾਂ ਨੂੰ ਯਾਦ ਕਰਦਿਆਂ ਆਖਿਆ ਉਹਨਾਂ ਦੀ ਹੀ ਬਦੌਲਤ ਹਜ਼ਾਰਾਂ ਸਾਲਾਂ ਦੀ ਗੁਲਾਮੀ ਤੋਂ ਬਾਅਦ ਦੇਸ਼ ਨੂੰ ਆਪਣਾ ਕਾਨੂੰਨ,ਆਪਣਾ ਸੰਵਿਧਾਨ ਨਸ਼ੀਬ ਹੋਇਆ। ਉਹਨਾਂ ਆਖਿਆ ਭਾਵੇਂ ਦੇਸ਼ ਦਾ ਕਾਨੂੰਨ ਸਮਾਨਤਾ ਦੀ ਗੱਲ ਕਰਦਾ ਹੈ ਪਰ ਫਿਰ ਵੀ ਮੁਲਕ ਅੰਦਰ ਘੱਟ ਗਿਣਤੀ ਸਮਾਜ ਤੇ ਹੋ ਰਿਹਾ ਜ਼ੁਲਮ ਅਤੇ ਅੱਤਿਆਚਾਰ ਚਿੰਤਾ ਦਾ ਵਿਸ਼ਾ ਹੈ। ਪੜ੍ਹੇ ਲਿਖੇ ਨੌਜਵਾਨ ਸਮਾਜ ਦਾ ਇਸ ਦੇਸ਼ ਤੋਂ ਰੁਜ਼ਗਾਰ ਦੀ ਭਾਲ ਵਿਚ ਵਿਦੇਸ਼ਾਂ ਨੂੰ ਜਾਣ ਦੀ ਦੌੜ ਲੱਗਣਾ ਹੋਰ ਵੀ ਗੰਭੀਰ ਚਿੰਤਾਂ ਦੀ ਗੱਲ ਹੈ। ਬੁਲਾਰਿਆਂ ਨੇ ਆਖਿਆ ਕਿ ਦੇਸ਼ ਵਿਚ ਆਰਥਿਕ ਪ੍ਰਬੰਧਨ ਦੀ ਹੋ ਰਹੀ ਅਜਾਰੇਦਾਰੀ ਜਿਥੇ ਮੁਲਕ ਲਈ ਖਤਰਨਾਕ ਹੈ ਉਥੇ ਗਰੀਬ ਸਮਾਜ ਵੀ ਇਸ ਨਾਲ ਪਿਸਦਾ ਨਜ਼ਰ ਆ ਰਿਹਾ ਹੈ। ਇਸ ਅਵਸਰ ਤੇ ਹੋਰਨਾਂ ਤੋਂ ਇਲਾਵਾ,ਸੰਸਥਾ ਦੇ ਉਪ ਚੇਅਰਮੈਨ ਕੈਪਟਨ ਜੋਗਾ ਸਿੰਘ,ਸ ਆਤਮਾਂ ਸਿੰਘ ਸੂਰਾਪੁਰ, ਕੈਪਟਨ ਹਰਵੇਲ ਸਿੰਘ, ਸਤੀਸ਼ ਕੁਮਾਰ ਐਮਾਂ ਜਟਾਂ,ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਪ੍ਰੋ ਚਰਨਜੀਤ ਸਿੰਘ ਪੋਸੀ, ਡਾ ਕੁਲਦੀਪ ਰਾਜ ਬੰਗਾ ਪ੍ਰੈਸ ਸਕੱਤਰ ਜੀ ਚੰਨੀ ਪਠਲਾਵਾ ਬਹਾਦਰ ਸਿੰਘ ਲਾਡੀ, ਸੁਖਵਿੰਦਰ ਸਿੰਘ ਸੁੱਖ, ਮਾ ਅਸ਼ੋਕ ਕੁਮਾਰ, ਗੁਰਦੇਵ ਰਾਮ,ਚਰਨ ਦਾਸ,ਪਾਰਕ ਰਾਮ ਜਰਨੈਲ ਚੰਦ , ਬਲਜੀਤ ਸਿੰਘ ਪਠਲਾਵਾ, ਰਜਿੰਦਰ ਸਿੰਘ ਜਿੰਦਾ, ਪ੍ਰਭਜੋਤ ਸਿੰਘ ਪਠਲਾਵਾ,ਸੰਸਥਾ ਦੇ ਇਸਤਰੀ ਵਿੰਗ ਦੇ ਚੇਅਰਪਰਸਨ ਸ੍ਰੀਮਤੀ ਕੁਲਵਿੰਦਰ ਕੌਰ ਵਾਰੀਆ, ਮੈਡਮ ਬਲਵਿੰਦਰ ਕੌਰ ਪਠਲਾਵਾ, ਮੈਡਮ ਸਾਰਿਕਾ ਸੋਨੀ ਸੁਜੋਂ, ਮੈਡਮ ਤਾਰਿਕਾ ਸੋਨੀ ਸੁਜੋਂ,ਮੈਡਮ ਪਰਮਜੀਤ ਕੌਰ ਹਾਜ਼ਰ ਸਨ।

**ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

## ਦਸ਼ਮੇਸ਼ ਸਕੂਲ ਤਲਵੰਡੀ ਸਾਬੋ ਵਿਖੇ

# ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ 77ਵਾਂ ਗਣਤੰਤਰ ਦਿਵਸ



ਤਲਵੰਡੀ ਸਾਬੋ, 27 ਜਨਵਰੀ (ਗੁਰਜੰਟ ਸਿੰਘ ਨਥੇਹਾ)- ਦਸ਼ਮੇਸ਼ ਸਕੂਲ ਤਲਵੰਡੀ ਸਾਬੋ ਵਿਖੇ 77ਵਾਂ ਗਣਤੰਤਰ ਦਿਵਸ ਬੜੇ ਹੀ ਜੋਸ਼, ਉਤਸ਼ਾਹ ਅਤੇ ਦੇਸ਼ ਭਗਤੀ ਦੇ ਮਾਹੌਲ ਵਿੱਚ ਮਨਾਇਆ ਗਿਆ। ਇਸ ਸਮਾਗਮ ਦੌਰਾਨ ਝੰਡਾ ਲਹਿਰਾਉਣ ਦੀ ਰਸਮ ਐੱਸ.ਡੀ.ਐਮ ਤਲਵੰਡੀ ਸਾਬੋ ਸ਼੍ਰੀ ਪੰਕਜ ਬਾਂਸਲ ਆਈ.ਪੀ.ਐੱਸ ਵੱਲੋਂ ਅਦਾ ਕੀਤੀ ਗਈ।ਰਾਸ਼ਟਰੀ ਝੰਡਾ ਲਹਿਰਾਉਣ ਤੋਂ ਬਾਅਦ ਰਾਸ਼ਟਰੀ ਅਗਾਨ ਗਾਇਆ ਗਿਆ ਅਤੇ ਦੇਸ਼ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਸਕੂਲ ਦੇ ਵਿਦਿਆਰਥੀਆਂ ਵੱਲੋਂ ਦੇਸ਼ਭਗਤੀ ਨਾਲ ਭਰਪੂਰ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ, ਜਿਸ ਵਿੱਚ ਦੇਸ਼ ਭਗਤੀ ਕੋਰੀਓਗਰਾਫੀ, ਗਿੱਧਾ, ਭੰਗੜਾ ਅਤੇ ਨ੍ਰਿਤ ਸ਼ਾਮਲ ਸਨ। ਮੁੱਖ ਮਹਿਮਾਨ ਸ਼੍ਰੀ ਪੰਕਜ ਬਾਂਸਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਗਣਤੰਤਰ ਦਿਵਸ ਸਾਨੂੰ ਆਪਣੇ ਸੰਵਿਧਾਨ, ਅਧਿਕਾਰਾਂ ਅਤੇ ਕਰਤੱਵਾਂ ਦੀ ਯਾਦ ਦਿਵਾਉਂਦਾ ਹੈ।ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਅਤੇ ਇਮਾਨਦਾਰੀ ਨਾਲ ਜੀਵਨ ਜੀਉਣ ਦੀ ਪ੍ਰੇਰਣਾ ਦਿੱਤੀ। ਗਣਤੰਤਰਤਾ ਦਿਵਸ ਤਲਵੰਡੀ ਸਾਬੋ ਮੌਕੇ ਮੁੱਖ ਮਹਿਮਾਨ ਐਸ.ਡੀ.ਐਮ ਪੰਕਜ ਬਾਂਸਲ ਵੱਲੋਂ ਫਰੀਡਮ ਫਾਈਟਰ ਪਰਿਵਾਰਾਂ, ਮਾਰਚ ਪਾਸਟ ਟੀਮਾਂ, ਸਕੂਲਾਂ ਦੇ ਵਿਦਿਆਰਥੀਆਂ ਨੂੰ ਸਨਮਾਨਿਤ ਗਿਆ।ਇਸ ਮੌਕੇ ਤਹਿਸੀਲਦਾਰ ਨਵਪ੍ਰੀਤ ਸਿੰਘ ਸ਼ੇਰਗਿੱਲ, ਡੀ.ਐਸ.ਪੀ ਹਰਪ੍ਰੀਤ ਸਿੰਘ, ਨਾਇਬ ਤਹਿਸੀਲਦਾਰ ਰਵਿੰਦਰਜੀਤ ਸਿੰਘ ਕਲੇਰ, ਥਾਣਾ ਮੁਖੀ ਹਰਬੰਸ ਸਿੰਘ, ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਮੈਡਮ ਸਾਨੀਆ ਕਾਮਰਾ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਦੇਸ਼ ਦੀ ਆਜ਼ਾਦੀ ਲਈ 80% ਕੁਰਬਾਨੀਆਂ ਦੇਣ ਵਾਲੀ ਸਿੱਖ ਕੌਮ ਅੱਜ ਵੀ ਇਨਸਾਫ਼ ਲਈ ਉਡੀਕਵਾਨ — ਗਣਤੰਤਰ ਦਿਵਸ ’ਤੇ ਕਰਨੈਲ ਸਿੰਘ ਪੀਰ ਮੁਹੰਮਦ ਨੇ ਕੇਂਦਰ ਤੇ ਰਾਜ ਸਰਕਾਰ ਨੂੰ ਘੇਰਿਆ



**ਚੰਡੀਗੜ੍ਹ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਬੁਲਾਰੇ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨੇ ਗਣਤੰਤਰ ਦਿਵਸ ਮੌਕੇ ਦੇਸ਼ ਵਾਸੀਆਂ ਨੂੰ ਵਧਾਈ ਦਿੰਦਿਆਂ ਸਰਕਾਰਾਂ ਨੂੰ ਸਿੱਖ ਕੌਮ ਦੇ ਲਾਸਾਨੀ ਇਤਿਹਾਸ ਅਤੇ ਉਨ੍ਹਾਂ ਦੀਆਂ ਲਟਕਦੀਆਂ ਮੰਗਾਂ ਦੀ ਯਾਦ ਦਿਵਾਈ ਹੈ।ਉਨ੍ਹਾਂ ਕਿਹਾ ਕਿ ਜਿਸ ਸੰਵਿਧਾਨ ਅਤੇ ਲੋਕਤੰਤਰ ਦਾ ਅੱਜ ਜਸ਼ਨ ਮਨਾਇਆ ਜਾ ਰਿਹਾ ਹੈ, ਉਸ ਦੀ ਨੀਂਹ ਵਿੱਚ ਸਿੱਖਾਂ ਦਾ ਸਭ ਤੋਂ ਵੱਧ ਖ਼ੂਨ ਡੁੱਲ੍ਹਿਆ ਹੈ।

**ਆਜ਼ਾਦੀ ਦੇ ਸੰਘਰਸ਼ ਵਿੱਚ ਸਿੱਖਾਂ ਦਾ ਯੋਗਦਾਨ:**ਪੀਰ ਮੁਹੰਮਦ ਨੇ ਕਿਹਾ ਕਿ ਇਹ ਇਤਿਹਾਸਕ ਸੱਚ ਹੈ ਕਿ ਭਾਰਤ ਨੂੰ ਆਜ਼ਾਦ ਕਰਵਾਉਣ ਲਈ ਦਿੱਤੀਆਂ ਗਈਆਂ ਕੁਰਬਾਨੀਆਂ ਵਿੱਚ 80 ਫੀਸਦੀ ਤੋਂ ਵੱਧ ਹਿੱਸਾ ਸਿੱਖਾਂ ਦਾ ਹੈ। ਚਾਹੇ ਉਹ ਕਾਲੇ ਪਾਣੀ ਦੀਆਂ ਸਜ਼ਾਵਾਂ ਹੋਣ, ਫਾਂਸੀ ਦੇ ਰੱਸੇ ਚੁੰਮਣੇ ਹੋਣ ਜਾਂ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਨੀ ਹੋਵੇ, ਸਿੱਖਾਂ ਨੇ ਹਮੇਸ਼ਾ ਮੋਹਰੀ ਹੋ ਕੇ ਆਪਣੀਆਂ ਜਾਨਾਂ ਨਿਛਾਵਰ ਕੀਤੀਆਂ ਹਨ। ਪਰ ਅੱਜ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਇਸੇ ਦੇਸ਼ ਵਿੱਚ ਸਿੱਖ ਕੌਮ ਨੂੰ ਆਪਣੇ ਬੁਨਿਆਦੀ ਹੱਕਾਂ ਅਤੇ ਇਨਸਾਫ਼ ਲਈ ਦਹਾਕਿਆਂ ਤੱਕ ਸੰਘਰਸ਼ ਕਰਨਾ ਪੈ ਰਿਹਾ ਹੈ।

**ਗਣਤੰਤਰ ਦਿਵਸ ’ਤੇ ਪੀਰ ਮੁਹੰਮਦ ਵੱਲੋਂ ਉਠਾਈਆਂ ਗਈਆਂ ਪ੍ਰਮੁੱਖ ਮੰਗਾਂ:**

* ਬੰਦੀ ਸਿੰਘਾਂ ਦੀ ਰਿਹਾਈ: ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਨਾ ਕਰਨਾ ਸੰਵਿਧਾਨ ਦੀ ਮਰਿਆਦਾ ’ਤੇ ਵੱਡਾ ਸਵਾਲ ਹੈ। ਸਰਕਾਰਾਂ ਨੂੰ ਇਸ ਸ਼ੁਭ ਦਿਹਾੜੇ ’ਤੇ ਉਨ੍ਹਾਂ ਦੀ ਰਿਹਾਈ ਦਾ ਤੋਹਫ਼ਾ ਦੇਣਾ ਚਾਹੀਦਾ ਸੀ।

* ਬੇਅਦਬੀ ਦਾ ਇਨਸਾਫ਼: 2015 ਤੋਂ ਲੈ ਕੇ ਹੁਣ ਤੱਕ ਬੇਅਦਬੀ ਮਾਮਲਿਆਂ ਵਿੱਚ ਇਨਸਾਫ਼ ਨਾ ਮਿਲਣਾ ਅਤੇ ਕੇਸਾਂ ਨੂੰ ਪੰਜਾਬ ਤੋਂ ਬਾਹਰ ਟ੍ਰਾਂਸਫ਼ਰ ਕਰਨ ਵਿਰੁੱਧ ਸਰਕਾਰ ਦੀ ਚੁੱਪੀ, ਸਿੱਖ ਹਿਰਦਿਆਂ ’ਤੇ ਲੂਣ ਛਿੜਕਣ ਵਾਂਗ ਹੈ।

* ਚਾਈਨਾ ਡੋਰ ਵਿਰੁੱਧ ਸਖ਼ਤ ਕਾਨੂੰਨ (3 ਸਾਲ ਦੀ ਸਜ਼ਾ): ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਪੋਲੀਓ ਮੁਹਿੰਮ ਦੀ ਤਰਜ਼ ’ਤੇ “ਚਾਈਨਾ ਡੋਰ ਮੁਕਤ ਪੰਜਾਬ” ਮੁਹਿੰਮ ਚਲਾਵੇ। ਇਸ ਕਾਤਲ ਡੋਰ ਨੂੰ ਵੇਚਣ ਅਤੇ ਵਰਤਣ ਵਾਲਿਆਂ ਲਈ ਤੁਰੰਤ 3 ਸਾਲ ਦੀ ਸਜ਼ਾ ਦਾ ਸਖ਼ਤ ਕਾਨੂੰਨ ਬਣਾਇਆ ਜਾਵੇ ਤਾਂ ਜੋ ਮਾਸੂਮਾਂ ਦੇ ਗਲੇ ਕੱਟਣੇ ਬੰਦ ਹੋ ਸਕਣ।

**ਸਰਕਾਰਾਂ ਨੂੰ ਚਿਤਾਵਨੀ:**ਪੀਰ ਮੁਹੰਮਦ ਨੇ ਕਿਹਾ ਕਿ ਜੇਕਰ ਸਰਕਾਰਾਂ ਸਿੱਖ ਕੌਮ ਦੀਆਂ ਇਨ੍ਹਾਂ ਵਾਜਬ ਮੰਗਾਂ ਨੂੰ ਨਜ਼ਰਅੰਦਾਜ਼ ਕਰਦੀਆਂ ਰਹੀਆਂ, ਤਾਂ ਆਉਣ ਵਾਲੇ ਸਮੇਂ ਵਿੱਚ ਪੰਥਕ ਜਥੇਬੰਦੀਆਂ ਨੂੰ ਇਕੱਠੇ ਕਰਕੇ ਇੱਕ ਵੱਡਾ ਜਨ-ਅੰਦੋਲਨ ਉਲੀਕਿਆ ਜਾਵੇਗਾ। ਅਸਲੀ ਗਣਤੰਤਰ ਉਦੋਂ ਹੀ ਹੋਵੇਗਾ ਜਦੋਂ ਦੇਸ਼ ਦੇ ਸੰਵਿਧਾਨ ਨਿਰਮਾਤਾਵਾਂ ਦੇ ਵਾਅਦੇ ਸਿੱਖ ਕੌਮ ਲਈ ਸੱਚ ਹੋਣਗੇ।

## ਇਹੋ ਜਿਹੇ ਪੁਲਿਸ ਅਫ਼ਸਰ ਜੇ 25 ਦੇ ਕਰੀਬ ਪੰਜਾਬ ਚ ਹੁੰਦੇ ਤਾਂ ਹਜ਼ਾਰਾਂ ਝੂਠੇ ਮੁਕਾਬਲੇ ਨਾ ਬਣਦੇ !



ਸਰਦਾਰ ਜਤਿੰਦਰ ਸਿੰਘ ਔਲਖ ਆਈ ਪੀ ਐੱਸ ਅਫਸਰ ਪੂਰਨ ਗੁਰਸਿੱਖ ਪਰਿਵਾਰ ਖਾਨਦਾਨ ਨਾਲ ਸੰਬੰਧਤ ਨੇ । ਜਦੋਂ ਔਲਖ ਸਾਬ ਪੁਲਿਸ ਚ ਭਰਤੀ ਹੋਏ ਤਾਂ ਉਸ ਦਿਨ ਗੁਰਦੁਆਰਾ ਸਾਹਿਬ ਅਰਦਾਸ ਹੋਈ ਆਪ ਜੀ ਦੇ ਦਾਦਾ ਜੀ ਨੇ ਕਿਹਾ ਕਿ ਇਹ ਵਰਦੀ ਪਾਕੇ ਈਮਾਨਦਾਰੀ ਤੇ ਰਾਹ ਤੇ ਚਲੀਂ ਕਿਸੇ ਵੀ ਨੌਜ਼ਵਾਨ ਦਾ ਮੁਕਾਬਲਾ ਨਹੀਂ ਬਣਾਉਂਣਾ ਅਗਰ ਤੁਹਾਨੂੰ ਕੋਈ ਵੀ ਵਡਾ ਅਫ਼ਸਰ ਆਖੇ ਉਸਦੇ ਸਾਹਮਣੇ ਪਹਾੜ ਵਾਂਗ ਡਟ ਜਾਵੀਂ ਪਰ ਤੇਰੇ ਹੱਥੋਂ ਕਿਸੇ ਦੀ ਮੌਤ ਨਾ ਹੋਵੇ ਡਿਊਟੀ ਛੱਡਣੀ ਪਵੇ ਘਰ ਆ ਜਾਵੀਂ ਸੈਂਕੜੇ ਏਕੜ ਆਪਣੀ ਜ਼ਮੀਨ ਹੈ ਪਰ ਕਦੀ ਵੀ ਖ਼ੂਨ ਨਾਲ ਹੱਥ ਨਾ ਰੰਗੀ। ਇਹ ਐਸੇ ਬੋਲ ਸਨ ਜੋਂ ਉਹਨਾ ਡਿਊਟੀ ਦੌਰਾਨ ਨਿਭਾਏ । ਇੱਕ ਦਫਾ ਸੀ ਆਈ ਏ ਸਟਾਫ਼ ਚ ਵਡੇ ਅਫ਼ਸਰ ਇੱਕ ਉੱਚ ਕੋਟੀ ਦੇ ਖਾੜਕੂ ਸਿੰਘ ਦਾ ਮੁਕਾਬਲਾ ਬਣਾਉਣ ਲਈ ਉਸਨੂੰ ਲਿਜਾਣ ਲੱਗੇ ਤਾਂ ਔਲਖ ਸਾਬ ਨੇ ਸਾਫ਼ ਇਨਕਾਰ ਕਰ ਦਿੱਤਾ ਉਹ ਕਹਿੰਦੇ ਵਡੇ ਆਕਾ ਦਾ ਹੁਕਮ ਹੈ ਇਸਨੂੰ ਖਤਮ ਕਰ ਦਵੋ ਅੱਜ। ਸਰਦਾਰ ਜਤਿੰਦਰ ਸਿੰਘ ਔਲਖ ਕਹਿੰਦੇ ਆਕਾ ਦਾ ਹੁਕਮ ਤਾਂ ਹਰ ਘੰਟੇ ਬਾਅਦ ਆਉਂਦਾ ਹੈ ਤੁਸੀਂ ਰੱਬ ਦੀ ਕਚਿਹਰੀ ਚ ਪਾਪਾਂ ਦਾ ਹਿਸਾਬ ਦੇਣਾ ਇੱਕ ਦਿਨ ਰੱਬ ਦਾ ਡਰ ਨਹੀਂ ਤੁਹਾਨੂੰ ? ਉਸ ਖਾੜਕੂ ਸਿੰਘ ਨੂੰ ਕੋਰਟ ਚ ਪੇਸ਼ ਕਰਕੇ ਜੇਲ੍ਹ ਭੇਜ ਦਿੱਤਾ ਇਹ ਸੰਸਕਾਰ ਨੇ ਉਹਨਾਂ ਦੇ ਖ਼ੂਨ ਅੰਦਰ।ਅੰਮ੍ਰਿਤ ਵੇਲੇ ਬਿਨਾ ਨਾਗਾ ਜਤਿੰਦਰ ਸਿੰਘ ਔਲਖ ਜੀ ਵਰ੍ਹਿਆਂ ਤੋਂ 3 ਵਜੇ ਉੱਠਕੇ ਰੋਜ਼ਾਨਾ ਕੇਸੀ ਇਸ਼ਨਾਨ ਕਰਦੇ ਨੇ ਉਹਨਾਂ ਦੀ ਧਰਮ ਸੁਪਤਨੀ ਦੋਵੇਂ ਪੁੱਤਰ ਨੋਹਾਂ ਕੋਠੀ ਅੰਦਰ ਬਣੇ ਇਕ ਕਮਰੇ ਚ ਬੈਠਕੇ ਦਿਨ ਦੇ 8 ਵਜਕੇ 10ਮਿੰਟ ਤੱਕ ਨਾਮ ਬਾਣੀ ਦਾ ਅਭਿਆਸ ਕਰਦੇ ਨੇ ਕੋਈ ਨਾਗਾ ਨਹੀਂ ਪਾਉਂਦੇ । ਔਲਖ ਸਾਬ ਦੇ ਘਰ ਵਿੱਚ ਸ਼ਰਾਬ ਮੀਟ ਆਂਡੇ ਦੀ ਸਖ਼ਤ ਮਨਾਹੀ ਹੈ । ਪੂਰਾ ਜੀਵਨ ਇਸ ਪੰਜਾਬ ਪੁਲਿਸ ਦੇ ਅਫ਼ਸਰ ਦਾ ਬੇਦਾਗ. ਹੈ ਅੱਜ ਤੱਕ ਬਹੁਤ ਲੋਕ ਉਹਨਾਂ ਨੂੰ ਇੱਕ ਸੰਤ ਮਹਾਪੁਰਸ਼ ਵਾਂਗ ਸਮਝਦੇ ਨੇ ਉਹ ਕਹਿੰਦੇ ਨੇ ਇਹੋ ਜਿਹੀ ਪਾਕ ਰੂਹ ਦੇ ਦਰਸ਼ਨ ਕਰਨ ਨਾਲ ਸਾਨੂੰ ਪਵਿੱਤਰਤਾ ਮਿਲਦੀ ਹੈ ਤੇ ਦੂਜੇ ਪਾਸੇ ਇਸੇ ਪੁਲਿਸ ਦੇ ਬੁੱਚੜ ਅਫ਼ਸਰਾਂ ਦੇ ਨਾਮ ਤੇ ਹਰ ਸਿੱਖ ਥੁੱਕਦਾ ਹੈ ।

**-ਪਰਮਜੀਤ ਸਿੰਘ ਰਾਣਵਾ ਰਾਮਪੁਰੀ**
**98152 25979**

## ਮਾਨ ਸਰਕਾਰ ਦਾ ਵੱਡਾ ਜਨਹਿਤ ਫ਼ੈਸਲਾ, ਜੀਵਨ ਬੀਮਾ ਰਾਸ਼ੀ 10 ਲੱਖ ਰੁਪਏ ਕਰਨਾ ਸ਼ਲਾਘਾਯੋਗ : ਚੇਅਰਮੈਨ ਘੁੱਲੀ



ਸੰਗਾਲਾ ( ਰਣਜੀਤ ਸਿੰਘ ਪੇਧਨੀ ) ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਜੀਵਨ ਬੀਮਾ ਰਾਸ਼ੀ ਨੂੰ 5 ਲੱਖ ਰੁਪਏ ਤੋਂ ਵਧਾ ਕੇ 10 ਲੱਖ ਰੁਪਏ ਕਰਨ ਦੇ ਫ਼ੈਸਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਦਫ਼ਤਰ ਦੇ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕਿਹਾ ਕਿ ਇਹ ਫ਼ੈਸਲਾ ਆਮ ਲੋਕਾਂ, ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਵੱਡੀ ਰਾਹਤ ਹੈ ਅਤੇ ਸਮਾਜਿਕ ਸੁਰੱਖਿਆ ਦੀ ਦਿਸ਼ਾ ਵਿੱਚ ਸਰਕਾਰ ਦਾ ਇੱਕ ਇਤਿਹਾਸਕ ਕਦਮ ਹੈ।ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਮਹਿੰਗਾਈ ਲਗਾਤਾਰ ਵਧ ਰਹੀ ਹੋ ਅਤੇ ਕਿਸੇ ਵੀ ਅਣਹੋਣੀ ਦੀ ਸਥਿਤੀ ਵਿੱਚ ਪਰਿਵਾਰ ਲਈ ਆਰਥਿਕ ਸੁਰੱਖਿਆ ਬਹੁਤ ਜ਼ਰੂਰੀ ਹੈ।ਅਜਿਹੇ ਵਿੱਚ ਜੀਵਨ ਬੀਮਾ ਰਾਸ਼ੀ ਨੂੰ ਦੁੱਗਣਾ ਕਰਨਾ ਪੰਜਾਬ ਸਰਕਾਰ ਦੀ ਦੂਰਦਰਸ਼ੀ ਸੋਚ ਅਤੇ ਜਨਹਿਤ ਪ੍ਰਤੀ ਉਸ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।ਉਨਾਂ ਕਿਹਾ ਕਿ ਇਸ ਫ਼ੈਸਲੇ ਨਾਲ ਹਜ਼ਾਰਾਂ ਪਰਿਵਾਰਾਂ ਨੂੰ ਭਵਿੱਖ ਵਿੱਚ ਮਜ਼ਬੂਤੀ ਮਿਲੇਗੀ। ਉਨ੍ਹਾਂ ਇਸ ਮਹੱਤਵਪੂਰਨ ਫੈਸਲੇ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ ਅਤੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲਗਾਤਾਰ ਜਨ-ਕਲਿਆਣਕ ਫੈਸਲੇ ਲੈ ਰਹੀ ਹੈ।

### ਮੇਧਾਵੀ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਅਤੇ ਡਿਜ਼ਿਟਲ ਲਰਨਿੰਗ ਲਈ

# ਐਚ.ਐਮ.ਈ.ਐੱਲ ਵੱਲੋਂ ਸਕਾਲਰਸ਼ਿਪ ਪ੍ਰਦਾਨ






**ਤਲਵੰਡੀ ਸਾਬੋ, 27 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਪੱਧਰ ਨੂੰ ਬਹਿਤਰ ਬਣਾਉਣ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਐਚਪੀਸੀਐਲ-ਮਿੱਤਲ ਐਨਰਜੀ ਲਿਮਿਟਡ ਵੱਲੋਂ ਗੁਰੂ ਗੋਬਿੰਦ ਸਿੰਘ ਰਿਫ਼ਾਇਨਰੀ ਦੇ ਆਲੇ-ਦੁਆਲੇ ਦੇ ਪਿੰਡਾਂ ਦੇ ਸਰਕਾਰੀ ਸਕੂਲਾਂ ਵਿੱਚ ਪ੍ਰਾਇਮਰੀ ਤੋਂ ਲੈ ਕੇ ਉੱਚ ਸਿੱਖਿਆ ਤੱਕ ਵਿਦਿਆਰਥੀਆਂ ਨੂੰ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਹੀ ਪਹਿਲ ਦੇ ਤਹਿਤ ਪਿੰਡ ਦੇਸੂ ਮਲਕਾਣਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿੱਚ ਇੱਕ ਸਕਾਲਰਸ਼ਿਪ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਗੁਣਵੱਤਾਪੂਰਨ ਸਿੱਖਿਆ ਅਤੇ ਡਿਜ਼ਿਟਲ ਲਰਨਿੰਗ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਦਸਵੀਂ ਅਤੇ ਬਾਰਹਵੀਂ ਜਮਾਤ ਦੇ ਮੇਧਾਵੀ ਵਿਦਿਆਰਥੀਆਂ ਨੂੰ ਨਗਦ ਸਕਾਲਰਸ਼ਿਪ ਦੇ ਨਾਲ-ਨਾਲ ਲੈਪਟਾਪ ਅਤੇ ਟੈਬ ਮੁਹੱਈਆ ਕਰਵਾਏ ਗਏ। ਸਕਾਲਰਸ਼ਿਪ ਵੰਡ ਸਮਾਰੋਹ ਸ਼੍ਰੀਮਤੀ ਸੁਨੀਤਾ ਸਾਈਂ, ਜ਼ਿਲ੍ਹਾ ਸਿੱਖਿਆ ਅਧਿਕਾਰੀ, ਸਿਰਸਾ ਦੀ ਗੌਰਵਮਈ ਹਾਜ਼ਰੀ ਵਿੱਚ ਆਯੋਜਿਤ ਕੀਤਾ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਿੱਤੀ ਸਹਾਇਤਾ ਦੇ ਨਾਲ-ਨਾਲ ਡਿਜ਼ਿਟਲ ਸਰੋਤ ਪ੍ਰਦਾਨ ਕਰਨ ਲਈ ਐਚ.ਐਮ.ਈ.ਐੱਲ ਦੀ ਇਸ ਪਹਿਲ ਦੀ ਭਰਪੂਰ ਸਰਾਹਨਾ ਕੀਤੀ। ਇਸ ਮੌਕੇ ਸ਼੍ਰੀਮਤੀ ਅਮਿਤਾ ਚੌਧਰੀ, ਯੋਜਨਾ ਅਧਿਕਾਰੀ, ਏ.ਡੀ.ਸੀ ਦਫ਼ਤਰ ਵੀ ਹਾਜ਼ਰ ਰਹੀ ਅਤੇ ਪਿੰਡਾਂ ਵਿੱਚ ਡਿਜ਼ਿਟਲ ਖਾਈ ਨੂੰ ਘਟਾਉਣ ਵਿੱਚ ਇਸ ਤਰ੍ਹਾਂ ਦੀਆਂ ਪਹਿਲਾਂ ਦੀ ਮਹੱਤਤਾ ਉੱਤੇ ਰੌਸ਼ਨੀ ਪਾਈ। ਕਾਰਜਕ੍ਰਮ ਵਿੱਚ ਹੋਰ ਵਿਸ਼ੇਸ਼ ਮਹਿਮਾਨਾਂ ਵਿੱਚ ਡਾ. ਮੁਕੇਸ਼ ਕੁਮਾਰ, ਸ਼੍ਰੀ ਰਵਿੰਦਰ ਕੁਮਾਰ, ਰੇਂਜਰ, ਵਨ ਵਿਭਾਗ, ਸ਼੍ਰੀ ਰਾਮ ਅਵਤਾਰ, ਬਲਾਕ ਸਿੱਖਿਆ ਅਧਿਕਾਰੀ, ਓਢਾਂ, ਅਤੇ ਸ਼੍ਰੀ ਦਵਿੰਦਰ ਸਿੰਘ, ਪ੍ਰਿੰਸਿਪਲ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਦੇਸੂ ਮਲਕਾਣਾ ਸ਼ਾਮਲ ਸਨ। ਇਸ ਤੋਂ ਇਲਾਵਾ ਪਿੰਡ ਦੇ ਸਰਪੰਚ ਅਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਵੀ ਹਾਜ਼ਰ ਰਹੇ ਅਤੇ ਸਮਾਰੋਹ ਨੂੰ ਪੂਰਾ ਸਹਿਯੋਗ ਦਿੱਤਾ। ਇਸ ਸਿੱਖਿਆ ਸਹਾਇਤਾ ਪਹਿਲ ਦੇ ਤਹਿਤ 14 ਮੇਧਾਵੀ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦੇ ਨਾਲ-ਨਾਲ ਲੈਪਟਾਪ ਅਤੇ ਟੈਬ ਦਿੱਤੇ ਗਏ, ਤਾਂ ਜੋ ਉਹ ਡਿਜ਼ਿਟਲ ਸਿੱਖਿਆਈ ਸਾਧਨਾਂ ਦੀ ਮਦਦ ਨਾਲ ਆਪਣੀ ਪੜ੍ਹਾਈ ਹੋਰ ਆਤਮਵਿਸ਼ਵਾਸ ਨਾਲ ਜਾਰੀ ਰੱਖ ਸਕਣ। ਇਸ ਪਹਿਲ ਦਾ ਮੁੱਖ ਉਦੇਸ਼ ਅਕਾਦਮਿਕ ਉਤਕ੍ਰਿਸ਼ਟਤਾ ਨੂੰ ਉਤਸ਼ਾਹਿਤ ਕਰਨਾ, ਡਿਜ਼ਿਟਲ ਸਾਖਰਤਾ ਨੂੰ ਵਧਾਵਾ ਦੇਣਾ ਅਤੇ ਪਿੰਡ ਪਿਛੋਕੜ ਤੋਂ ਆਉਣ ਵਾਲੇ ਵਿਦਿਆਰਥੀਆਂ ਨੂੰ ਬਰਾਬਰ ਦੇ ਸਿੱਖਿਆਈ ਮੌਕੇ ਪ੍ਰਦਾਨ ਕਰਨਾ ਹੈ। ਇਸ ਅਭਿਆਨ ਦੇ ਤਹਿਤ ਇਸ ਸਾਲ ਰਿਫ਼ਾਇਨਰੀ ਦੇ ਆਲੇ-ਦੁਆਲੇ ਦੇ ਪਿੰਡਾਂ ਵਿੱਚ 226 ਮੇਧਾਵੀ ਵਿਦਿਆਰਥੀਆਂ ਨੂੰ ਨਗਦ ਸਕਾਲਰਸ਼ਿਪ, ਲੈਪਟਾਪ ਅਤੇ ਟੈਬਲੈਟ ਪ੍ਰਦਾਨ ਕੀਤੇ ਗਏ ਹਨ, ਤਾਂ ਜੋ ਉਹ ਆਪਣੀ ਉੱਚ ਸਿੱਖਿਆ ਵੱਲ ਅੱਗੇ ਵਧ ਸਕਣ। ਇਹ ਯੋਜਨਾ ਸਾਲ 2018 ਵਿੱਚ ਸ਼ੁਰੂ ਕੀਤੀ ਗਈ ਸੀ। ਤਦੋਂ ਤੋਂ ਲੈ ਕੇ ਹੁਣ ਤੱਕ ਹਰ ਸਾਲ ਇਸ ਅਭਿਆਨ ਦੇ ਤਹਿਤ 1836 ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿੱਤੀ ਜਾ ਚੁੱਕੀ ਹੈ, ਜਿਨ੍ਹਾਂ ਵਿੱਚੋਂ 1400 ਤੋਂ ਵੱਧ ਲੜਕੀਆਂ ਹਨ। ਇਸ ਦੇ ਨਾਲ-ਨਾਲ ਹੁਣ ਤੱਕ 7577 ਵਿਦਿਆਰਥਣਾਂ ਨੂੰ ਸਾਈਕਲਾਂ ਵੀ ਮੁਹੱਈਆ ਕਰਵਾਈਆਂ ਗਈਆਂ ਹਨ, ਜੋ ਧੀਆਂ ਦੀ ਸਿੱਖਿਆ ਨੂੰ ਨਵੀਂ ਰਫ਼ਤਾਰ ਦੇ ਰਹੀਆਂ ਹਨ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹਾਜ਼ਰ ਵਿਅਕਤੀਆਂ ਨੇ ਸਿੱਖਿਆ-ਕੇਂਦਰਿਤ ਸੀ.ਐੱਸ.ਆਰ ਕਾਰਜਕ੍ਰਮਾਂ ਰਾਹੀਂ ਸਮੁਦਾਇਕ ਵਿਕਾਸ ਲਈ ਐਚ.ਐਮ.ਈ.ਐੱਲ ਦੇ ਲਗਾਤਾਰ ਯਤਨਾਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਮਿਲੇ ਲੈਪਟਾਪ ਅਤੇ ਵਿੱਤੀ ਸਹਾਇਤਾ ਦਾ ਸਹੀ ਉਪਯੋਗ ਕਰਕੇ ਆਪਣੇ ਸਿੱਖਿਆਈ ਲਕਸ਼ਾਂ ਨੂੰ ਪ੍ਰਾਪਤ ਕਰਨ ਅਤੇ ਭਵਿੱਖ ਵਿੱਚ ਸਮਾਜ ਲਈ ਸਕਾਰਾਤਮਕ ਯੋਗਦਾਨ ਪਾਉਣ।

ਐਚ.ਐਮ.ਈ.ਐੱਲ ਸਿੱਖਿਆ, ਸਿਹਤ, ਪਰਿਆਵਰਣ ਅਤੇ ਹੁਨਰ ਵਿਕਾਸ ਦੇ ਖੇਤਰਾਂ ਵਿੱਚ ਪ੍ਰਭਾਵਸ਼ਾਲੀ ਸਮਾਜਿਕ ਜ਼ਿੰਮੇਵਾਰੀ ਪਹਿਲਾਂ ਨੂੰ ਲਗਾਤਾਰ ਅੱਗੇ ਵਧਾ ਰਿਹਾ ਹੈ। ਦੇਸੂ ਮਲਕਾਣਾ ਵਿੱਚ ਕਰਵਾਇਆ ਗਿਆ ਸਕਾਲਰਸ਼ਿਪ ਅਤੇ ਲੈਪਟਾਪ ਵੰਡ ਸਮਾਰੋਹ ਕੰਪਨੀ ਦੀ ਆਲੇ-ਦੁਆਲੇ ਦੀਆਂ ਕਮਿਊਨਿਟੀਆਂ ਵਿੱਚ ਸਿੱਖਿਆਈ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਨੌਜਵਾਨ ਪ੍ਰਤਿਭਾਵਾਂ ਨੂੰ ਨਿਖਾਰਨ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

**ਦੇਸੂ ਮਲਕਾਣਾ ਵਿਖੇ ਕਰਵਾਇਆ ਗਿਆ ਸਕਾਲਰਸ਼ਿਪ ਵੰਡ ਸਮਾਰੋਹ, ਇਸ ਸਾਲ ਆਸ-ਪਾਸ ਦੇ ਸਰਕਾਰੀ ਸਕੂਲਾਂ ਦੇ 226 ਮੇਧਾਵੀ ਵਿਦਿਆਰਥੀਆਂ ਨੂੰ ਦਿੱਤੀ ਗਈ ਸਕਾਲਰਸ਼ਿਪ**


# ਸਕਾਈ ਇੰਟਰਨੈਸ਼ਨਲ ਕੰਪਨੀ ਵੱਲੋਂ ਪਲੇਸਮੈਂਟ ਕੈਂਪ 28 ਜਨਵਰੀ ਨੂੰ

ਸੰਗਰੂਰ (ਰਣਜੀਤ ਸਿੰਘ ਪੇਧਨੀ) ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਸਕਾਈ ਇੰਟਰਨੈਸ਼ਨਲ ਕੰਪਨੀ ਨਾਲ ਤਾਲਮੇਲ ਕਰਕੇ ਮਿਤੀ 28 ਜਨਵਰੀ ਦਿਨ ਬੁੱਧਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਦਫ਼ਤਰ, ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਕੰਪਨੀ ਵੱਲੋਂ ਮੈਨੇਜਮੈਂਟ ਟਰੇਨੀ (ਲੜਕੇ ਅਤੇ ਲੜਕੀਆਂ ਦੋਵਾਂ ਲਈ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ 12ਵੀਂ, ਗਰੈਜੂਏਟ, ਪੋਸਟ ਗਰੈਜੂਏਟ ਪਾਸ, ਉਮਰ 18 ਸਾਲ ਤੋਂ 30 ਸਾਲ ਤੱਕ ਹੋਣੀ ਚਾਹੀਦੀ ਹੈ। ਚਾਹਵਾਨ ਅਤੇ ਯੋਗ ਪ੍ਰਾਰਥੀ ਰਜਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਮਿਲਣ ਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।

# ਸੱਜਣ ਕੁਮਾਰ ਨੂੰ ਬਰੀ ਕਰਣਾ ਇਨਸਾਫ਼ ਨਹੀਂ, ਸਗੋਂ ਇਨਸਾਫ਼ ਨਾਲ ਕੀਤਾ ਗਿਆ ਮਜ਼ਾਕ: ਭਾਈ ਸ਼ੁਭਦੀਪ ਸਿੰਘ

## ਇਹ ਕਿਸੇ ਇੱਕ ਵਿਅਕਤੀ ਦਾ ਮਾਮਲਾ ਨਹੀਂ ਇਹ ਹਜ਼ਾਰਾਂ ਨਿਰਦੋਸ਼ ਸਿੱਖਾਂ ਦੀਆਂ ਰੂਹਾਂ ਦਾ ਹੈ ਸਵਾਲ

ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਇਹਨਾ ਅਦਾਲਤਾਂ ਵਿੱਚ ਖੜ੍ਹੇ ਤੇ ਬੰਦੇ ਵੀ ਰੁੱਖ ਹੋ ਗਏ, ਕੋਈ ਕਹਿ ਦਿਉ ਇਹਨਾ ਨੂੰ ਆਪਣੇ ਘਰੀਂ ਜਾਣ ਹੁਣ, ਇਹ ਕਿਨਾ ਕੁ ਚਿਰ ਇੱਥੇ ਖੜੇ ਰਹਿਣਗੇ, ਕੀ ਇਹ ਇਨਸਾਫ ਹਉਮੈ ਦੇ ਪੁੱਤ ਕਰਨਗੇ. ? ਕੀ ਇਹ ਪੱਥਰ ਦੇ ਬੁੱਤ ਕਰਨਗੇ. ? ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਸੱਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਸ਼ੁਭਦੀਪ ਸਿੰਘ ਜੀ ਨੇ ਕਿਹਾ ਕਿ ਦਿੱਲੀ ਵਿਖੇ ਹੋਏ ਨਵੰਬਰ 1984 ਦੇ ਸਿੱਖ ਕਤਲੇਆਮ ਦੇ ਮੁੱਖ ਦੋਸ਼ੀ ਸੱਜਣ ਕੁਮਾਰ ਨੂੰ ਬਰੀ ਕਰਣਾ ਇਨਸਾਫ਼ ਨਹੀਂ, ਸਗੋਂ ਇਨਸਾਫ਼ ਦਾ ਮਜ਼ਾਕ ਹੈ। ਕਿਉਂਕਿ 1984 ਦੇ ਸਿੱਖ ਕਤਲੇਆਮ ਵਰਗੇ ਘਿਨਾਉਣੇ ਅਪਰਾਧ ਵਿੱਚ, ਓਸ ਨੂੰ ਬਰੀ ਕਰਣ ਦਾ ਹੁਕਮ ਪੀੜਤਾਂ ਦੇ ਜ਼ਖ਼ਮਾਂ 'ਤੇ ਲੂਣ ਛਿੜਕਣ ਵਾਂਗ ਹੈ। ਸਿੱਖ ਕਤਲੇਆਮ ਨਾਲ ਸੰਬੰਧਿਤ ਸਮੂਹ ਮਾਮਲਿਆਂ ਅੰਦਰ ਗਵਾਹਾਂ ਨੂੰ ਡਰਾਇਆ- ਧਮਕਾਇਆ ਗਿਆ, ਸਬੂਤ ਨਸ਼ਟ ਕੀਤੇ ਗਏ ਅਤੇ ਫਿਰ ਕਹਿ ਦਿੱਤਾ ਗਿਆ "ਸਬੂਤ ਕਾਫ਼ੀ ਨਹੀਂ ਹਨ।" ਜੇਕਰ ਕਾਨੂੰਨੀ ਤਕਨੀਕੀ ਗੱਲਾਂ ਨਾਲ ਸੰਗਠਿਤ ਕਤਲੇਆਮ ਨੂੰ ਵੀ ਦਬਾ ਦਿੱਤਾ ਜਾਂਦਾ ਹੈ, ਤਾਂ ਫਿਰ ਇਨਸਾਫ਼ ਕਿਸਨੂੰ ਮਿਲੇਗਾ. ? ਉਨ੍ਹਾਂ ਕਿਹਾ ਇਹ ਕਿਸੇ ਇੱਕ ਵਿਅਕਤੀ ਦਾ ਮਾਮਲਾ ਨਹੀਂ ਹੈ ਇਹ 1984 ਦੇ ਹਜ਼ਾਰਾਂ ਨਿਰਦੋਸ਼ ਸਿੱਖਾਂ ਦੀਆਂ ਰੂਹਾਂ ਦਾ ਸਵਾਲ ਹੈ। ਨਿਆਂਪਾਲਿਕਾ ਤੋਂ ਇੰਨਸਾਫ ਦੀ ਉੱਮੀਦ ਕੀਤੀ ਜਾਂਦੀ ਹੈ ਪਰ ਸੱਜਣ ਕੁਮਾਰ ਦੇ ਬਰੀ ਹੋਣ ਤੇ ਸਿੱਖ ਨਸਲਕੁਸ਼ੀ ਦੇ ਦੋਸ਼ੀਆਂ ਨੂੰ ਸਜ਼ਾਵਾਂ ਮਿਲਣ ਦੀ ਆਸ ਨਹੀਂ ਲੱਗਦੀ। ਗੁਰੂ ਖਾਲਸਾ ਪੰਥ ਦੇ ਪਹਿਰੇਦਾਰ ਸਿੰਘ ਸੂਰਮੇ ਹੁਣ ਫੈਸਲੇ ਲਈ ਕਿਸੇ ਵੀ ਵਿਕੀਆਂ ਹੋਈਆਂ ਅਦਾਲਤਾਂ ਪਾਸੋਂ ਨਿਆਂ ਦੀ ਉਮੀਦ ਨਾ ਰੱਖਣ ਅਤੇ ਆਪਣੇ ਫ਼ੈਸਲੇ ਆਪ ਕਰਣ ਦੀ ਸਿੱਖ ਵਿਰਾਸਤ ਨੂੰ ਮੁੜ ਸੁਰਜੀਤ ਕਰਣ ਲਈ ਅੱਗੇ ਆਉਣ ਕਿਉਂਕਿ ਸਿੱਖ ਇਤਿਹਾਸ ਲਹੂਭਿੱਜਿਆ ਹੋਇਆ ਹੈ । ਇਸ ਲਈ ਗੁਰੂ ਪੰਥ ਤੋਂ ਕੁਰਬਾਨ ਹੋ ਕੇ ਜੀਵਨ ਨੂੰ ਸਫਲਾ ਕਰੋ । ਉਨ੍ਹਾਂ ਦਸਿਆ ਕਿ ਆਉਣ ਵਾਲੇ ਸਮਿਆਂ ਵਿੱਚ ਸਿੱਖੀ ਉੱਤੇ ਅਨੇਕਾਂ ਮਾਰੂ ਹਮਲੇ ਹੋਣਗੇ। ਕਿਸੇ ਵੇਲੇ ਸਭ ਕੁਝ ਰੁੜ੍ਹ ਗਿਆ ਜਾਪੇਗਾ। ਅਸੁਰੀ ਸ਼ਕਤੀਆਂ ਸਭ ਕੁਝ ਨਿਗ.ਲ ਜਾਣਗੀਆਂ। ਓਸ ਵੇਲੇ ਸਿੱਖਾਂ ਨੇ ਵਿਚਲਿਤ ਨਹੀਂ ਹੋਣਾ। ਅਡੋਲ ਰਹਿੰਦਿਆਂ ਗੁਰੂ ਭਰੋਸੇ ਚੰਗੇ ਦਿਨਾਂ ਦੀ ਆਮਦ ਦੀ ਆਸ ਟੁੱਟਣ ਨਹੀਂ ਦੇਣੀ। ਅਸਲ ਸਿੱਖੀ ਦੇ ਬੀਅ ਨੂੰ ਘੁੱਟ ਕੇ ਗਲ਼ ਨਾਲ ਲਾਈ ਰੱਖਣਾ। ਕਿਉਕਿ ਸਿੱਖੀ ਨਾਮ ਦੇ ਬੀਅ ਵਿੱਚ ਬੜੀ ਸ਼ਕਤੀ ਹੈ। ਇਸ ਲਈ ਸੰਕਟ ਸਮੇਂ ਸਭ ਤੋਂ ਵੱਧ ਸਾਂਭਣ ਵਾਲੀ ਵਸਤੂ ਬੀਅ (ਸਿੱਖੀ) ਹੀ ਹੁੰਦਾ ਹੈ।



# ਆਖਿਰ ਕਦੋਂ ਨੱਥ ਪਾਈ ਜਾਵੇਗੀ ਪੰਜਾਬ ਦੀ ਸੜਕਾਂ ਤੇ ਨੱਚ ਰਹੀ ਮੌਤ ਨੂੰ , ਪਠਲਾਵਾ ਸੰਸਥਾ



ਪੰਜਾਬ ਦੀ ਧਰਤੀ ਤੇ ਨਿੱਤ ਨਵੇਂ ਦਿਨ ਚਾਈਨਾ ਡੋਰ ਨਾਲ ਹੋ ਰਹੀਆਂ ਮੌਤਾਂ ਅਤੇ ਘਟਨਾਵਾਂ ਨੇ ਰਾਹਗੀਰ ਅਤੇ ਦੋ ਪਹੀਆ ਵਾਹਨ ਚਾਲਕਾਂ ਵਿਚ ਪੂਰੀ ਤਰਾਂ ਸਹਿਮ ਅਤੇ ਡਰ ਦਾ ਮਾਹੌਲ ਪੈਦਾ ਕਰ ਦਿਤਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਜਨ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ,ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸੰਦੀਪ ਕੁਮਾਰ ਗੌੜ, ਮਾ ਰਮੇਸ਼ ਕੁਮਾਰ ਪਠਲਾਵਾ ਅਤੇ ਸੰਸਥਾ ਦੇ ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ ਨੇ ਸੰਸਥਾ ਦੀ ਮੀਟਿੰਗ ਨੂੰ ਮੁਖ਼ਾਤਿਬ ਹੁਦਿਆਂ ਆਖੇ। ਬੁਲਾਰਿਆਂ ਨੇ ਦੁੱਖ ਜ਼ਾਹਿਰ ਕਰਦਿਆਂ ਆਖਿਆ ਕਿ ਹਾਲ ਵਿਚ ਸਮਰਾਲਾ ਦੇ ਨਜ਼ਦੀਕ ਦਸਵੀਂ ਜਮਾਤ ਵਿਚ ਪੜਦੇ ਕਾਕਾ ਤਰਨਜੋਤ ਸਿੰਘ ਅਤੇ ਮੁੱਲਾਂ ਪੁਰ ਦਾਖਾ ਵਿਖੇ ਸਰਬਜੀਤ ਕੌਰ ਨਾਂ ਦੀ ਔਰਤ ਦੀ ਚਾਈਨਾ ਡੋਰ ਦੀ ਲਪੇਟ ਵਿਚ ਆਉਣ ਨਾਲ ਹੋਈ ਦਰਦਨਾਕ ਮੌਤ ਨੇ ਸਰਕਾਰ ਅਤੇ ਪ੍ਰਸ਼ਾਸਨ ਦੀ ਕਾਰਗੁਜ਼ਾਰੀ ਤੇ ਵੱਡੇ ਸਵਾਲ ਖੜੇ ਕਰ ਦਿਤੇ ਹਨ। ਬੜੀ ਸ਼ਰਮਨਾਕ ਗੱਲ ਹੈ ਕਿ ਥੋੜੇ ਜਿਹੇ ਪੈਸਿਆਂ ਦੇ ਲਾਲਚ ਵਿਚ ਆ ਕੇ ਪਿੰਡਾ ਅਤੇ ਸ਼ਹਿਰਾਂ ਦੇ ਮੁੱਖੀ ਭਰ ਦੁਕਾਨਦਾਰ ਭੋਲੇਭਾਲੇ ਲੋਕਾਂ ਦੀਆਂ ਜ਼ਿੰਦਗੀਆਂ ਲਈ ਮੌਤ ਦੇ ਵਪਾਰੀ ਬਣ ਬੈਠੇ ਹਨ। ਭਾਵੇਂ ਚਾਈਨਾ ਡੋਰ ਦੇ ਭੰਡਾਰ ਕਰਨ ਅਤੇ ਵੇਚਣ ਵਾਲਿਆਂ ਤੇ ਸਰਕਾਰ ਨੂੰ ਕਾਰਵਾਈ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ, ਉਥੇ ਆਮ ਸਮਾਜ ਨੂੰ ਵੀ ਚਾਹੀਦਾ ਹੈ ਕਿ ਪਤੰਗਬਾਜ਼ੀ ਵਰਗੀਆਂ ਖੇਡਾਂ ਵਿਚ ਚਾਈਨਾ ਡੋਰ ਦੀ ਵਰਤੋਂ ਨਾਲ ਪਸ਼ੂਆਂ ਪੰਛੀਆਂ ਅਤੇ ਇਨਸਾਨਾਂ ਨਾਲ ਵਾਪਰ ਰਹੀਆਂ ਘਟਨਾਵਾਂ ਵਾਰੇ ਆਮ ਸਮਾਜ ਅਤੇ ਆਪਣੇ ਬੱਚਿਆਂ ਨੂੰ ਸਮਝਾਇਆ ਜਾਵੇ । ਸੰਸਥਾ ਵਲੋਂ ਆਮ ਸਮਾਜ ਨੂੰ ਅਪੀਲ ਕਰਦਿਆਂ ਇਹ ਸੁਨੇਹਾ ਵੀ ਸਾਂਝਾ ਕੀਤਾ ਗਿਆ ਕਿ ਪਤੰਗਬਾਜ਼ੀ ਕਰਦੇ ਸਮੇਂ ਮਕਾਨਾਂ ਦੀਆਂ ਰੇਲਿੰਗ ਵਿਹੂਣੀਆ ਛੱਤਾਂ ਤੋਂ ਪਤੰਗ ਨਾ ਉਡਾਏ ਜਾਣ ਅਕਸਰ ਬੱਚੇ ਵੀ ਉਚੀਆਂ ਥਾਵਾਂ ਤੋਂ ਡਿੱਗ ਕੇ ਘਟਨਾਵਾਂ ਦਾ ਸ਼ਿਕਾਰ ਹੋ ਰਹੇ ਹਨ। ਹੋਰਨਾਂ ਤੋਂ ਇਲਾਵਾਂ ਇਸ ਅਵਸਰ ਤੇ ਸੰਸਥਾ ਦੇ ਉਪ ਪ੍ਰਧਾਨ ਸ੍ਰੀ ਸਤੀਸ਼ ਕੁਮਾਰ ਐਮਾਂ ਜਟਾਂ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ, ਪ੍ਰੈਸ ਸਕੱਤਰ ਜੀ ਚੰਨੀ ਪਠਲਾਵਾ, ਸ ਅਮਰਜੀਤ ਸਿੰਘ ਸੂਰਾਪੁਰ, ਸ ਆਤਮਾਂ ਸਿੰਘ ਸੂਰਾਪੁਰ, ਪ੍ਰੋ ਚਰਨਜੀਤ ਸਿੰਘ ਪੋਸੀ, ਰਜਿੰਦਰ ਸਿੰਘ ਜਿੰਦਾ , ਕੈਪਟਨ ਜੋਗਾ ਸਿੰਘ,ਅਤੇ ਬਲਜੀਤ ਸਿੰਘ ਪਠਲਾਵਾ ਹਾਜਿਰ ਸਨ।

**ਰਿਪੋਰਟ ਹਰਪ੍ਰੀਤ ਸਿੰਘ ਪਠਲਾਵਾ**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਗਣਤੰਤਰ ਦਿਵਸ ਮੌਕੇ ਬਠਿੰਡਾ 'ਚ ਲਹਿਰਾਇਆ ਕੌਮੀ ਤਿੰਰਗਾ

# ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਨੂੰ ਕੀਤਾ ਸਿਜਦਾ

**• ਪੰਜਾਬ ਸਰਕਾਰ ਵਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਨੂੰ ਕੀਤਾ ਸਾਂਝਾਂ • ਆਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਤੇ ਹੋਰ ਪ੍ਰਮੁੱਖ ਸਖ਼ਸ਼ੀਅਤਾਂ ਨੂੰ ਕੀਤਾ ਸਨਮਾਨਿਤ • ਲੋੜਵੰਦਾਂ ਨੂੰ ਵੰਡੇ ਟਰਾਈ ਸਾਈਕਲ ਤੇ ਸਿਲਾਈ ਮਸ਼ੀਨਾਂ**

ਬਠਿੰਡਾ, 26 ਜਨਵਰੀ (ਗੁਰਜੰਟ ਸਿੰਘ ਨਥੇਹਾ)- ਮਾਣਯੋਗ ਵਿੱਤ, ਯੋਜਨਾਬੰਦੀ, ਪ੍ਰੋਗਰਾਮ ਲਾਗੂਕਰਨ, ਆਬਕਾਰੀ ਤੇ ਕਰ ਮੰਤਰੀ, ਪੰਜਾਬ ਸ. ਹਰਪਾਲ ਸਿੰਘ ਚੀਮਾ ਨੇ ਸਥਾਨਕ ਸ਼ਹੀਦ ਭਗਤ ਸਿੰਘ ਬਹੁ ਮੰਤਵੀ ਖੇਡ ਸਟੇਡੀਅਮ ਵਿਖੇ 77ਵੇਂ ਗਣਤੰਤਰ ਦਿਵਸ ਮੌਕੇ ਕੌਮੀ ਝੰਡਾ ਲਹਿਰਾਇਆ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਗਣਤੰਤਰ ਦਿਵਸ ਦੀ ਵਧਾਈ ਦਿੰਦਿਆਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਰੰਗਲਾ, ਖੁਸ਼ਹਾਲ, ਹੱਸਦਾ ਤੇ ਖੇਡਦਾ ਪੰਜਾਬ ਬਣਾਉਣ ਲਈ ਨਿਰੰਤਰ ਉਪਰਾਲੇ ਜਾਰੀ ਰੱਖਣ ਦਾ ਅਹਿਦ ਲਿਆ ਅਤੇ ਸਰਕਾਰ ਵਲੋਂ ਸਿਹਤ, ਸਿੱਖਿਆ ਤੇ ਹੋਰ ਖੇਤਰਾਂ ਵਿੱਚ ਕੀਤੀਆਂ ਜਾ ਰਹੀਆਂ ਕ੍ਰਾਂਤੀਕਾਰੀ ਤਬਦੀਲੀਆਂ ਦੀ ਸ਼ਲਾਘਾ ਕੀਤੀ। ਸਮਾਗਮ ਮੌਕੇ ਵਿਧਾਇਕ ਬਠਿੰਡਾ (ਸ਼ਹਿਰੀ) ਸ. ਜਗਰੂਪ ਸਿੰਘ ਗਿੱਲ, ਵਿਧਾਇਕ ਬਠਿੰਡਾ (ਦਿਹਾਤੀ) ਸ਼੍ਰੀ ਅਮਿਤ ਰਤਨ ਕੋਟਫੱਤਾ, ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ ਅਤੇ ਡੀਆਈਜੀ ਬਠਿੰਡਾ ਰੇਂਜ ਸ. ਹਰਜੀਤ ਸਿੰਘ ਮੌਜੂਦ ਰਹੇ। ਇਸ ਤੋਂ ਪਹਿਲਾਂ ਵਿੱਤ ਮੰਤਰੀ ਪੰਜਾਬ ਸ ਹਰਪਾਲ ਸਿੰਘ ਚੀਮਾ ਨੇ ਪ੍ਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਇਸ ਮੌਕੇ ਉਨ੍ਹਾਂ ਦੇ ਨਾਲ ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ, ਐਸਐਸਪੀ ਬਠਿੰਡਾ ਡਾ. ਜਯੋਤੀ ਯਾਦਵ ਬੈਂਸ ਅਤੇ ਪ੍ਰੇਡ ਕਮਾਂਡਰ ਸ਼੍ਰੀ ਰਾਹੁਲ ਭਾਰਦਵਾਜ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਤੋਂ ਪਹਿਲਾ ਸੰਬੋਧਨ ਕਰਦਿਆਂ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ 77ਵੇਂ ਗਣਤੰਤਰ ਦਿਵਸ ਮੌਕੇ ਦੇਸ਼-ਵਿਦੇਸ਼ ਵਿੱਚ ਵਸਦੇ ਸਾਰੇ ਭਾਰਤੀਆਂ ਤੇ ਬਠਿੰਡਾ ਵਾਸੀਆਂ ਨੂੰ ਤਹਿ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ 26 ਜਨਵਰੀ, 1950 ਨੂੰ ਭਾਰਤੀ ਸੰਵਿਧਾਨ ਲਾਗੂ ਹੋਣ ਨਾਲ ਭਾਰਤੀ ਗਣਰਾਜ ਦੀ ਸਥਾਪਨਾ ਹੋਈ ਅਤੇ ਸਾਨੂੰ ਦੁਨੀਆਂ ਵਿੱਚ ਸਭ ਤੋਂ ਵੱਡੀ ਜਮਹੂਰੀਅਤ ਹੋਣ ਦਾ ਮਾਣ ਹਾਸਲ ਹੈ। ਇਸ ਪਵਿੱਤਰ ਦਿਹਾੜੇ ਮੌਕੇ ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਦੇ ਵੱਡਮੁੱਲੇ ਯੋਗਦਾਨ ਨੂੰ ਵੀ ਸਿਜਦਾ ਕੀਤਾ। ਉਨ੍ਹਾਂ ਕਿਹਾ ਕਿ ਸਾਡਾ ਇਤਿਹਾਸ ਜਲ੍ਹਿਆਂਵਾਲਾ ਬਾਗ਼ ਅਤੇ ਹੋਰ ਖ਼ੂਨੀ ਸਾਕਿਆਂ ਨਾਲ ਭਰਿਆ ਹੋਇਆ ਹੈ। ਸਾਨੂੰ ਮਾਣ ਹੈ ਕਿ ਦੇਸ਼ ਦੇ ਆਜ਼ਾਦੀ ਸੰਗਰਾਮ ਵਿੱਚ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ। ਇਸ ਦੌਰਾਨ ਵਿੱਤ ਮੰਤਰੀ ਸ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਡੀ ਸਰਕਾਰ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੋਹਾਲੀ ਕੌਮਾਂਤਰੀ ਹਵਾਈ ਅੱਡੇ ਦਾ ਨਾਮ ਸ਼ਹੀਦ ਸ ਭਗਤ ਸਿੰਘ ਦੇ ਨਾਂ ਉਤੇ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਣ ਉਪਰੰਤ ਹੁਣ ਪੰਜਾਬ ਸਰਕਾਰ ਨੇ ਉਥੇ ਸ਼ਹੀਦ-ਏ-ਆਜ਼ਮ ਦਾ ਬੁੱਤ ਸਥਾਪਤ ਕੀਤਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸਾਡੀ ਸਰਕਾਰ ਫ਼ੌਜੀ ਜਵਾਨਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਸਾਬਕਾ ਫ਼ੌਜੀਆਂ ਦੀ ਭਲਾਈ ਲਈ ਵੀ ਦ੍ਰਿੜ੍ਹ ਸੰਕਲਪ ਹੈ। ਰਾਜ ਸਰਕਾਰ ਨੇ ਸ਼ਹੀਦ ਜਵਾਨਾਂ ਦੇ ਵਾਰਿਸਾਂ ਲਈ ਐਕਸ-ਗ੍ਰੇਸ਼ੀਆ ਰਾਸ਼ੀ 50 ਲੱਖ ਰੁਪਏ ਤੋਂ ਵਧਾ ਕੇ 1 ਕਰੋੜ ਰੁਪਏ ਕੀਤੀ ਹੈ। ਸਾਡੀ ਸਰਕਾਰ ਨੇ ਇਸ ਵਿੱਤੀ ਸਹਾਇਤਾ ਸਕੀਮ ਅਧੀਨ ਅਗਨੀਵੀਰਾਂ ਨੂੰ ਵੀ ਸ਼ਾਮਲ ਕੀਤਾ ਹੈ। ਸੰਬੋਧਨ ਮੌਕੇ ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਸੂਬੇ ਅਤੇ ਦੇਸ਼ ਦੀ ਸੁਰੱਖਿਆ ਲਈ ਜਾਨ ਵਾਰਨ ਵਾਲੇ ਪੁਲੀਸ ਕਰਮਚਾਰੀਆਂ ਦੇ ਪਰਿਵਾਰਾਂ ਨੂੰ ਵੀ ਇਕ ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਪ੍ਰਬੰਧ ਕੀਤਾ ਹੈ। ਪੰਜਾਬ ਸਰਕਾਰ ਨੇ ਧਰਮੀ ਫੌਜੀਆਂ ਨੂੰ ਦਿੱਤੀ ਜਾਂਦੀ ਵਿੱਤੀ ਸਹਾਇਤਾ 10 ਹਜ਼ਾਰ ਤੋਂ ਵਧਾ ਕੇ 12 ਹਜ਼ਾਰ ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਆਜ਼ਾਦੀ ਘੁਲਾਟੀਏ ਸਾਡਾ ਮਾਣ ਹਨ। ਸਾਡੀ ਸਰਕਾਰ ਨੇ ਸੂਬੇ ਦੇ ਆਜ਼ਾਦੀ ਘੁਲਾਟੀਆਂ ਜਾਂ ਉਨ੍ਹਾਂ ਦੇ ਵਾਰਸਾਂ ਨੂੰ ਮਿਲਦੀ ਪੈਨਸ਼ਨ 9400 ਤੋਂ ਵਧਾ ਕੇ 11 ਹਜ਼ਾਰ ਰੁਪਏ ਕਰ ਦਿੱਤੀ ਹੈ। ਸੁਤੰਤਰਤਾ ਸੰਗਰਾਮੀਆਂ ਦੇ ਵਾਰਸਾਂ ਲਈ ਪੰਜਾਬ ਸਰਕਾਰ ਦੀ ਸਿੱਧੀ ਭਰਤੀ ਵਿੱਚ 1 ਫੀਸਦੀ ਰਾਖਵਾਂਕਰਨ ਦਾ ਉਪਬੰਧ ਵੀ ਹੈ। ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦਾ ਵਾਅਦਾ ਪੂਰਾ ਕਰਦਿਆਂ ਸਾਡੀ ਸਰਕਾਰ ਨੇ ਅਪ੍ਰੈਲ 2022 ਤੋਂ ਹੁਣ ਤੱਕ 63 ਹਜ਼ਾਰ ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ। ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਆਉਣ ਵਾਲੀਆਂ ਪੀੜ੍ਹੀਆਂ ਨੂੰ ਇਸ ਵਿਰਾਸਤ ਤੋਂ ਜਾਣੂੰ ਕਰਵਾਉਣ ਲਈ ਵਚਨਬੱਧ ਹੈ। ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਵਿਸ਼ਵ ਪੱਧਰੀ ਸਮਾਗਮਾਂ ਕਰਵਾਏ ਗਏ। ਇਸ ਦੌਰਾਨ ਸ. ਹਰਪਾਲ ਸਿੰਘ ਚੀਮਾ ਨੇ ਇਹ ਵੀ ਕਿਹਾ ਕਿ ਸ੍ਰੀ ਅਨੰਦਪੁਰ ਸਾਹਿਬ ਵਿਖੇ ਭਾਈ ਜੈਤਾ ਜੀ ਯਾਦਗਾਰ 20 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਨੂੰ ਜਾਣ ਵਾਲੇ ਰਸਤੇ ਨੂੰ ਵਿਰਾਸਤੀ ਮਾਰਗ ਵਜੋਂ ਵਿਕਸਿਤ ਕੀਤਾ ਜਾ ਰਿਹਾ ਹੈ। ਸ੍ਰੀ ਗੁਰੂ ਤੇਗ. ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਸੂਬੇ ਦੇ ਸਕੂਲਾਂ ਵਿੱਚ ਨੌਵੇਂ ਪਾਤਸ਼ਾਹ ਦੇ ਜੀਵਨ ਤੇ ਸ਼ਹਾਦਤ ਬਾਰੇ 15 ਦਿਨਾਂ ਦਾ ਵਿਦਿਅਕ ਪਾਠਕ੍ਰਮ ਲਿਆਂਦਾ ਗਿਆ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਖੁਰਾਲਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਨੂੰ ਸਮਰਪਿਤ ਆਧੁਨਿਕ ਇਮਾਰਤ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਸਾਡੇ ਗੁਰੂਆਂ ਪੀਰਾਂ ਵੱਲੋਂ ਦਰਸ਼ਾਏ ਰਸਤੇ ਉੱਤੇ ਚੱਲਦਿਆਂ ਹੀ ਸਾਡੀ ਸਰਕਾਰ ਨੇ ਸਿੱਖਿਆ, ਸਿਹਤ ਅਤੇ ਲੋਕ ਭਲਾਈ ਦੇ ਕਾਰਜਾਂ ਨੂੰ ਹਮੇਸ਼ਾ ਮੁੱਖ ਰੱਖਿਆ ਹੈ। ਸਾਡੀ ਸਰਕਾਰ ਵੱਲੋਂ ਪੰਜਾਬ ਦੇ ਲੋਕਾਂ ਨੂੰ ਦਿੱਤੀਆਂ ਗਈਆਂ ਗਰੰਟੀਆਂ ਨੂੰ ਪੂਰਾ ਕਰਨ ਲਈ ਪਹਿਲੇ ਦਿਨ ਤੋਂ ਹੀ ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਉੱਤੇ ਜੋਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ ਮਹਿਜ਼ 3.5 ਸਾਲਾਂ ਵਿੱਚ 36,948 ਕਰੋੜ ਰੁਪਏ ਦਾ ਆਬਕਾਰੀ ਮਾਲੀਆ, 81,417 ਕਰੋੜ ਰੁਪਏ ਦਾ ਜੀ.ਐਸ.ਟੀ ਅਤੇ 19,016 ਕਰੋੜ ਰੁਪਏ ਸਟੈਂਪ ਅਤੇ ਰਜਿਸਟ੍ਰੇਸ਼ਨ ਤੋਂ ਪ੍ਰਾਪਤ ਕੀਤੇ ਹਨ। ਇਸ ਦੀ ਤੁਲਨਾ ਵਿੱਚ, ਕਾਂਗਰਸ ਸਰਕਾਰ ਨੇ ਆਪਣੇ 5 ਸਾਲਾਂ ਵਿੱਚ ਆਬਕਾਰੀ ਤੋਂ ਸਿਰਫ 27,395 ਕਰੋੜ ਰੁਪਏ ਅਤੇ ਅਕਾਲੀ ਭਾਜਪਾ ਸਰਕਾਰ ਨੇ 20,545 ਕਰੋੜ ਰੁਪਏ, ਅਤੇ ਸਟੈਂਪ ਤੇ ਰਜਿਸਟ੍ਰੇਸ਼ਨ ਤੋਂ ਕਾਂਗਰਸ ਨੇ 12,469 ਕਰੋੜ ਰੁਪਏ ਅਤੇ ਅਕਾਲੀ-ਭਾਜਪਾ ਨੇ 12,387 ਕਰੋੜ ਰੁਪਏਪ੍ਰਾਪਤ ਕੀਤੇ ਸਨ। ਸੂਬਾ ਸਰਕਾਰ ਦਾ ਆਪਣਾ ਕਰ ਮਾਲੀਆ 3.5 ਸਾਲਾਂ ਵਿੱਚ 1,86,314 ਕਰੋੜ ਰੁਪਏ ਰਿਹਾ ਹੈ ਅਤੇ ਕਾਂਗਰਸ ਸਰਕਾਰ ਦੇ 5 ਸਾਲਾਂ ਦੇ ਮੁਕਾਬਲੇ, ਅਸੀਂ ਮਹਿਜ਼ ਸਾਢੇ ਤਿੰਨ ਸਾਲਾਂ ਵਿੱਚ ਹੀ 26,900 ਕਰੋੜ ਰੁਪਏ ਤੋਂ ਵੱਧ ਦਾ ਵਾਧਾ ਦਰਜ ਕੀਤਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅਸੀਂ ਸਿਰਫ ਮਾਲੀਏ ਵਿੱਚ ਵਾਧਾ ਨਹੀਂ ਕੀਤਾ, ਸਗੋਂ ਪੰਜਾਬ ਦੇ ਵਿਕਾਸ 'ਤੇ ਖਰਚ ਵੀ ਕੀਤਾ ਹੈ। ਸਾਡੀ ਸਰਕਾਰ ਨੇ 3.5 ਸਾਲਾਂ ਵਿੱਚ 21,824 ਕਰੋੜ ਰੁਪਏ ਪੂੰਜੀਗਤ ਖਰਚ ਵਜੋਂ ਵਰਤੇ ਹਨ, ਜਦਕਿ ਕਾਂਗਰਸ ਸਰਕਾਰ ਨੇ ਆਪਣੇ ਪੂਰੇ 5 ਸਾਲਾਂ ਵਿੱਚ ਸਿਰਫ 19,356 ਕਰੋੜ ਰੁਪਏ ਅਤੇ ਅਕਾਲੀ-ਭਾਜਪਾ ਨੇ 14,641 ਕਰੋੜ ਰੁਪਏ ਵਿਕਾਸ ਕਾਰਜਾਂ ਲਈ ਖਰਚੇ ਸਨ।












ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬਾ ਸਰਕਾਰ ਨੇ ਇਹ ਪ੍ਰਾਪਤੀਆਂ ਕਰ ਪਾਲਣ ਨੂੰ ਉਤਸ਼ਾਹਿਤ ਕਰਕੇ ਅਤੇ ਟੈਕਸ ਇੰਟੈਲੀਜੈਂਸ ਯੂਨਿਟ ਵਰਗੇ ਆਧੁਨਿਕ ਉਪਰਾਲਿਆਂ ਰਾਹੀਂ ਹਾਸਿਲ ਕੀਤੀਆਂ ਹਨ। ਲੋਕਾਂ ਨੂੰ ਆਪਣੀ ਖਰੀਦ ਦਾ ਬਿੱਲ ਲੈਣ ਵਾਸਤੇ ਉਤਸ਼ਾਹਿਤ ਕਰਨ ਲਈ "ਬਿੱਲ ਲਿਆਓ ਇਨਾਮ ਪਾਓ" ਸਕੀਮ ਤਹਿਤ ਅਪ੍ਰੈਲ 2025 ਤੋਂ ਦਸੰਬਰ 2025 ਤੱਕ 'ਮੇਰਾ ਬਿੱਲ' ਐਪ ਉਤੇ ਆਪਣੇ ਖਰੀਦ ਬਿੱਲਾਂ ਨੂੰ ਅਪਲੋਡ ਕਰਨ ਲਈ 2292 ਜੇਤੂਆਂ ਨੂੰ 1 ਕਰੋੜ 43 ਲੱਖ 90 ਹਜ਼ਾਰ ਰੁਪਏ ਦੇ ਇਨਾਮਾਂ ਨਾਲ ਨਿਵਾਜਿਆ ਗਿਆ ਹੈ। ਵਿੱਦਿਅਕ ਸਾਲ 2025-26 ਵਿੱਚ "ਉੱਦਮਤਾ" ਨੂੰ 11ਵੀਂ ਜਮਾਤ ਵਿੱਚ ਮੁੱਖ ਵਿਸ਼ੇ ਵਜੋਂ ਲਾਗੂ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਹੈ ਤਾਂ ਜੋ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਕੇ ਨੌਕਰੀ ਮੰਗਣ ਵਾਲੇ ਨਹੀਂ ਸਗੋਂ ਰੋਜ਼ਗਾਰ ਦੇਣ ਵਾਲੇ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ 9ਵੀਂ ਤੋਂ 12ਵੀਂ ਜਮਾਤ ਦੇ ਵਿਦਿਆਰਥੀਆਂ ਲਈ ਨਸ਼ਿਆਂ ਦੀ ਰੋਕਥਾਮ ਸੰਬੰਧੀ ਪਾਠਕ੍ਰਮ ਲਾਗੂ ਕੀਤਾ ਗਿਆ। ਇਸ ਨਾਲ ਤਕਰੀਬਨ 8 ਲੱਖ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵ ਤੇ ਇਸ ਅਲਾਮਤ ਤੋਂ ਦੂਰ ਰਹਿਣ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ 265 ਵਿਦਿਆਰਥੀਆਂ ਨੇ ਜੇ.ਈ.ਈ ਮੇਨ 45 ਨੇ ਜੇ.ਈ.ਈ. ਅਡਵਾਂਸ ਅਤੇ 847 ਨੇ ਨੀਟ ਪਾਸ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸਕੂਲੀ ਸਿੱਖਿਆ ਨੂੰ ਵਿਸ਼ਵ ਪੱਧਰੀ ਕਰਨ ਲਈ 234 ਪ੍ਰਿੰਸੀਪਲਾਂ ਅਤੇ ਸਿੱਖਿਆ ਪ੍ਰਸ਼ਾਸਕਾਂ ਨੂੰ ਸਿੰਗਾਪੁਰ ਤੋਂ ਸਿਖਲਾਈ ਪ੍ਰਦਾਨ ਕਰਵਾਈ ਗਈ, 216 ਪ੍ਰਾਇਮਰੀ ਕੇਡਰ ਅਧਿਆਪਕਾਂ ਨੂੰ ਫਿਨਲੈਂਡ ਦੀ ਯੂਨੀਵਰਸਿਟੀ ਆਫ ਤੁਰਕੂ ਤੋਂ ਸਿਖਲਾਈ ਦਿਵਾਈ ਗਈ ਅਤੇ 199 ਮੁੱਖ ਅਧਿਆਪਕ ਆਈ.ਆਈ.ਐਮ. ਅਹਿਮਦਾਬਾਦ ਵਿਖੇ ਸਿਖਲਾਈ ਪ੍ਰਾਪਤ ਕਰ ਚੁੱਕੇ ਹਨ। ਸੂਬੇ ਦੇ 118 ਸਕੂਲਾਂ ਨੂੰ ਸਕੂਲ ਆਫ਼ ਐਮੀਨੈਂਸ ਵਿੱਚ ਬਦਲਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਲਈ ਟਰਾਂਸਪੋਰਟੇਸ਼ਨ ਸੇਵਾ ਵੀ ਸ਼ੁਰੂ ਕੀਤੀ ਗਈ ਹੈ, ਜਿਸ ਦਾ 10 ਹਜਾਰ ਤੋਂ ਵੱਧ ਵਿਦਿਆਰਥੀ ਲਾਭ ਲੈ ਰਹੇ ਹਨ। ਪੰਜਾਬ ਨੇ ਨੈਸ਼ਨਲ ਐਚੀਵਮੈਂਟ ਸਰਵੇ (ਐੱਨ.ਏ.ਐੱਸ) 2024 ਵਿੱਚ ਕੇਰਲਾ ਵਰਗੇ ਸੂਬੇ ਨੂੰ ਪਛਾੜ ਕੇ ਪਹਿਲਾ ਸਥਾਨ ਹਾਸਲ ਕੀਤਾ ਹੈ। ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਸਮਰੱਥ ਬਣਾਉਣ ਲਈ ਉਦਯੋਗਿਕ ਸਿਖਲਾਈ ਸੰਸਥਾਵਾਂ (ਆਈ.ਟੀ.ਆਈ.) ਵਿੱਚ ਸੀਟਾਂ ਦੀ ਗਿਣਤੀ 35,000 ਤੋਂ ਵਧਾ ਕੇ 52,000 ਕੀਤੀ ਗਈ ਹੈ। ਉਦਯੋਗ ਤੇ ਮਾਰਕੀਟ ਦੀਆਂ ਲੋੜਾਂ ਦੇ ਮੱਦੇਨਜ਼ਰ 814 ਨਵੇਂ ਟਰੇਡ ਵੀ ਸ਼ੁਰੂ ਕੀਤੇ ਗਏ ਹਨ। 34 ਸਮਰਪਿਤ ਮਹਿਲਾ ਆਈ.ਟੀ.ਆਈਜ਼. ਅਤੇ ਕੁੜੀਆਂ ਲਈ ਵਿਸ਼ੇਸ਼ ਕੋਰਸਾਂ ਰਾਹੀਂ ਮਹਿਲਾਵਾਂ ਨੂੰ ਸਸ਼ਕਤ ਬਣਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਲੜਕੀਆਂ ਲਈ ਸਹਿ-ਸਿੱਖਿਆ ਟਰੇਡਾਂ ਵਿੱਚ ਔਰਤਾਂ ਲਈ 30% ਰਾਖਵਾਂਕਰਨ ਕੀਤਾ ਗਿਆ ਹੈ। ਪਹਿਲੀ ਵਾਰ, ਸੈਸ਼ਨ 2025 ਤੋਂ ਨੇਤਰਹੀਣ ਵਿਦਿਆਰਥੀਆਂ ਲਈ ਵਿਸ਼ੇਸ਼ ਤੌਰ 'ਤੇ ਇੱਕ ਸਮਰਪਿਤ ਕੰਪਿਊਟਰ ਕੋਰਸ ਪੇਸ਼ ਕੀਤਾ ਗਿਆ ਹੈ। ਪੰਜਾਬ ਨੇ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਵਿਖੇ ਬੀ.ਟੈਕ. ਵਿੱਚ ਮਕੈਨੀਕਲ ਇੰਜੀਨੀਅਰਿੰਗ (ਇੰਡਸਟਰੀ ਇੰਟੀਗ੍ਰੇਟਿਡ) ਪ੍ਰੋਗਰਾਮ ਸ਼ੁਰੂ ਕੀਤਾ। ਇਹ ਦੇਸ਼ ਭਰ ਵਿੱਚ ਆਪਣੀ ਕਿਸਮ ਦਾ ਪਹਿਲਾ ਪ੍ਰੋਗਰਾਮ ਹੈ, ਜਿਸਦੇ ਤਹਿਤ ਪਹਿਲੇ ਸਮੈਸਟਰ ਤੋਂ ਹੀ ਵਿਦਿਆਰਥੀ ਉਦਯੋਗ ਦਾ ਹਿੱਸਾ ਹੋਣਗੇ ਅਤੇ ਉਦਯੋਗ ਕੈਂਪਸ ਨੂੰ ਯੂਨੀਵਰਸਿਟੀ ਦਾ ਡੀਮਡ ਕੈਂਪਸ ਮੰਨਿਆ ਜਾਵੇਗਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਸ ਹਰਪਾਲ ਸਿੰਘ ਚੀਮਾ ਨੇ ਸਿਹਤ 'ਤੇ ਜੋਰ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਪੰਜਾਬ ਅਤੇ ਚੰਡੀਗੜ੍ਹ ਭਰ ਦੇ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ 10 ਲੱਖ ਤੱਕ ਨਕਦ ਰਹਿਤ ਇਲਾਜ ਪ੍ਰਦਾਨ ਕੀਤਾ ਜਾਵੇਗਾ। ਇਸ ਨਾਲ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਜਾਵੇਗਾ ਜਿੱਥੇ ਹਰ ਪਰਿਵਾਰ ਪ੍ਰਤੀ ਸਾਲ ਇਸ ਸਹੂਲਤ ਦਾ ਲਾਭ ਲਵੇਗਾ। ਸਾਡੀ ਸਰਕਾਰ ਵੱਲੋਂ ਸ਼ੁਰੂ ਕੀਤੇ 881 ਆਮ ਆਦਮੀ ਕਲੀਨਿਕਾਂ ਵਿੱਚ ਤਕਰੀਬਨ 5 ਕਰੋੜ ਲੋਕਾਂ ਨੇ ਮੁਫ਼ਤ ਇਲਾਜ਼ ਦਾ ਲਾਭ ਲਿਆ ਹੈ। ਆਮ ਆਦਮੀ ਕਲੀਨਿਕਾਂ ਵਿੱਚ ਮਰੀਜ਼ਾਂ ਲਈ 107 ਤਰ੍ਹਾਂ ਦੀਆਂ ਦਵਾਈਆਂ ਅਤੇ 47 ਕਿਸਮ ਦੇ ਡਾਇਗਨੌਸਟਿਕ ਟੈਸਟ ਮੁਫ਼ਤ ਕੀਤੇ ਜਾਂਦੇ ਹਨ। ਸਾਡੀ ਸਰਕਾਰ ਨੇ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਦੇ ਮਕਸਦ ਨਾਲ 356 ਹਾਈਟੈੱਕ ਐਂਬੂਲੈਂਸਾਂ ਲੋਕਾਂ ਨੂੰ ਸਮਰਪਿਤ ਕੀਤੀਆਂ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਡਾਕਟਰੀ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਪੰਜਾਬ ਨੇ ਮੋਹਾਲੀ ਦੇ ਪੰਜਾਬ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਅਰੀ ਸਾਇੰਸਜ਼ ਵਿਖੇ ਪਹਿਲੀ ਸਫ਼ਲ ਜਿਗਰ ਟ੍ਰਾਂਸਪਲਾਂਟ ਸਰਜਰੀ ਕਰਕੇ ਮੀਲ ਪੱਥਰ ਹਾਸਲ ਕੀਤਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੁਪਨਮਈ ਪ੍ਰਾਜੈਕਟ "ਸੀ.ਐਮ. ਦੀ ਯੋਗਸ਼ਾਲਾ" ਲਈ 635 ਯੋਗਾ ਟ੍ਰੇਨਰਾਂ ਦੀ ਭਰਤੀ ਕੀਤੀ ਗਈ ਹੈ ਅਤੇ ਮੌਜੂਦਾ ਸਮੇਂ ਰੋਜ਼ਾਨਾ ਸਵੇਰੇ 5347 ਸੀ.ਐਮ. ਦੀ ਯੋਗਸ਼ਾਲਾ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਜਿੱਥੇ ਕਰੀਬ 1.64 ਲੱਖ ਲੋਕਾਂ ਵੱਲੋਂ ਸ਼ਮੂਲੀਅਤ ਕੀਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਤਹਿਤ ਜਿੱਥੇ ਨਸ਼ਿਆਂ ਦੇ ਸੌਦਾਗਰਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਉਥੇ ਨਸ਼ਾ ਪੀੜਤਾਂ ਨੂੰ ਮੁੱਖ ਧਾਰਾ ਵਿੱਚ ਲਿਆਉਣ ਲਈ ਪੰਜਾਬ ਵਿੱਚ 548 ਓਟ ਕਲੀਨਿਕ, 36 ਡੀ-ਐਡਿਕਸ਼ਨ ਸੈਂਟਰ, 19 ਰੀਹੈਬਲੀਟੇਸ਼ਨ ਸੈਂਟਰ ਕਾਰਜਸ਼ੀਲ ਹਨ। ਹੁਣ ਤੱਕ ਇਨ੍ਹਾਂ ਸੈਂਟਰਾਂ ਵਿੱਚ ਲਗਭਗ 11 ਲੱਖ ਮਰੀਜ਼ਾਂ ਵੱਲੋਂ ਆਪਣੀ ਰਜਿਸ਼ਟਰੇਸ਼ਨ ਕਰਵਾਈ ਗਈ ਹੈ। ਸੂਬੇ ਵਿਚੋਂ ਨਸ਼ਿਆਂ ਦੇ ਖ਼ਾਤਮੇ ਲਈ ਚਲਾਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੀ ਪੁਰਜ਼ੋਰ ਸਫ਼ਲਤਾ ਤੋਂ ਬਾਅਦ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਹੁਣ ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਤਹਿਤ ਗੈਂਗਸਟਰਾਂ ਵਿਰੁੱਧ ਇੱਕ ਫੈਸਲਾਕੁੰਨ ਜੰਗ ਆਰੰਭ ਦਿੱਤੀ ਹੈ। ਇਸ ਮੁਹਿੰਮ ਵਿੱਚ 12000 ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 2000 ਪੁਲਿਸ ਟੀਮਾਂ ਵੱਲੋਂ 60 ਵਿਦੇਸ਼ੀ ਗੈਂਗਸਟਰਾਂ ਦੇ ਸਾਥੀਆਂ ਦੇ ਮੈਪ ਕੀਤੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ ਜਾ ਰਹੀ ਹੈ। ਐਂਟੀ-ਗੈਂਗਸਟਰ ਹੈਲਪਲਾਈਨ ਨੰਬਰ - 93946-93946 ਵੀ ਸ਼ੁਰੂ ਕੀਤਾ, ਜਿੱਥੇ ਲੋਕ ਅਪਰਾਧੀਆਂ/ਗੈਂਗਸਟਰਾਂ ਬਾਰੇ ਗੁਪਤ ਰੂਪ ਵਿੱਚ ਜਾਣਕਾਰੀ ਦੇ ਸਕਦੇ ਹਨ। ਇਸ ਤੋਂ ਇਲਾਵਾ ਗੈਂਗਸਟਰਾਂ ਨਾਲ ਨਜਿੱਠਣ ਲਈ ਐਂਟੀ ਗੈਂਗਸਟਰ ਟਾਸਕ ਫੋਰਸ ਅਤੇ ਸੂਬੇ ਵਿੱਚੋਂ ਨਸ਼ਿਆਂ ਦਾ ਸਫਾਇਆ ਕਰਨ ਲਈ ਐਂਟੀ ਨਾਰਕੋਟਿਕਸ ਟਾਸਕ ਫੋਰਸ ਦਾ ਗਠਨ ਕੀਤਾ ਗਿਆ ਹੈ। 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸਰਹੱਦ ਪਾਰੋਂ ਨਸ਼ਿਆਂ ਅਤੇ ਹਥਿਆਰਾਂ ਦੀ ਤਸਕਰੀ ਲਈ ਵਰਤੇ ਜਾ ਰਹੇ ਡਰੋਨਾਂ ਨੂੰ ਨਕੇਲ ਪਾਉਣ ਲਈ ਪੰਜਾਬ ਸਰਕਾਰ ਵੱਲੋਂ 3 'ਬਾਜ ਅੱਖ' ਐਂਟੀ ਡਰੋਨ ਸਿਸਟਮ ਸਥਾਪਤ ਕੀਤੇ ਗਏ। ਉਨ੍ਹਾਂ ਕਿਹਾ ਕਿ ਵਿੱਤੀ ਸਾਲ 2025-26 ਦੌਰਾਨ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ 245 ਕਰੋੜ ਰੁਪਏ ਦਾ ਬਜਟ ਉਪਬੰਧ ਕਰਕੇ ਸਾਡੀ ਸਰਕਾਰ ਨੇ ਗਰੀਬ ਵਿਦਿਆਰਥੀਆਂ ਦੇ ਸੁਪਨਿਆਂ ਨੂੰ ਨਵੀਂ ਉਡਾਣ ਦਿੱਤੀ ਹੈ। ਸਾਲ 2025 ਦੌਰਾਨ ਅਸ਼ੀਰਵਾਦ ਸਕੀਮ ਤਹਿਤ 38 ਹਜ਼ਾਰ ਤੋਂ ਵੱਧ ਲਾਭਪਾਤਰੀ ਪਰਿਵਾਰਾਂ ਤੱਕ ਸਹਾਇਤਾ ਪਹੁੰਚਾ ਕੇ ਸਰਕਾਰ ਨੇ ਸਪਸ਼ਟ ਸੰਦੇਸ਼ ਦਿੱਤਾ ਹੈ ਕਿ ਧੀਆਂ ਬੋਝ ਨਹੀਂ, ਸਗੋਂ ਸਮਾਜ ਦੀ ਤਾਕਤ ਹਨ। ਇਸ ਯੋਜਨਾ ਲਈ ਵਿੱਤੀ ਸਾਲ 2025-26 ਵਿੱਚ 360 ਕਰੋੜ ਰੁਪਏ ਦਾ ਬਜਟ ਉਪਬੰਧ ਕੀਤਾ ਗਿਆ ਹੈ। ਸਾਡੀ ਸਰਕਾਰ ਨੇ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਦੀ ਸ਼ੁਰੂਆਤ ਕਰਕੇ ਸਿਸਟਮ ਵਿੱਚੋਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖ਼ਤਮ ਕਰਨ ਲਈ ਵੱਡੀ ਮੁਹਿੰਮ ਵਿੱਢੀ ਹੋਈ ਹੈ। ਤੁਸੀਂ ਸਾਰੇ ਪੰਜਾਬ ਵਿਚੋਂ ਰਿਸ਼ਵਤਖੋਰੀ ਮਿਟਾਉਣ ਲਈ ਸਰਕਾਰ ਦਾ ਸਾਥ ਦਿਓ। ਵਿਜੀਲੈਂਸ ਬਿਊਰੋ ਨੇ ਸਾਲ 2025 ਦੌਰਾਨ 127 ਟਰੈਪ ਕੇਸਾਂ ਵਿੱਚ ਵੱਖ-ਵੱਖ ਵਿਭਾਗਾਂ ਦੇ 144 ਮੁਲਾਜ਼ਮਾਂ ਨੂੰ ਅਤੇ 43 ਪ੍ਰਾਈਵੇਟ ਵਿਅਕਤੀਆਂ ਨੂੰ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ। ਭ੍ਰਿਸ਼ਟਾਚਾਰ ਖਿਲਾਫ਼ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਨਾਉਂਦਿਆਂ ਵਿਜੀਲੈਂਸ ਬਿਊਰੋ ਨੇ 1 ਜਨਵਰੀ ਤੋਂ 31 ਦਸੰਬਰ, 2025 ਤੱਕ 18 ਗਜ਼ਿਟਡ ਅਧਿਕਾਰੀਆਂ ਅਤੇ 126 ਨਾਨ-ਗਜ਼ਿਟਡ ਕਰਮਚਾਰੀਆਂ ਨੂੰ ਕਾਬੂ ਕੀਤਾ ਹੈ।

ਇਸ ਮੌਕੇ ਸ ਚੀਮਾ ਨੇ ਕਿਹਾ ਕਿ ਬਿਜਲੀ ਦੇ ਖੇਤਰ ਵਿੱਚ ਪੰਜਾਬ ਸਰਕਾਰ ਨੇ 1080 ਕਰੋੜ ਰੁਪਏ ਦੀ ਲਾਗਤ ਨਾਲ ਪ੍ਰਾਈਵੇਟ ਕੰਪਨੀ ਜੀ.ਵੀ.ਕੇ. ਪਾਵਰ ਦੀ ਮਾਲਕੀ ਵਾਲਾ ਗੋਇੰਦਵਾਲ ਪਾਵਰ ਪਲਾਂਟ ਖ਼ਰੀਦ ਕੇ ਇਤਿਹਾਸ ਸਿਰਜਿਆ ਹੈ। ਇਸ ਪਲਾਂਟ ਦਾ ਨਾਮ ਤੀਜੇ ਪਾਤਿਸ਼ਾਹ ਦੇ ਨਾਮ ਉਤੇ ਸ੍ਰੀ ਗੁਰੂ ਅਮਰਦਾਸ ਥਰਮਲ ਪਾਵਰ ਪਲਾਂਟ ਰੱਖਿਆ ਗਿਆ ਹੈ। ਸਾਡੀ ਸਰਕਾਰ ਵੱਲੋਂ ਘਰੇਲੂ ਖਪਤਕਾਰਾਂ ਨੂੰ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ, ਜਿਸ ਸਦਕਾ 90 ਫ਼ੀਸਦੀ ਤੋਂ ਵੱਧ ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ। ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਖੇਤਾਂ ਲਈ ਮੁਫਤ ਬਿਜਲੀ ਦੀ ਸਹੂਲਤ ਦਿੱਤੀ ਜਾ ਰਹੀ ਹੈ ਅਤੇ ਸਾਲ 2025-26 ਦੌਰਾਨ ਮੁਫਤ ਬਿਜਲੀ ਦੀ ਸਹੂਲਤ ਲਈ ਕੁੱਲ 9992 ਕਰੋੜ ਰੁਪਏ ਦਾ ਉਪਬੰਧ ਕੀਤਾ ਗਿਆ ਹੈ। ਝੋਨੇ ਦੇ ਸੀਜ਼ਨ ਦੌਰਾਨ ਸਾਡੀ ਸਰਕਾਰ ਨੇ ਖੇਤੀਬਾੜੀ ਖੇਤਰ ਨੂੰ 8 ਘੰਟਿਆਂ ਤੋਂ ਵੱਧ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਗਈ। ਪੰਜਾਬ ਦੀਆਂ ਸੜਕਾਂ ਉਤੇ ਬਿਨਾਂ ਕਿਸੇ ਰੁਕਾਵਟ ਦੇ ਸਫ਼ਰ ਨੂੰ ਯਕੀਨੀ ਬਣਾਉਣ ਲਈ 21 ਟੋਲ ਪਲਾਜਿਆਂ ਉਤੇ ਟੋਲ ਵਸੂਲੀ ਬੰਦ ਕੀਤੀ ਗਈ ਹੈ, ਜਿਸ ਨਾਲ ਰਾਹਗੀਰਾਂ ਨੂੰ ਰੋਜਾਨਾ ਲਗਭਗ 68 ਲੱਖ ਰੁਪਏ ਦੀ ਬੱਚਤ ਹੋ ਰਹੀ ਹੈ। ਬਿਹਤਰੀਨ ਸੜਕੀ ਨੈਟਵਰਕ ਮੁਹੱਈਆ ਕਰਵਾਉਣ ਲਈ ਵਿੱਤੀ ਸਾਲ 2025-26 ਦੌਰਾਨ 840 ਕਿਲੋਮੀਟਰ ਲੰਬੀਆਂ ਸੜਕਾਂ ਦੀ ਉਸਾਰੀ 'ਤੇ 663 ਕਰੋੜ ਰੁਪਏ ਖਰਚ ਕਰਨ ਦੀ ਯੋਜਨਾ ਹੈ, ਜਿਸ ਵਿਚੋਂ 585 ਕਿਲੋਮੀਟਰ ਦੀ ਉਸਾਰੀ ਦਾ ਕੰਮ ਪੂਰਾ ਹੋ ਚੁੱਕਾ ਹੈ। ਵਿੱਤੀ ਸਾਲ 2025-26 ਦੌਰਾਨ 33 ਪੁਲਾਂ ਦੀ ਉਸਾਰੀ 'ਤੇ 155 ਕਰੋੜ ਰੁਪਏ ਖਰਚ ਕਰਨ ਦੀ ਯੋਜਨਾ ਹੈ ਜਿਸ ਵਿਚੋਂ 28 ਪੁਲਾਂ ਦੀ ਉਸਾਰੀ ਦਾ ਕੰਮ ਪ੍ਰਗਤੀ ਅਧੀਨ ਹੈ ਅਤੇ 4 ਪੁਲਾਂ ਦਾ ਕੰਮ ਮੁਕੰਮਲ ਹੋ ਚੁੱਕਾ ਹੈ। ਪੇਂਡੂ ਸੜਕਾਂ ਦੇ ਅੱਪਗਰੇਡੇਸ਼ਨ ਅਧੀਨ ਵਿੱਤੀ ਸਾਲ 2025-26 ਦੌਰਾਨ 641 ਕਿਲੋਮੀਟਰ ਲੰਬੀਆਂ ਸੜਕਾਂ ਦੇ ਨਿਰਮਾਣ ਉਤੇ 600 ਕਰੋੜ ਰੁਪਏ ਖਰਚਣ ਦੀ ਯੋਜਨਾ ਹੈ ਜਿਸ ਵਿਚੋਂ 315 ਕਿਲੋਮੀਟਰ ਸੜਕਾਂ ਦਾ ਨਿਰਮਾਣ ਮੁਕੰਮਲ ਹੋ ਚੁੱਕਾ ਹੈ। ਲੋਕ ਨਿਰਮਾਣ ਵਿਭਾਗ ਨੇ 1543 ਕਰੋੜ ਰੁਪਏ ਦੀ ਲਾਗਤ ਨਾਲ 10 ਹਜਾਰ 262 ਕਿਲੋਮੀਟਰ ਲਿੰਕ ਸੜਕਾਂ ਦੀ ਵਿਸ਼ੇਸ਼ ਮੁਰੰਮਤ/ਆਧੁਨਿਕੀਕਰਨ ਲਈ ਮੁਹਿੰਮ ਸ਼ੁਰੂ ਕੀਤੀ ਹੈ। ਇਸ ਤੋਂ ਇਲਾਵਾ 2 ਹਜਾਰ 920 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ 7 ਹਜਾਰ 767 ਕਿਲੋਮੀਟਰ ਲਿੰਕ ਸੜਕਾਂ ਨੂੰ ਚੌੜਾ ਕਰਨ, ਆਧੁਨਿਕੀਕਰਨ ਅਤੇ ਨਵੀਂ ਕੁਨੈਕਟੀਵਿਟੀ ਦਾ ਕੰਮ ਵੀ ਸ਼ੁਰੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਸਮਰਪਿਤ 'ਸੜਕ ਸੁਰੱਖਿਆ ਫੋਰਸ' ਵੱਲੋਂ ਹੁਣ ਤੱਕ 19 ਹਜਾਰ ਤੋਂ ਵੱਧ ਵਿਅਕਤੀਆਂ ਨੂੰ ਮੌਕੇ 'ਤੇ ਮੁੱਢਲੀ ਸਹਾਇਤਾ ਪ੍ਰਦਾਨ ਕੀਤੀ ਗਈ ਹੈ ਅਤੇ 26 ਹਜਾਰ ਤੋਂ ਵੱਧ ਜ਼ਖਮੀਆਂ ਨੂੰ ਹਸਪਤਾਲਾਂ ਤੱਕ ਪਹੁੰਚਾਇਆ ਹੈ। ਇਸ ਨਾਲ ਸੜਕੀ ਹਾਦਸਿਆਂ ਵਿੱਚ ਹੋਣ ਵਾਲੀ ਮੌਤ ਦਰ ਵਿੱਚ 50 ਫੀਸਦ ਗਿਰਾਵਟ ਆਈ ਹੈ। ਇਸੇ ਤਰ੍ਹਾਂ ਸਾਡੀ ਸਰਕਾਰ ਨੇ ਫਰਿਸ਼ਤੇ ਸਕੀਮ ਸ਼ੁਰੂ ਕੀਤੀ ਜਿਸ ਤਹਿਤ ਸੜਕ ਹਾਦਸੇ ਦੇ ਪੀੜਤਾਂ ਦੀ ਮਦਦ ਲਈ ਆਮ ਲੋਕਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਲਈ ਸੂਬਾ ਸਰਕਾਰ ਵੱਲੋਂ ਸਹਾਇਤਾ ਕਰਨ ਵਾਲੇ 'ਫਰਿਸ਼ਤੇ' ਨੂੰ 2000 ਰੁਪਏ ਦੀ ਇਨਾਮੀ ਰਾਸ਼ੀ ਦੇਣ ਤੋਂ ਇਲਾਵਾ ਪ੍ਰਸ਼ੰਸਾ ਪੱਤਰ ਦਿੱਤਾ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਜ਼ਿਲ੍ਹਾ ਬਠਿੰਡਾ ਦੇ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਬਠਿੰਡਾ ਜ਼ਿਲ੍ਹਾ ਅੱਜ ਅਧੁਨਿਕ ਸੜਕਾਂ, ਉੱਚ ਪਾਏ ਦੀ ਸਿੱਖਿਆ ਅਤੇ ਬਿਹਤਰ ਸਿਹਤ ਸਹੂਲਤਾਂ ਨਾਲ 'ਰੰਗਲੇ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰ ਰਿਹਾ ਹੈ। ਜਿਲ੍ਹੇ ਵਿੱਚ ਬਿਹਤਰ ਆਵਾਜਾਈ ਸਹੂਲਤ ਲਈ ਮੁਲਤਾਨੀਆ ਰੋਡ 'ਤੇ ਲਗਭਗ 38 ਕਰੋੜ ਰੁਪਏ ਦੀ ਲਾਗਤ ਨਾਲ ਓਵਰ ਬ੍ਰਿਜ ਤਿਆਰ ਕੀਤਾ ਗਿਆ ਹੈ। ਇਸ ਪੁਲ ਦੇ ਹੇਠਾਂ ਖਾਲੀ ਜਗ੍ਹਾ ਨੂੰ ਜਿਮ ਅਤੇ ਵਾਕਿੰਗ ਟਰੈਕ ਵਾਲੇ ਖੇਡ ਮੈਦਾਨ ਵਜੋਂ ਵਿਕਸਤ ਕੀਤਾ ਜਾਵੇਗਾ। ਇਸੇ ਤਰ੍ਹਾਂ 63.55 ਕਰੋੜ ਰੁਪਏ ਦੀ ਲਾਗਤ ਨਾਲ ਬਣੇ ਰਾਮਪੁਰਾ ਰੇਲਵੇ ਓਵਰ ਬ੍ਰਿਜ ਸਦਕਾ ਰੇਲਵੇ ਫਾਟਕਾਂ ਦੀ ਸਮੱਸਿਆ ਖ਼ਤਮ ਹੋਈ ਅਤੇ ਲੋਕਾਂ ਦੇ ਸਮੇਂ ਤੇ ਪੈਸੇ ਦੀ ਬੱਚਤ ਯਕੀਨੀ ਹੋਈ। ਜਨਤਾ ਨਗਰ ਰੇਲਵੇ ਅੰਡਰ ਬ੍ਰਿਜ ਲਈ ਵੀ 50.86 ਕਰੋੜ ਰੁਪਏ ਦੀ ਪ੍ਰਵਾਨਗੀ ਦਿੱਤੀ ਜਾ ਚੁੱਕੀ ਹੈ ਅਤੇ ਜਲਦ ਹੀ ਇਸ ਦਾ ਕੰਮ ਸ਼ੁਰੂ ਕੀਤਾ ਜਾਵੇਗਾ। ਇਸ ਨਾਲ ਸ਼ਹਿਰ ਦੀ ਟ੍ਰੈਫਿਕ ਸਮੱਸਿਆ ਦਾ ਪੱਕਾ ਹੱਲ ਹੋਵੇਗਾ।

ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਬੋਲੇ ਸੋ ਨਿਹਾਲ ਦੇ

# ਜੈਕਾਰਿਆਂ ਦੀ ਗੂੰਜ ਵਿੱਚ ਮਹਾਨ ਨਗਰ ਕੀਰਤਨ ਸਜਾਇਆ











ਜਗਰਾਉਂ -(ਵਰਿਆਮ ਹਠੂਰ) ਜ਼ਿਲ੍ਹਾ ਲੁਧਿਆਣਾ ਦੇ ਪਿੰਡ ਰਸੂਲਪੁਰ (ਮੱਲ੍ਹਾ) ਵਿਖੇ ਕ੍ਰਾਂਤੀਕਾਰੀ ਰਹਿਬਰ ਸਤਿਗੁਰ ਰਵਿਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਗੁਰਦੁਆਰਾ ਗੁਰੂ ਰਵਿਦਾਸ ਜੀ ਤੋਂ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਮਹਾਨ ਨਗਰ ਕੀਰਤਨ ਸਜਾਇਆ ਗਿਆ, ਸਵੇਰੇ ਅਰਦਾਸ ਉਪਰੰਤ ਨਗਰ ਕੀਰਤਨ ਦੀ ਆਰੰਭਤਾ ਹੋਈ, ਮਹਾਨ ਨਗਰ ਕੀਰਤਨ ਦੇ ਸਭ ਤੋਂ ਅੱਗੇ ਸ਼ਹੀਦ ਬਾਬਾ ਜੀਵਨ ਸਿੰਘ ਕਲੱਬ ਰਸੂਲਪੁਰ ਦੇ ਨੋਜਵਾਨ ਸੇਵਾਦਾਰਾਂ ਵੱਲੋਂ ਸਾਫ ਸਫਾਈ ਅਤੇ ਕਲੀ ਪਾਉਣ ਦੀਆਂ ਸੇਵਾਵਾਂ ਨਿਭਾਈਆਂ ਜਾ ਰਹੀਆਂ ਸਨ। ਤੇ ਬੈਂਡ ਪਾਰਟੀ ਮਨਮੋਹਨ ਧੁਨਾਂ ਵਜਾ ਕੇ ਮਹੌਲ ਨੂੰ ਹੋਰ ਵੀ ਮੰਤਰ ਮੁਗਧ ਕਰ ਰਹੀ ਸੀ। ਜਿੱਥੇ ਬਾਣੇ ਵਿੱਚ ਸਜੇ ਸਿੰਘ ਝੁਲਦੇ ਨਿਸ਼ਾਨਾਂ ਨੂੰ ਲੈ ਕੇ ਅੱਗੇ ਚੱਲ ਰਹੇ ਸਨ। ਉੱਥੇ ਪੰਜ ਪਿਆਰਿਆਂ ਦੀ ਅਗਵਾਈ ਤੇ ਫੁੱਲ ਨਾਲ ਸਜਾਈ ਪਾਲਕੀ ਖਿੱਚ ਦਾ ਕੇਂਦਰ ਬਣੀ ਹੋਈ ਸੀ। ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਨਗਰ ਕੀਰਤਨ ਵਿੱਚ ਹਾਜ਼ਰੀ ਭਰ ਕੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਮਹਾਨ ਨਗਰ ਕੀਰਤਨ ਵਿੱਚ ਜਗਤਾਰ ਸਿੰਘ ਧਾਂਦਰਾ ਦੇ ਪ੍ਰਸਿੱਧ ਕਵੀਸ਼ਰੀ ਜੱਥੇ ਨੇ ਗੁਰ ਇਤਿਹਾਸ ਸੁਣਾ ਕੇ ਗੁਰਸੰਗਤਾਂ ਨੂੰ ਨਿਹਾਲ ਕੀਤਾ, ਅਤੇ ਨਾਲ ਨਾਲ ਗੁਰਦੁਆਰਾ ਦੂਖ ਨਿਵਾਰਨ ਸਾਹਿਬ ਸਰੋਵਰ (ਕੈਂਮਾ ਵਾਲੀ ਢਾਬ) ਤੋਂ ਹਰਦੀਪ ਸਿੰਘ ਖਾਲਸਾ ਰਸੂਲਪੁਰ ਵਾਲਿਆਂ ਦਾ ਕੀਰਤਨੀ ਜੱਥਾ ਕੀਰਤਨ ਦੀਆਂ ਸੇਵਾਵਾਂ ਨਿਭਾਉਂਦਾ ਨਜ਼ਰ ਆਇਆ, ਵੱਖ ਵੱਖ ਪੜਾਵਾਂ ਤੇ ਸੇਵਾਦਾਰਾਂ ਵੱਲੋਂ ਚਾਹ ਪਕੌੜਿਆਂ ਅਤੇ ਹੋਰ ਵੱਖ ਵੱਖ ਪਕਵਾਨਾਂ ਦੇ ਲੰਗਰ ਲਗਾਏ ਗਏ, ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੱਖ ਵੱਖ ਪੜਾਵਾਂ ਤੇ ਸੇਵਾਦਾਰਾਂ ਅਤੇ ਸਹਿਯੋਗੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ, ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰੂ ਨਾਨਕ ਨਗਰ ਕੀਰਤਨ ਕਮੇਟੀ ਰਸੂਲਪੁਰ ਦੇ ਪ੍ਰਧਾਨ ਜੋਰਾ ਸਿੰਘ ਰਸੂਲਪੁਰ ਨੂੰ ਵੀ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ, ਮਹਾਨ ਨਗਰ ਕੀਰਤਨ ਨਗਰ ਦੀਆਂ ਵੱਖ ਵੱਖ ਥਾਵਾਂ ਦੀ ਪ੍ਰਕਰਮਾ ਕਰਦਾ ਹੋਇਆ ਪੜਾਅ ਦਰ ਪੜਾਅ ਦੇਰ ਸ਼ਾਮ ਵਾਪਿਸ ਗੁਰਦੁਆਰਾ ਸਾਹਿਬ ਪਹੁੰਚਿਆ ਜਿੱਥੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਸਮਾਪਤੀ ਹੋਈ, ਅੰਤ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਭਾਈ ਤਰਸੇਮ ਸਿੰਘ ਅਤੇ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੇਵਾਦਾਰਾਂ, ਸਹਿਯੋਗੀਆਂ, ਅਤੇ ਵੱਡੀ ਗਿਣਤੀ ਵਿੱਚ ਪਹੁੰਚੀਆਂ ਗੁਰਸੰਗਤਾਂ ਦਾ ਹਾਜ਼ਰੀਆਂ ਭਰਨ ਲਈ ਧੰਨਵਾਦ ਕੀਤਾ, ਤੇ ਸਤਿਗੁਰ ਰਵਿਦਾਸ ਜੀ ਦੇ ਆਗਮਨ ਪੁਰਬ ਦੀਆਂ ਸਮੂਹ ਗੁਰਸੰਗਤਾਂ ਨੂੰ ਵਧਾਈਆਂ ਦਿੱਤੀਆਂ, ਸਹਿਯੋਗੀ ਸ਼ਖ਼ਸੀਅਤਾਂ ਹਰਮੇਲ ਸਿੰਘ ਰਵੇਲ ਮਨੀਲਾ ਵਾਲੇ, ਜਸਵਿੰਦਰ ਸਿੰਘ ਹੀਰਾ ਦੁਬਈ, ਹਰਪ੍ਰੀਤ ਸਿੰਘ ਦੁਬਈ, ਗੁਰਮੀਤ ਸਿੰਘ ਫੌਜੀ, ਰਣਧੀਰ ਸਿੰਘ ਧੀਰਾ ਅਮਰੀਕਾ, ਬਲਵੰਤ ਸਿੰਘ ਆੜਤੀਆ, ਹਰਪ੍ਰੀਤ ਸਿੰਘ ਆੜਤੀਆਂ ਕੈਨੇਡਾ, ਸੁਖਬੀਰ ਸਿੰਘ ਦੁਬਈ, ਕੰਧਾਰਾ ਸਿੰਘ ਕੈਨੇਡਾ, ਸਾਬਕਾ ਸਰਪੰਚ ਜੋਗਿੰਦਰ ਸਿੰਘ, ਬਾਬਾ ਤੇਜਾ ਸਿੰਘ, ਸਾਬਕਾ ਸਰਪੰਚ ਨਛੱਤਰ ਸਿੰਘ, ਹਰਪਾਲ ਸਿੰਘ, ਬੇਅੰਤ ਸਿੰਘ, ਹਰਨੇਕ ਸਿੰਘ ਫੌਜੀ, ਪਰਮਿੰਦਰ ਸਿੰਘ ਦਲਬਾਰਾ ਸਿੰਘ, ਗੁਰਮੀਤ ਸਿੰਘ ਮੱਲ੍ਹੇ ਵਾਲੇ, ਚਮਕੌਰ ਸਿੰਘ ਮੱਲ੍ਹੇ ਵਾਲੇ, ਬਲਦੇਵ ਸਿੰਘ ਫੌਜੀ, ਬਲਦੇਵ ਸਿੰਘ ਗੱਡੀ ਵਾਲੇ, ਵਰਿੰਦਰ ਸਿੰਘ ਕੈਨੇਡਾ, ਸੂਬੇਦਾਰ ਮੇਜਰ ਸਿੰਘ, ਫੌਜੀ ਮੇਜਰ ਸਿੰਘ ਤੋਂ ਇਲਾਵਾ ਗੁਰੂ ਘਰ ਦੇ ਮੁੱਖ ਸੇਵਾਦਾਰ ਤਰਸੇਮ ਸਿੰਘ, ਬੂਟਾ ਸਿੰਘ, ਹਰਦੇਵ ਸਿੰਘ, ਓਮਕਾਰ ਸਿੰਘ, ਅਮਰਪਾਲ ਸਿੰਘ, ਗੁਰਪ੍ਰੀਤ ਸਿੰਘ, ਗੁਰਦੀਪ ਸਿੰਘ ਜਤਿੰਦਰ ਸਿੰਘ, ਪਰਵਿੰਦਰ ਸਿੰਘ, ਹਰਮਨ ਸਿੰਘ, ਗੱਗਾ, ਅੰਸ਼, ਰਾਜਾ ਸਿੰਘ ਪ੍ਰਧਾਨ ਅਮਰਜੀਤ ਸਿੰਘ ਰਸੂਲਪੁਰ, ਪ੍ਰਧਾਨ ਜੋਰਾ ਸਿੰਘ ਰਸੂਲਪੁਰ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।

## ਪ੍ਰਧਾਨ ਤਰਸੇਮ ਸਿੰਘ ਖਾਲਸਾ ਨੇ ਸੇਵਾਦਾਰਾਂ ਅਤੇ ਸਮੂਹ ਗੁਰਸੰਗਤਾਂ ਦਾ ਕੀਤਾ ਧੰਨਵਾਦ

# ਦਿੜਬਾ ਬਣਿਆ ਪੰਜਾਬ 'ਚ 100 ਫੁੱਟ ਉੱਚੇ ਤਿਰੰਗੇ ਵਾਲਾ ਪਹਿਲਾ ਐਸ.ਡੀ.ਐਮ. ਦਫ਼ਤਰ

## ਤਿਰੰਗਾ ਸ਼ਹੀਦਾਂ ਦੀਆਂ ਕੁਰਬਾਨੀਆਂ ਦੀ ਅਮਰ ਨਿਸ਼ਾਨੀ: ਹਰਪਾਲ ਸਿੰਘ ਚੀਮਾ



ਦਿੜਬਾ ( ਰਣਜੀਤ ਸਿੰਘ ਪੇਧਨੀ )-ਸੰਗਰੂਰ ਜ਼ਿਲ੍ਹੇ ਦਾ ਦਿੜਬਾ ਸਬ ਡਿਵੀਜ਼ਨ ਦਫ਼ਤਰ ਪੰਜਾਬ ਦਾ ਪਹਿਲਾ ਐਸ.ਡੀ.ਐਮ. ਦਫ਼ਤਰ ਬਣ ਗਿਆ ਹੈ, ਜਿੱਥੇ 100 ਫੁੱਟ ਉੱਚਾ ਕੌਮੀ ਝੰਡਾ ਤਿਰੰਗਾ ਲਹਿਰਾਇਆ ਗਿਆ ਹੈ। ਇਸ ਮਹੱਤਵਪੂਰਣ ਅਤੇ ਗੌਰਵਮਈ ਉਪਰਾਲੇ ਮੌਕੇ ਪੰਜਾਬ ਦੇ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਦਿੜਬਾ ਵਾਸੀਆਂ ਨੂੰ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਤਿਰੰਗਾ ਸਾਡੀ ਏਕਤਾ, ਅਖੰਡਤਾ ਅਤੇ ਲੋਕਤੰਤਰ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੱਖਾਂ ਆਜ਼ਾਦੀ ਘੁਲਾਟੀਆਂ ਅਤੇ ਸ਼ਹੀਦਾਂ ਦੀਆਂ ਅਣਗਿਣਤ ਕੁਰਬਾਨੀਆਂ ਸਦਕਾ ਹੀ ਅੱਜ ਭਾਰਤ ਦੁਨੀਆਂ ਦਾ ਸਭ ਤੋਂ ਵੱਡਾ ਲੋਕਤੰਤਰ ਬਣਿਆ ਹੈ ਅਤੇ ਹਰ ਨਾਗਰਿਕ ਨੂੰ ਸੰਵਿਧਾਨਿਕ ਹੱਕਾਂ ਦੀ ਰਾਖੀ ਦਾ ਅਧਿਕਾਰ ਪ੍ਰਾਪਤ ਹੋਇਆ ਹੈ। ਉਨ੍ਹਾਂ ਦੱਸਿਆ ਕਿ ਐਸ.ਡੀ.ਐਮ. ਦਫ਼ਤਰ ਵਿਖੇ 25 ਲੱਖ ਰੁਪਏ ਦੀ ਲਾਗਤ ਨਾਲ 100 ਫੁੱਟ ਉੱਚਾ ਤਿਰੰਗਾ ਸਥਾਪਿਤ ਕਰਨ ਦੇ ਨਾਲ-ਨਾਲ ਆਲੇ-ਦੁਆਲੇ ਦੇ ਖੇਤਰ ਦਾ ਸੁੰਦਰੀਕਰਨ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਤ ਸਮੇਂ ਵੀ ਕੌਮੀ ਝੰਡਾ ਸਪਸ਼ਟ ਤੌਰ 'ਤੇ ਦਿੱਖੇ, ਇਸ ਲਈ ਵਿਸ਼ੇਸ਼ ਲਾਈਟਿੰਗ ਦੀ ਵਿਵਸਥਾ ਕੀਤੀ ਗਈ ਹੈ ਅਤੇ ਤਿਰੰਗੇ ਲਈ ਅਜਿਹਾ ਕੱਪੜਾ ਵਰਤਿਆ ਗਿਆ ਹੈ ਜੋ ਰਾਤ ਸਮੇਂ ਵੀ ਚਮਕਦਾ ਰਹੇਗਾ। ਸ. ਚੀਮਾ ਨੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਨੂੰ ਯਾਦ ਕਰਦਿਆਂ ਕਿਹਾ ਕਿ ਭਾਰਤ ਦੇ ਸੰਵਿਧਾਨ ਦੀ ਰਚਨਾ ਅਤੇ ਉਸ ਦੀ ਮਜ਼ਬੂਤ ਨੀਂਹ ਸਦਕਾ ਹੀ ਦੁਨੀਆਂ ਦੇ ਸਭ ਤੋਂ ਵੱਡੇ ਲੋਕਤੰਤਰ ਦੀ ਸਥਾਪਨਾ ਸੰਭਵ ਹੋ ਸਕੀ ਹੈ। ਉਨ੍ਹਾਂ ਕਿਹਾ ਕਿ ਸੰਵਿਧਾਨ ਸਿਰਫ਼ ਇੱਕ ਕਾਨੂੰਨੀ ਦਸਤਾਵੇਜ਼ ਹੀ ਨਹੀਂ, ਸਗੋਂ ਇਹ ਸਮਾਜਿਕ ਨਿਆਂ, ਬਰਾਬਰੀ, ਆਜ਼ਾਦੀ ਅਤੇ ਭਰਾਤਰੀਭਾਵ ਦੇ ਮੁੱਲਾਂ ਦਾ ਪ੍ਰਤੀਕ ਹੈ, ਜੋ ਹਰ ਭਾਰਤੀ ਨੂੰ ਇਕਸਾਰ ਅਧਿਕਾਰ ਅਤੇ ਮਰਿਆਦਾ ਪ੍ਰਦਾਨ ਕਰਦਾ ਹੈ।ਉਨ੍ਹਾਂ ਅੱਗੇ ਕਿਹਾ ਕਿ ਤਿਰੰਗਾ ਸਾਨੂੰ ਸਾਡੇ ਬਜ਼ੁਰਗਾਂ ਅਤੇ ਸ਼ਹੀਦਾਂ ਦੀਆਂ ਮਹਾਨ ਕੁਰਬਾਨੀਆਂ ਦੀ ਯਾਦ ਦਿਵਾਉਂਦਾ ਹੈ ਅਤੇ ਹਰ ਨਾਗਰਿਕ ਨੂੰ ਦੇਸ਼ ਦੀ ਸੇਵਾ, ਸੰਵਿਧਾਨ ਦੀ ਰਾਖੀ ਅਤੇ ਲੋਕਤੰਤਰ ਦੀ ਮਜ਼ਬੂਤੀ ਲਈ ਲਗਾਤਾਰ ਯਤਨ ਕਰਨ ਦੀ ਪ੍ਰੇਰਣਾ ਦਿੰਦਾ ਹੈ। ਇਹ 25 ਲੱਖ ਰੁਪਏ ਦੀ ਲਾਗਤ ਨਾਲ ਲਗਾਇਆ ਗਿਆ 100 ਫੁੱਟ ਉੱਚਾ ਤਿਰੰਗਾ ਨਾ ਸਿਰਫ਼ ਦਿੜਬਾ ਲਈ ਮਾਣ ਦਾ ਕੇਂਦਰ ਬਣੇਗਾ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਵਿੱਚ ਦੇਸ਼ਭਗਤੀ, ਰਾਸ਼ਟਰੀ ਏਕਤਾ ਅਤੇ ਸੰਵਿਧਾਨਿਕ ਮੁੱਲਾਂ ਪ੍ਰਤੀ ਸਨਮਾਨ ਨੂੰ ਹੋਰ ਮਜ਼ਬੂਤ ਕਰੇਗਾ। ਸ. ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਤੰਤਰਿਕ ਸੰਸਥਾਵਾਂ ਨੂੰ ਮਜ਼ਬੂਤ ਕਰਨ, ਰਾਸ਼ਟਰੀ ਚੇਤਨਾ ਨੂੰ ਉਤਸ਼ਾਹਿਤ ਕਰਨ ਅਤੇ ਸੰਵਿਧਾਨਿਕ ਮੁੱਲਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਲਗਾਤਾਰ ਅਜਿਹੇ ਉਪਰਾਲੇ ਕਰਦੀ ਰਹੇਗੀ। ਇਸ ਮੌਕੇ ਐਸ.ਡੀ.ਐਮ. ਦਿੜਬਾ ਰਾਜੇਸ਼ ਸ਼ਰਮਾ, ਨਗਰ ਕੌਂਸਲ ਦੇ ਪ੍ਰਧਾਨ ਮਨਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪੰਚ, ਸਰਪੰਚ ਅਤੇ ਹੋਰ ਗਣਮਾਨਯ ਹਸਤੀਆਂ ਮੌਜੂਦ ਸਨ।

## ਸ਼ੀਤਲ ਜੁਨੇਜ਼ਾ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਮੈਂਬਰ, ਪੰਜਾਬ ਸਰਕਾਰ ਵਲੋ ਪੰਜਾਬ ਟ੍ਰੇਡ ਕਮਿਸ਼ਨ ਦੇ ਚੇਅਰਮੈਨ ਅਤੇ ਮੈਂਬਰਾ ਦਾ ਵਿਸ਼ੇਸ਼ ਤੌਰ ਤੇ ਆਪਣੇ ਦਫ਼ਤਰ ਵਿੱਖੇ ਸਨਮਾਨਿਤ ਕੀਤਾ ਗਿਆ



**ਚੌਕ ਮਹਿਤਾ, 27 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਤੋ ਨਵੇਂ ਬਣੇ ਚੈਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸ਼ਮਾ ਅਤੇ ਸਮੂਹ ਮੈਂਬਰਾਂ ਨੂੰ ਸ੍ਰੀ ਸ਼ੀਤਲ ਜੁਨੇਜਾ ਸਟੇਟ ਟਰੇਡਰਜ ਕਮਿਸ਼ਨ ਪੰਜਾਬ ਸਰਕਾਰ ਦੇ ਮੈਂਬਰ ਵਲੋਂ ਆਪਣੇ ਦਫਤਰ ਵਿੱਚ ਸਨਮਾਨਿਤ ਕੀਤਾ ਗਿਆ ਅਤੇ ਵੱਡਾ ਥਾਪੜਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਸਾਡੀ ਹਾਈ ਕਮਾਂਡ ਹਰ ਵਰਕਰਾਂ ਮਿਹਨਤ ਦਾ ਮੁੱਲ ਪਾਉਂਦੀ ਹੈ।ਜਿਸ ਤਰ੍ਹਾਂ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਅਤੇ ਉਨ੍ਹਾਂ ਦੇ ਨਾਲ ਬਣੇ ਮੈਂਬਰਾ ਨੂੰ ਪਾਰਟੀ ਵੱਲੋਂ ਮਾਨ ਸਨਮਾਨ ਕੀਤਾ ਗਿਆ ਹੈ। ਇਸ ਮੌਕੇ ਤੇ ਅਭਿਸ਼ੇਕ ਬਾਂਸਲ ਜ਼ਿਲਾ ਪ੍ਰਧਾਨ ਟ੍ਰੇਡ ਵਿੰਗ ਅੰਮ੍ਰਿਤਸਰ ਮੈਂਬਰ ਅਮਰ ਰਾਵਤ ਸੁਖਦੇਵ ਸਿੰਘ ਬੁੱਟਰ ਰਾਜਵਿੰਦਰ ਸਿੰਘ ਪੱਡਾ ਸੁਖਵਿੰਦਰ ਸਿੰਘ ਜਲਾਲ ਜਗਤਾਰ ਸਿੰਘ ਧਰਮੂਚੱਕ ਮਨਦੀਪ ਸਿੰਘ ਜਗਜੀਤ ਸਿੰਘ ਉਸ਼ਮਾ ਰਜੇਸ਼ ਰਾਜ਼ਨ, ਰਮੇਸ਼ ਅਸ਼ਵਨੀ ਅਤੇ ਗਰੋਵਰ ਸ਼ਾਬ ਘੁਹਾਟਵਿੰਡ, ਸਰਪੰਚ ਪ੍ਰਗਟ ਸਿੰਘ ਬੁੱਟਰ ਨਾਲ ਹਾਜ਼ਰ ਸਨ। ਉਹਨਾ ਹਾਈਕਮਾਂਡ ਅਤੇ ਸ੍ਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਸਰਕਾਰ ਦਾ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਉ ਜੀ ਦਾ ਧੰਨਵਾਦ ਕੀਤਾ, ਉਨ੍ਹਾਂ ਨੇ ਕਿਹਾ ਕਿ ਆਉਣ ਵਾਲੀਆ 2027 ਵਿੱਚ ਫਿਰ ਸਰਕਾਰ ਫਿਰ ਆਮ ਆਦਮੀ ਪਾਰਟੀ ਦੀ ਜਿੱਤ ਪ੍ਰਾਪਤ ਕਰਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕਿਉਂ ਇਨਸਾਨ ਜਾਨਵਰ ਬਣਦਾ ਜਾ ਰਿਹਾ ?



ਅਸੀਂ ਅਕਸਰ ਕਹਿੰਦੇ ਹਾਂ ਕਿ ਅੱਜ ਦਾ ਸਮਾਜ ਤਰੱਕੀ ਕਰ ਰਿਹਾ ਹੈ। ਵਿਗਿਆਨ, ਤਕਨਾਲੋਜੀ, ਸਿੱਖਿਆ ਅਤੇ ਸੁਵਿਧਾਵਾਂ ਦੇ ਪੱਖੋਂ ਅਸੀਂ ਕਾਫ਼ੀ ਅੱਗੇ ਵਧ ਗਏ ਹਾਂ। ਪਰ ਇਸ ਤਰੱਕੀ ਦੇ ਨਾਲ-ਨਾਲ ਇੱਕ ਹੋਰ ਸੱਚ ਵੀ ਸਾਡੇ ਸਾਹਮਣੇ ਖੜਾ ਹੈ—ਇਨਸਾਨ ਦਾ ਇਨਸਾਨੀਅਤ ਤੋਂ ਦੂਰ ਹੋਣਾ। ਅੱਜ ਦੇ ਦੌਰ ਵਿੱਚ ਕਈ ਘਟਨਾਵਾਂ ਐਸੀਆਂ ਵਾਪਰ ਰਹੀਆਂ ਹਨ ਜੋ ਸਾਨੂੰ ਸੋਚਣ ਲਈ ਮਜਬੂਰ ਕਰ ਦਿੰਦੀਆਂ ਹਨ ਕਿ ਕੀ ਅਸੀਂ ਸੱਚਮੁੱਚ ਇਨਸਾਨ ਰਹਿ ਗਏ ਹਾਂ ਜਾਂ ਅੰਦਰੋਂ ਜਾਨਵਰ ਬਣਦੇ ਜਾ ਰਹੇ ਹਾਂ ?

ਆਵਾਜ਼ਿ ਕੌਮ AWAZE QAUM International Newspaper & WEB TV

ਇਨਸਾਨ ਹੋਣ ਦੀ ਪਹਿਚਾਣ ਦਇਆ, ਕਰੁਣਾ, ਸਹਾਨੁਭੂਤੀ, ਇਜ਼ਤ, ਪਿਆਰ ਅਤੇ ਨਿਆਂ ਨਾਲ ਹੁੰਦੀ ਹੈ। ਪਰ ਅੱਜ ਇਹ ਮੁੱਲ ਧੀਰੇ-ਧੀਰੇ ਮਿੱਟਦੇ ਜਾ ਰਹੇ ਹਨ। ਲਾਲਚ, ਸਵਾਰਥ, ਹਿੰਸਾ, ਹਕੂਮਤ ਦੀ ਭੁੱਖ ਅਤੇ ਅਹੰਕਾਰ ਨੇ ਮਨੁੱਖੀ ਰਿਸ਼ਤਿਆਂ ਨੂੰ ਖੋਖਲਾ ਕਰ ਦਿੱਤਾ ਹੈ। ਹਰ ਰੋਜ਼ ਅਖ਼ਬਾਰਾਂ ਅਤੇ ਨਿਊਜ਼ ਚੈਨਲਾਂ 'ਤੇ ਅਜਿਹੀਆਂ ਖ਼ਬਰਾਂ ਆਉਂਦੀਆਂ ਹਨ ਜੋ ਰੂਹ ਕੰਬਾ ਦਿੰਦੀਆਂ ਹਨ—ਕਤਲ, ਬਲਾਤਕਾਰ, ਘਰੇਲੂ ਹਿੰਸਾ, ਬੱਚਿਆਂ ਨਾਲ ਦੁਰਵਿਵਹਾਰ, ਧੋਖਾਧੜੀ ਅਤੇ ਨ਼ਫ਼ਰਤ ਭਰੇ ਜੁਰਮ। ਇਹ ਸਭ ਕੁਝ ਸਿਰਫ਼ ਘਟਨਾਵਾਂ ਨਹੀਂ, ਸਗੋਂ ਸਮਾਜ ਦੇ ਅੰਦਰ ਵੱਸ ਰਹੀ ਬਿਮਾਰੀ ਦਾ ਪਰਤੱਖ ਸਬੂਤ ਹਨ।

**ਔਰਤਾਂ 'ਤੇ ਜ਼ੁਲਮ: ਸਮਾਜ ਦਾ ਕਾਲਾ ਚਿਹਰਾ**

ਸਭ ਤੋਂ ਵੱਡੀ ਅਤੇ ਦਰਦਨਾਕ ਸੱਚਾਈ ਔਰਤਾਂ ਨਾਲ ਹੋ ਰਹੇ ਜ਼ੁਲਮ ਹਨ। ਇੱਕ ਪਾਸੇ ਅਸੀਂ ਔਰਤ ਨੂੰ ਦੇਵੀ ਦਾ ਦਰਜਾ ਦਿੰਦੇ ਹਾਂ, ਦੂਜੇ ਪਾਸੇ ਉਸੇ ਔਰਤ ਨੂੰ ਨੋਚਣ, ਕੁਚਲਣ ਅਤੇ ਅਪਮਾਨਿਤ ਕਰਨ ਵਿੱਚ ਕੋਈ ਕਸਰ ਨਹੀਂ ਛੱਡਦੇ। ਬਲਾਤਕਾਰ, ਛੇੜਛਾੜ, ਘਰੇਲੂ ਹਿੰਸਾ, ਦਾਜ਼ ਦੇ ਲਾਲਚ ਵਿੱਚ ਕਤਲ, ਅਤੇ ਇਜ਼ਤ ਦੇ ਨਾਮ 'ਤੇ ਕਤਲ—ਇਹ ਸਭ ਕੁਝ ਸਾਡੀ ਸਮਾਜਿਕ ਸੋਚ ਦੀ ਭਿਆਨਕ ਤਸਵੀਰ ਪੇਸ਼ ਕਰਦਾ ਹੈ। ਬਲਾਤਕਾਰ ਸਿਰਫ਼ ਇੱਕ ਔਰਤ ਦੇ ਸਰੀਰ 'ਤੇ ਹਮਲਾ ਨਹੀਂ, ਸਗੋਂ ਉਸ ਦੀ ਆਤਮਾ, ਉਸ ਦੇ ਸੁਪਨਿਆਂ ਅਤੇ ਉਸ ਦੇ ਅਸਤੀਤਵ 'ਤੇ ਕੀਤਾ ਗਿਆ ਜ਼ੁਲਮ ਹੈ। ਇਹ ਸਿਰਫ਼ ਇੱਕ ਪਲ ਦੀ ਘਟਨਾ ਨਹੀਂ ਹੁੰਦੀ, ਬਲਕਿ ਉਸ ਦੀ ਪੂਰੀ ਜ਼ਿੰਦਗੀ 'ਤੇ ਲੱਗਿਆ ਇੱਕ ਐਸਾ ਦਾਗ ਹੁੰਦਾ ਹੈ ਜੋ ਕਈ ਵਾਰ ਕਦੇ ਨਹੀਂ ਮਿਟਦਾ। ਦੁੱਖ ਦੀ ਗੱਲ ਇਹ ਹੈ ਕਿ ਅਸੀਂ ਅਕਸਰ ਦੋਸ਼ੀ ਨੂੰ ਛੱਡ ਕੇ ਪੀੜਤ ਨੂੰ ਸਵਾਲਾਂ ਦੇ ਘੇਰੇ ਵਿੱਚ ਖੜਾ ਕਰ ਦਿੰਦੇ ਹਾਂ—ਉਸ ਦੇ ਕੱਪੜੇ, ਉਸ ਦੀ ਚਾਲ, ਉਸ ਦਾ ਸਮਾਂ, ਉਸ ਦੀ ਆਜ਼ਾਦੀ। ਕੀ ਇਹੀ ਹੈ ਸਾਡੀ ਇਨਸਾਨੀਅਤ ?

**ਬੱਚਿਆਂ ਨਾਲ ਹੋ ਰਹੇ ਅਪਰਾਧ**

ਸਮਾਜ ਦਾ ਸਭ ਤੋਂ ਨਰਮ ਅਤੇ ਮਾਸੂਮ ਵਰਗ—ਬੱਚੇ—ਵੀ ਅੱਜ ਸੁਰੱਖਿਅਤ ਨਹੀਂ ਰਹੇ। ਸਕੂਲ, ਘਰ, ਗਲੀਆਂ, ਇੱਥੋਂ ਤੱਕ ਕਿ ਧਾਰਮਿਕ ਥਾਵਾਂ 'ਤੇ ਵੀ ਬੱਚਿਆਂ ਨਾਲ ਜ਼ੁਲਮ ਹੋਣ ਦੀਆਂ ਖ਼ਬਰਾਂ ਆਉਂਦੀਆਂ ਹਨ। ਇਹ ਸੋਚ ਕੇ ਰੂਹ ਕੰਬ ਜਾਂਦੀ ਹੈ ਕਿ ਜਿਸ ਸਮਾਜ ਵਿੱਚ ਬੱਚੇ ਸੁਰੱਖਿਅਤ ਨਾ ਹੋਣ, ਉਹ ਸਮਾਜ ਕਿਹੜੇ ਰਾਹ 'ਤੇ ਤੁਰ ਰਿਹਾ ਹੈ। ਬੱਚਿਆਂ ਦੀ ਮੁਸਕਾਨ ਨੂੰ ਛੀਣ ਕੇ, ਉਨ੍ਹਾਂ ਦੇ ਭਰੋਸੇ ਨੂੰ ਤੋੜ ਕੇ ਅਸੀਂ ਅਸਲ ਵਿੱਚ ਆਪਣੇ ਭਵਿੱਖ ਨੂੰ ਹਨੇਰੇ ਵਿੱਚ ਧੱਕ ਰਹੇ ਹਾਂ।

**ਲਾਲਚ ਅਤੇ ਸਵਾਰਥ ਦੀ ਭੁੱਖ**

ਅੱਜ ਦਾ ਇਨਸਾਨ ਸਵਾਰਥ ਵਿੱਚ ਇਸ ਕਦਰ ਅੰਨ੍ਹਾ ਹੋ ਚੁੱਕਾ ਹੈ ਕਿ ਉਸਨੂੰ ਆਪਣੇ ਫਾਇਦੇ ਤੋਂ ਬਿਨਾਂ ਕੁਝ ਨਹੀਂ ਦਿੱਸਦਾ। ਭਰਾ ਭਰਾ ਦਾ ਦੁਸ਼ਮਣ ਬਣਿਆ ਬੈਠਾ ਹੈ, ਦੋਸਤ ਦੋਸਤ ਨੂੰ ਧੋਖਾ ਦੇ ਰਿਹਾ ਹੈ, ਅਤੇ ਰਿਸ਼ਤੇ ਪੈਸੇ ਦੀ ਤਰਾਜ਼ੂ 'ਚ ਤੋਲੇ ਜਾ ਰਹੇ ਹਨ। ਮਾਪੇ ਬੱਚਿਆਂ ਤੋਂ, ਬੱਚੇ ਮਾਪਿਆਂ ਤੋਂ, ਅਤੇ ਜੀਵਨ ਸਾਥੀ ਇਕ ਦੂਜੇ ਤੋਂ ਦੂਰ ਹੋ ਰਹੇ ਹਨ। ਸਵਾਰਥ ਨੇ ਇਨਸਾਨ ਨੂੰ ਅੰਦਰੋਂ ਖਾਲੀ ਕਰ ਦਿੱਤਾ ਹੈ।

**ਹਿੰਸਾ ਅਤੇ ਨ਼ਫ਼ਰਤ ਦਾ ਵਧਦਾ ਰੁਝਾਨ**

ਧਰਮ, ਜਾਤ, ਰੰਗ, ਭਾਸ਼ਾ ਅਤੇ ਸਿਆਸਤ ਦੇ ਨਾਮ 'ਤੇ ਨ਼ਫ਼ਰਤ ਫੈਲਾਈ ਜਾ ਰਹੀ ਹੈ। ਭੀੜ ਦੀ ਹਿੰਸਾ, ਲਿੰਚਿੰਗ, ਫ਼ਰਕਾਂ ਦੇ ਆਧਾਰ 'ਤੇ ਕਤਲ—ਇਹ ਸਭ ਕੁਝ ਸਾਡੇ ਸਮਾਜ ਨੂੰ ਅੰਦਰੋਂ ਖਾ ਰਿਹਾ ਹੈ। ਸੋਸ਼ਲ ਮੀਡੀਆ 'ਤੇ ਨ਼ਫ਼ਰਤ ਭਰੇ ਸੁਨੇਹੇ, ਅਫ਼ਵਾਹਾਂ ਅਤੇ ਝੂਠੀ ਜਾਣਕਾਰੀ ਲੋਕਾਂ ਨੂੰ ਇਕ ਦੂਜੇ ਦੇ ਖਿਲਾਫ਼ ਖੜਾ ਕਰ ਰਹੀ ਹੈ। ਅਸੀਂ ਭੁੱਲ ਗਏ ਹਾਂ ਕਿ ਸਾਰੇ ਇਨਸਾਨ ਇੱਕੋ ਮਿੱਟੀ ਤੋਂ ਬਣੇ ਹਨ।

**ਕਾਨੂੰਨ ਅਤੇ ਨਿਆਂ ਪ੍ਰਣਾਲੀ 'ਤੇ ਸਵਾਲ**

ਕਈ ਵਾਰ ਦੋਸ਼ੀਆਂ ਨੂੰ ਸਜ਼ਾ ਨਾ ਮਿਲਣਾ ਜਾਂ ਨਿਆਂ ਵਿੱਚ ਦੇਰੀ ਹੋਣਾ ਵੀ ਇਨਸਾਨ ਨੂੰ ਜਾਨਵਰ ਬਣਨ ਲਈ ਹੋਸਲਾ ਦਿੰਦਾ ਹੈ। ਜਦੋਂ ਅਪਰਾਧੀ ਨੂੰ ਪਤਾ ਹੋਵੇ ਕਿ ਉਹ ਕਾਨੂੰਨ ਦੇ ਜਾਲ 'ਚ ਫਸੇਗਾ ਨਹੀਂ, ਤਾਂ ਉਸ ਦੀ ਹਿੰਮਤ ਹੋਰ ਵੱਧ ਜਾਂਦੀ ਹੈ। ਨਿਆਂ ਦੀ ਦੇਰੀ ਅਕਸਰ ਨਿਆਂ ਦੇ ਇਨਕਾਰ ਦੇ ਬਰਾਬਰ ਹੁੰਦੀ ਹੈ।

**ਇਨਸਾਨ ਕਿਉਂ ਜਾਨਵਰ ਬਣਦਾ ਜਾ ਰਿਹਾ ?**

ਇਸ ਸਵਾਲ ਦਾ ਜਵਾਬ ਸੌਖਾ ਨਹੀਂ, ਪਰ ਕੁਝ ਮੁੱਖ ਕਾਰਨ ਸਪਸ਼ਟ ਹਨ—

1. **ਸੰਸਕਾਰਾਂ ਦੀ ਘਾਟ** : ਪਰਿਵਾਰ ਅਤੇ ਸਮਾਜ ਵੱਲੋਂ ਦਿੱਤੇ ਜਾਣ ਵਾਲੇ ਸੰਸਕਾਰ ਕਮਜ਼ੋਰ ਪੈਂਦੇ ਜਾ ਰਹੇ ਹਨ।
2. ਨੈਤਿਕ ਸਿੱਖਿਆ ਦੀ ਕਮੀ: ਸਿੱਖਿਆ ਸਿਰਫ਼ ਨੌਕਰੀ ਤੱਕ ਸੀਮਿਤ ਹੋ ਗਈ ਹੈ, ਜੀਵਨ ਮੁੱਲ ਭੁੱਲੇ ਜਾ ਰਹੇ ਹਨ।
3. ਭੋਗਵਾਦੀ ਸੋਚ: ਹਰ ਚੀਜ਼ ਨੂੰ ਸਿਰਫ਼ ਵਰਤਣ ਅਤੇ ਫ਼ਾਇਦਾ ਉਠਾਉਣ ਦੀ ਨਜ਼ਰ ਨਾਲ ਦੇਖਣਾ।
4. ਸੋਸ਼ਲ ਮੀਡੀਆ ਦਾ ਗਲਤ ਪ੍ਰਭਾਵ: ਹਿੰਸਾ, ਅਸ਼ਲੀਲਤਾ ਅਤੇ ਨ਼ਫ਼ਰਤ ਨੂੰ ਆਮ ਬਣਾਇਆ ਜਾ ਰਿਹਾ ਹੈ।
5. ਇਨਸਾਨੀ ਸੰਵੇਦਨਾਵਾਂ ਦਾ ਸੁੱਕਣਾ: ਦੂਜੇ ਦੇ ਦੁੱਖ ਨੂੰ ਮਹਿਸੂਸ ਕਰਨ ਦੀ ਸਮਰੱਥਾ ਘਟਦੀ ਜਾ ਰਹੀ ਹੈ।

**ਹੱਲ ਅਤੇ ਰਾਹ**

ਜੇ ਅਸੀਂ ਸੱਚਮੁੱਚ ਚਾਹੁੰਦੇ ਹਾਂ ਕਿ ਇਨਸਾਨ ਦੁਬਾਰਾ ਇਨਸਾਨ ਬਣੇ, ਤਾਂ ਸਾਨੂੰ ਆਪਣੇ ਅੰਦਰੋਂ ਸ਼ੁਰੂਆਤ ਕਰਨੀ ਪਵੇਗੀ। ਬੱਚਿਆਂ ਨੂੰ ਸਿਰਫ਼ ਕਿਤਾਬੀ ਗਿਆਨ ਨਹੀਂ, ਸਗੋਂ ਇਨਸਾਨੀਅਤ ਦੀ ਸਿੱਖਿਆ ਦੇਣੀ ਹੋਵੇਗੀ। ਘਰਾਂ ਵਿੱਚ ਪਿਆਰ, ਸਤਿਕਾਰ ਅਤੇ ਸੰਵਾਦ ਦਾ ਮਾਹੌਲ ਬਣਾਉਣਾ ਪਵੇਗਾ। ਕਾਨੂੰਨ ਨੂੰ ਸਖ਼ਤ ਅਤੇ ਨਿਆਂ ਨੂੰ ਤੇਜ਼ ਕਰਨਾ ਪਵੇਗਾ। ਔਰਤਾਂ ਦੀ ਸੁਰੱਖਿਆ ਸਿਰਫ਼ ਨਾਅਰਾ ਨਹੀਂ, ਸਗੋਂ ਅਮਲ ਬਣਾਉਣਾ ਪਵੇਗਾ। ਸਮਾਜ ਦੇ ਹਰ ਵਰਗ—ਮਰਦ, ਔਰਤ, ਬਜ਼ੁਰਗ, ਨੌਜਵਾਨ, ਅਧਿਆਪਕ, ਨੇਤਾ, ਮੀਡੀਆ—ਸਭ ਨੂੰ ਆਪਣੀ ਜ਼ਿੰਮੇਵਾਰੀ ਸਮਝਣੀ ਪਵੇਗੀ। ਚੁੱਪ ਰਹਿਣਾ ਵੀ ਕਈ ਵਾਰ ਜੁਰਮ ਦੇ ਬਰਾਬਰ ਹੁੰਦਾ ਹੈ। ਜ਼ੁਲਮ ਦੇ ਖਿਲਾਫ਼ ਆਵਾਜ਼ ਉਠਾਉਣੀ, ਪੀੜਤ ਦੇ ਨਾਲ ਖੜ੍ਹਾ ਹੋਣਾ ਅਤੇ ਦੋਸ਼ੀ ਨੂੰ ਸਜ਼ਾ ਦਿਵਾਉਣ ਲਈ ਸੰਘਰਸ਼ ਕਰਨਾ ਹੀ ਅਸਲ ਇਨਸਾਨੀਅਤ ਹੈ।

**ਨਿਸਕਰਸ਼**

ਇਨਸਾਨ ਦਾ ਜਾਨਵਰ ਬਣਨਾ ਕਿਸੇ ਇੱਕ ਦਿਨ ਦੀ ਪ੍ਰਕਿਰਿਆ ਨਹੀਂ, ਸਗੋਂ ਲੰਮੇ ਸਮੇਂ ਦੀ ਬੇਪਰਵਾਹੀ ਦਾ ਨਤੀਜਾ ਹੈ। ਜੇ ਅਸੀਂ ਅੱਜ ਨਹੀਂ ਸੰਭਲੇ, ਤਾਂ ਕੱਲ੍ਹ ਸ਼ਾਇਦ ਬਹੁਤ ਦੇਰ ਹੋ ਜਾਵੇ। ਸਮਾਜ ਨੂੰ ਬਚਾਉਣ ਲਈ ਸਾਨੂੰ ਆਪਣੇ ਅੰਦਰ ਵੱਸਦੀ ਇਨਸਾਨੀਅਤ ਨੂੰ ਜਗਾਉਣਾ ਪਵੇਗਾ। ਕਿਉਂਕਿ ਜਦੋਂ ਇਨਸਾਨ ਅੰਦਰੋਂ ਮਰ ਜਾਂਦਾ ਹੈ, ਤਦੋਂ ਬਚਦਾ ਹੈ ਸਿਰਫ਼ ਇੱਕ ਹੈਵਾਨ।

**-ਜਸਵੰਤ ਗਰੇਵਾਲ**

# ਨੈਤਿਕ ਮੁੱਲਾਂ ਦਾ ਘਾਣ ਸਮਾਜ ਲਈ ਇੱਕ ਵੱਧਦੀ ਚਿੰਤਾ



**ਪਿਛਲੇ** ਕੁੱਝ ਸਾਲਾਂ ਵਿੱਚ ਸਮਾਜ ਦੇ ਵੱਖ-ਵੱਖ ਖੇਤਰਾਂ ਵਿੱਚ ਇੱਕ ਚਿੰਤਾਜਨਕ ਰੁਝਾਨ ਉਭਰ ਕੇ ਸਾਹਮਣੇ ਆਇਆ ਹੈ ਉਹ ਹੈ ਨੈਤਿਕ ਮੁੱਲਾਂ ਦੀ ਘਾਟ। ਧੋਖਾਧੜੀ ਅਤੇ ਭ੍ਰਿਸ਼ਟਾਚਾਰ ਦੇ ਵਧਦੇ ਮਾਮਲਿਆਂ ਤੋਂ ਲੈ ਕੇ ਅਸਹਿਣਸ਼ੀਲਤਾ ਅਤੇ ਵੰਡਵਾਰੇ ਦੇ ਵੱਧਦੇ ਪੱਧਰਾਂ ਤੱਕ, ਬਹੁਤ ਸਾਰੇ ਵੇਖਣ ਵਾਲੇ ਇਸ ਬਦਲਾਅ ਦੇ ਪ੍ਰਭਾਵਾਂ ਬਾਰੇ ਚਿੰਤਾ ਜਤਾਉਂਦੇ ਹਨ ਜੋ ਭਵਿੱਖ ਦੀ ਪੀੜ੍ਹੀ ਲਈ ਹੋ ਸਕਦੇ ਹਨ।

ਇੱਕ ਹਾਲੀਆ ਸਰਵੇਖਣ ਅਨੁਸਾਰ ਕਾਫੀ ਲੋਕ ਇਹ ਮੰਨਦੇ ਹਨ ਕਿ ਪਿਛਲੇ ਦੋ ਦਹਾਕਿਆਂ ਵਿੱਚ ਨੈਤਿਕ ਮੁੱਲਾਂ ਵਿੱਚ ਘਾਟ ਆਈ ਹੈ। ਜਵਾਬ ਦੇਣ ਵਾਲਿਆਂ ਨੇ ਇਸ ਰੁਝਾਨ ਦੇ ਕਾਰਨਾਂ ਵਿੱਚ ਵੱਖ-ਵੱਖ ਕਾਰਕਾਂ ਦੀ ਗਿਣਤੀ ਕੀਤੀ, ਜਿਵੇਂ ਕਿ ਸਮਾਜਿਕ ਮੀਡੀਆ ਦਾ ਪ੍ਰਭਾਵ, ਰਾਜਨੀਤਿਕ ਧਰੁਵੀਕਰਨ ਅਤੇ ਸਮੂਹਿਕ ਹਿੱਸੇਦਾਰੀ ਵਿੱਚ ਆਮ ਘਾਟ।

ਸਮਾਜਿਕ ਮੀਡੀਆ ਦੁਆਰਾ ਜਾਣਕਾਰੀ—ਸੱਚ ਅਤੇ ਝੂਠ ਦੇ ਤੇਜ਼ ਵਿਸਥਾਰ ਨੇ ਇੱਕ ਐਸੇ ਵਾਤਾਵਰਣ ਦਾ ਨਿਰਮਾਣ ਕੀਤਾ ਹੈ ਜਿੱਥੇ ਗਲਤ ਜਾਣਕਾਰੀ ਫੈਲਣਾ ਆਸਾਨ ਹੈ ਇਹ ਸਿਰਫ ਸਾਡੀ ਸੱਚਾਈ ਦੀ ਸਮਝ ਨੂੰ ਪ੍ਰਭਾਵਿਤ ਨਹੀਂ ਕਰਦਾ, ਸਗੋਂ ਸਾਡੇ ਨੈਤਿਕ ਢਾਂਚਿਆਂ ਅਤੇ ਇਕ ਦੂਜੇ ਨਾਲ ਸੰਬੰਧਿਤ ਹੋਣ ਦੇ ਤਰੀਕੇ ਨੂੰ ਵੀ ਪ੍ਰਭਾਵਿਤ ਕਰਦਾ ਹੈ।

ਇੱਕ ਖੇਤਰ ਜਿੱਥੇ ਇਹ ਘਾਟ ਖਾਸ ਕਰਕੇ ਸਾਫ਼ ਹੈ ਉਹ ਹੈ ਜਨਤਾ ਦਾ ਭਰੋਸਾ। ਸੰਸਾਰ ਦੀ ਰਿਪੋਰਟ ਨੇ ਦਰਸਾਇਆ ਕਿ ਸੰਸਥਾਵਾਂ—ਸਰਕਾਰ, ਮੀਡੀਆ ਅਤੇ ਇੱਥੇ ਤੱਕ ਕਿ ਗੈਰ-ਲਾਭਕਾਰੀਆਂ ਤੇ ਭਰੋਸਾ ਘਟ ਗਿਆ ਹੈ, ਜਿਸ ਨਾਲ ਬਹੁਤ ਸਾਰੇ ਵਿਅਕਤੀ ਮਹਿਸੂਸ ਕਰਦੇ ਹਨ ਕਿ ਇਹ ਸੰਸਥਾਵਾਂ ਲੋਕਾਂ ਦੀ ਭਲਾਈ ਦੀ ਬਜਾਏ ਆਪਣੇ ਹੀ ਫ਼ਾਇਦਿਆਂ ਨੂੰ ਤਰਜ਼ੀਹ ਦਿੰਦੀਆਂ ਹਨ। ਇਸ ਭਰੋਸੇ ਦੀ ਘਾਟ ਨਿਰਾਸ਼ਾ, ਉਦਾਸੀ ਅਤੇ ਨਾਗਰਿਕ ਜੀਵਨ ਵਿੱਚ ਸ਼ਾਮਿਲ ਹੋਣ ਦੀ ਹਿੰਮਤ ਨੂੰ ਜਨਮ ਦੇ ਸਕਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਤੋਂ ਇਲਾਵਾ, ਵਿਅਕਤੀਗਤਤਾ ਦੇ ਵਧਦੇ ਰੁਝਾਨ ਨੇ ਇੱਕ ਐਸੀ ਸੰਸਕ੍ਰਿਤੀ ਨੂੰ ਪੈਦਾ ਕੀਤਾ ਹੈ ਜਿੱਥੇ ਨਿੱਜੀ ਲਾਭ ਅਕਸਰ ਸਮੂਹਿਕ ਭਲਾਈ ਦੇ ਉੱਪਰ ਅਹਿਮੀਅਤ ਰੱਖਦਾ ਹੈ। ਅਸੀਂ ਦੇਖ ਰਹੇ ਹਾਂ ਕਿ ਸਮੂਹ-ਕੇਂਦਰਿਤ ਮੁੱਲਾਂ ਤੋਂ ਇੱਕ ਹੋਰ ਸੁਤੰਤਰਤਾ-ਕੇਂਦਰਿਤ ਪਹੁੰਚ ਵੱਲ ਬਦਲਾਉ ਹੋ ਰਿਹਾ ਹੈ । ਇਹ ਵੱਖ-ਵੱਖ ਤਰੀਕਿਆਂ ਨਾਲ ਪ੍ਰਗਟ ਹੋ ਸਕਦਾ ਹੈ, ਜਿਵੇਂ ਕਿ ਅਨੇਕਾਂ ਕਾਰੋਬਾਰੀ ਪ੍ਰਥਾਵਾਂ ਵਿੱਚ ਅਣੈਤਿਕਤਾ ਜਾਂ ਜ਼ਰੂਰਤਮੰਦ ਲੋਕਾਂ ਲਈ ਅਸਹਿਣਸ਼ੀਲਤਾ।

ਇਨ੍ਹਾਂ ਚਿੰਤਾਵਾਂ ਦੇ ਜਵਾਬ ਵਿੱਚ, ਕਈ ਸੰਸਥਾਵਾਂ ਅਤੇ ਸਮਾਜਿਕ ਆਗੂ ਨੈਤਿਕ ਸਿੱਖਿਆ ਅਤੇ ਸਮੂਹਿਕ ਹਿੱਸੇਦਾਰੀ ਨੂੰ ਪ੍ਰੋਤਸਾਹਿਤ ਕਰਨ ਲਈ ਕੰਮ ਕਰ ਰਹੇ ਹਨ। ਨੈਤਿਕਤਾ ਅਤੇ ਮੁੱਲਾਂ ਦੇ ਆਲੇ-ਦੁਆਲੇ ਵਿਚਾਰ-ਵਿਟਾਦਰਾ ਉਤਸ਼ਾਹਿਤ ਕਰਨ ਵਾਲੀਆਂ ਪਹਿਲਕਦਮੀਆਂ ਸਕੂਲਾਂ, ਕੰਮਕਾਜ਼ ਅਤੇ ਸਥਾਨਕ ਸਮਾਜਾਂ ਵਿੱਚ ਪ੍ਰਾਪਤ ਹੋ ਰਹੀਆਂ ਹਨ। ਸੇਵਾ ਸਿੱਖਣ ਅਤੇ ਸੁਵਿਧਾ ਪ੍ਰਦਾਨ ਕਰਨ ਵਾਲੇ ਕਾਰਜਕ੍ਰਮ ਵੀ ਲਾਗੂ ਕੀਤੇ ਜਾ ਰਹੇ ਹਨ ਤਾਂ ਜੋ ਵਿਅਕਤੀਆਂ ਨੂੰ ਇਕ ਦੂਜੇ ਨਾਲ ਜੁੜਨ ਅਤੇ ਸਮਾਜ ਵਿੱਚ ਸਕਾਰਾਤਮਕ ਯੋਗਦਾਨ ਦੇਣ ਲਈ ਉਤਸ਼ਾਹਿਤ ਕੀਤਾ ਜਾ ਸਕੇ।

ਨੈਤਿਕ ਮੁੱਲਾਂ ਨੂੰ ਮੁੜ ਬਣਾਉਣਾ ਜ਼ਮੀਨੀ ਪੱਧਰ 'ਤੇ ਸ਼ੁਰੂ ਹੁੰਦਾ ਹੈ," ਸਮਾਜਿਕ ਆਗੂ ਅਕਸਰ ਇਹ ਕਹਿੰਦੇ ਹਨ। ਸਾਨੂੰ ਐਸੇ ਸਥਾਨ ਬਣਾਉਣ ਦੀ ਲੋੜ ਹੈ ਜਿੱਥੇ ਲੋਕ ਇਕੱਠੇ ਹੋ ਸਕਣ, ਅਨੁਭਵ ਸਾਂਝੇ ਕਰ ਸਕਣ ਅਤੇ ਇਕ ਦੂਜੇ ਤੋਂ ਸਿੱਖ ਸਕਣ। ਇਹ ਇੱਕ ਵਧ ਰਹੀ ਟੁੱਟ-ਫੱਟ ਭਰੀ ਦੁਨੀਆ ਵਿੱਚ ਹਮਦਰਦੀ ਅਤੇ ਸਮਝਦਾਰੀ ਨੂੰ ਉਤਸ਼ਾਹਿਤ ਕਰਨ ਬਾਰੇ ਹੈ।"

ਇਨ੍ਹਾਂ ਕੋਸ਼ਿਸ਼ਾਂ ਦੇ ਬਾਵਜੂਦ ਨੈਤਿਕ ਮੁੱਲਾਂ ਨੂੰ ਮੁੜ ਸਥਾਪਿਤ ਕਰਨ ਦਾ ਕਾਰਜ ਲੰਬਾ ਅਤੇ ਚੁਣੌਤੀਪੂਰਕ ਹੋਵੇਗਾ। ਸਮਾਜ ਅਸਮਾਨਤਾ, ਮੌਸਮੀ ਬਦਲਾਅ ਅਤੇ ਰਾਜਨੀਤਿਕ ਸੰਘਰਸ਼ ਵਰਗੇ ਜਟਿਲ ਮੁੱਦਿਆਂ ਨਾਲ ਨਜਿੱਠਦਾ ਹੈ ਉਸ ਲਈ ਇੱਕ ਨਵੀਂ ਵਚਨਬੱਧਤਾ ਦੀ ਲੋੜ ਕਦੇ ਵੀ ਇੰਨੀ ਮਹਿਸੂਸ ਨਹੀਂ ਸੀ।

ਜਿਵੇਂ ਜਿਵੇ ਅਸੀਂ ਅੱਗੇ ਵਧਦੇ ਹਾਂ, ਇਹ ਮਹੱਤਵਪੂਰਨ ਹੈ ਕਿ ਵਿਅਕਤੀ, ਪਰਿਵਾਰ ਅਤੇ ਸਮਾਜ ਆਪਣੇ ਮੁੱਲਾਂ 'ਤੇ ਵਿਚਾਰ ਕਰਨ ਅਤੇ ਸੋਚਣ ਕਿ ਉਹ ਕਿਸ ਤਰ੍ਹਾਂ ਇੱਕ ਹੋਰ ਦਿਆਲੂ ਅਤੇ ਨਿਆਂਪੂਰਕ ਸਮਾਜ ਦੀ ਬਣਤਰ ਵਿੱਚ ਯੋਗਦਾਨ ਪਾ ਸਕਦੇ ਹਨ। ਕੇਵਲ ਇਕੱਠੇ ਕਾਰਵਾਈਆਂ ਅਤੇ ਨੈਤਿਕ ਇੰਟੀਗ੍ਰਿਟੀ ਲਈ ਵਚਨਬੱਧਤਾ ਦੁਆਰਾ ਹੀ ਅਸੀਂ ਇਸ ਚਿੰਤਾਜਨਕ ਰੁਝਾਨ ਨੂੰ ਉਲਟਾਉਣ ਅਤੇ ਭਵਿੱਖ ਦੀ ਪੀੜ੍ਹੀ ਲਈ ਇੱਕ ਚੰਗਾ ਭਵਿੱਖ ਬਣਾਉਣ ਦੀ ਉਮੀਦ ਕਰ ਸਕਦੇ ਹਾਂ।

**-ਡਾ. ਸੁਰਿੰਦਰਪਾਲ ਸਿੰਘ,**
**ਸ੍ਰੀ ਅਮ੍ਰਿਤਸਰ ਸਾਹਿਬ।**

# ਦਸਮੇਸ਼ ਵਿੱਦਿਅਕ ਸੰਸਥਾਵਾਂ ਮਹਿਤਾ ਚੌਕ ਵਿੱਚ ਬੜੀ ਧੂਮ ਧਾਮ ਨਾਲ ਮਨਾਇਆ ਗਿਆ ਬਸੰਤ ਪੰਚਮੀ ਦਾ ਤਿਉਹਾਰ



**ਚੌਕ ਮਹਿਤਾ, 27 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਸ਼ਮੇਸ਼ ਵਿਦਿਅਕ ਸੰਸਥਾਵਾਂ ਅਧੀਨ ਚੱਲ ਰਹੇ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਅਤੇ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ ਦੇ ਸਾਂਝੇ ਉਪਰਾਲੇ ਨਾਲ ਬਸੰਤ ਪੰਚਮੀ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਸਕੂਲ ਵਿੱਚ ਇੱਕ ਰੰਗਾ-ਰੰਗ ਕਾਰਨੀਵਲ ਦਾ ਆਯੋਜਨ ਕੀਤਾ ਗਿਆ। ਇਸ ਕਾਰਨੀਵਲ ਵਿੱਚ ਮਾਪਿਆਂ ਅਤੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਕਾਰਨੀਵਲ ਦੌਰਾਨ ਮਿੱਕੀ ਮਾਊਸ , ਡਰੈਗਨ ਰਾਈਡ, ਟਰੈਪੋਲੀਨ ਪਾਰਕ ਉੱਪਰ ਰਾਈਡਸ ਲੈ ਕੇ ਬੱਚਿਆਂ ਨੇ ਖੂਬ ਆਨੰਦ ਮਾਣਿਆ ।ਜਿਸ ਨੂੰ ਦੇਖ ਕੇ ਬੱਚਿਆਂ ਦੇ ਮਾਪਿਆਂ ਦੇ ਚਿਹਰੇ ਤੇ ਖ਼ੁਸ਼ੀ ਦੀ ਲਹਿਰ ਨਜ਼ਰ ਆਈ , ।ਇਸ ਤੋਂ ਇਲਾਵਾ ਖਾਣ ਪੀਣ ਦੇ ਫੂਡ ਸਟਾਲ ਬੱਚਿਆਂ ਤੇ ਮਾਪਿਆਂ ਲਈ ਖਿੱਚ ਦਾ ਕੇਂਦਰ ਬਣੇ। ਸਕੂਲ ਮੈਨੇਜਮੈਂਟ ਨੇ ਇਸ ਮੌਕੇ 'ਤੇ ਕਿਹਾ ਕਿ ਇਸ ਤਰ੍ਹਾਂ ਦੇ ਆਯੋਜਨ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਬਹੁਤ ਮਹੱਤਵਪੂਰਨ ਹਨ। ਸਾਰੇ ਮਾਪਿਆਂ ਨੇ ਇਸ ਸਫਲ ਆਯੋਜਨ ਲਈ ਸਕੂਲ ਮੈਨੇਜਮੈਂਟ ਅਤੇ ਅਧਿਆਪਕਾਂ ਦੀ ਭਰਪੂਰ ਪ੍ਰਸ਼ੰਸਾ ਕੀਤੀ। ਇਸ ਮੌਕੇ ਤੇ ਸੰਸਥਾ ਦੇ ਚੇਅਰਮੈਨ ਸ: ਗੁਰਦੀਪ ਸਿੰਘ ਰੰਧਾਵਾ ਨੇ ਮਾਪਿਆਂ ਨੂੰ ਸਕੂਲ ਪਹੁੰਚਣ ਤੇ ਜੀ ਆਇਆ ਆਖਿਆ ਤੇ ਉਹਨਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ।ਇਸ ਮੌਕੇ 'ਤੇ ਪ੍ਰਿੰਸੀਪਲ ਮੈ.ਗੁਰਬੀਰ ਕੌਰ, ਸ਼੍ਰੀ ਲਕਸ਼ਮਣ ਸਿੰਘ ਰਾਵਤ ਡਾਇਰੈਕਟਰ ਦਸ਼ਮੇਸ਼ ਵਿਦਿਅਕ ਸੰਸਥਾਵਾਂ , ਮੈ.ਹਰਪ੍ਰੀਤ ਕੌਰ, ਮੈ.ਰਵਿੰਦਰ ਕੌਰ , ਸਰ ਅੰਮ੍ਰਿਤਪਾਲ ਸਿੰਘ ਅਤੇ ਮੈ.ਸੁਧਾ ਸ਼ਰਮਾ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੱਤਿਆ ਐਲੀਮੈਂਟਰੀ ਸਕੂਲ ਚੰਨਣ ਕੇ ਵਿਖੇ ਗਣਤੰਤਰ ਦਿਵਸ ਮਨਾਇਆ ਗਿਆ




**ਚੌਕ ਮਹਿਤਾ, 27 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੱਤਿਆ ਐਲੀਮੈਂਟਰੀ ਸਕੂਲ ਚੰਨਣ ਕੇ ਵਿਖੇ ਗਣਤੰਤਰ ਦਿਵਸ ਮਨਾਇਆ ਗਿਆ। ਇਸ ਦਿਵਸ ਮੌਕੇ ਵਿਦਿਆਰਥੀਆਂ ਵੱਲੋਂ ਰੰਗਾ - ਰੰਗ ਝਾਕੀਆਂ ਪੇਸ਼ ਕੀਤੀਆਂ। ਸਕੂਲ ਦੇ ਮੁੱਖ ਅਧਿਆਪਕ ਵੱਲੋਂ ਵਿਦਿਆਰਥੀਆਂ ਨੂੰ ਗਣਤੰਤਰ ਦਿਵਸ ਦੇ ਬਾਰੇ ਜਾਣੂ ਕਰਵਾਇਆ ਗਿਆ। ਇਸ ਮੌਕੇ ਤੇ ਸਾਬਕਾ ਸਰਪੰਚ ਪ੍ਰਗਟ ਸਿੰਘ, ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਹੈਡ ਟੀਚਰ ਮੈਡਮ ਨਵਨੀਤ ਕੌਰ, ਲਵਦੀਪ ਕੌਰ, ਮਨਜੀਤ ਕੌਰ, ਸੰਦੀਪ ਕੌਰ, ਹਰਜੀਤ ਕੌਰ, ਜਸ਼ਨਦੀਪ ਕੌਰ, ਸੁਖਮੀਤ ਕੌਰ, ਨਰਿੰਦਰਬੀਰ ਕੌਰ, ਕਰਮਜੀਤ ਕੌਰ ਆਦਿ ਸਮੂਹ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਪੰਜਾਬ ਵਿੱਚ ਵਧ ਰਹੇ ਧਰਮ ਪਰਿਵਰਤਨ ਦੇ ਰੁਝਾਨ ’ਤੇ

# ਰੋਕ ਲਗਾਉਣੀ ਸਮੇਂ ਦੀ ਮੁੱਖ ਮੰਗ : ਭੁਪਿੰਦਰ ਸਿੰਘ ਗਿੰਨੀ



**ਅੰਮ੍ਰਿਤਸਰ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਮੌਕੇ ਗੁਰੂ ਕੀ ਵਡਾਲੀ, ਸ੍ਰੀ ਅੰਮ੍ਰਿਤਸਰ (ਹਲਕਾ ਪੱਛਮੀ) ਤੋਂ ਸਜਾਏ ਗਏ ਵਿਸ਼ਾਲ ਨਗਰ ਕੀਰਤਨ ਦੌਰਾਨ ਗੁਰਦੁਆਰਾ ਸ੍ਰੀ ਛੇਹਰਟਾ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕਰਨ ਉਪਰੰਤ ਸਮਾਣਾਂ ਤੋਂ ਆਏ ਪੰਥ ਪ੍ਰੇਮੀ ਭਾਈ ਭੁਪਿੰਦਰ ਸਿੰਘ ਗਿੰਨੀ ਨੇ ਅੱਜ ਪੰਜਾਬ ਵਿੱਚ ਧਰਮ ਪਰਿਵਰਤਨ ਦੇ ਵਧ ਰਹੇ ਹੜ ਖਿਲਾਫ਼ ਇਕ ਨਵੀਂ ਜਾਗਰੂਕਤਾ ਮੁਹਿੰਮ ਦਾ ਆਗਾਜ਼ ਕੀਤਾ। ਭਾਈ ਭੁਪਿੰਦਰ ਸਿੰਘ ਗਿੰਨੀ ਨੇ ਕਿਹਾ ਕਿ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਪ੍ਰਕਾਸ਼ ਦਿਹਾੜਾ ਸਿੱਖ ਕੌਮ ਲਈ ਸੱਚ ਨਾਲ ਨਿਭਾਉ ਅਤੇ ਧਰਮ ਦੀ ਰੱਖਿਆ ਦੇ ਅਟੱਲ ਸੰਕਲਪ ਦੀ ਪ੍ਰੇਰਣਾ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਪੰਜਾਬ ਅੰਦਰ ਵੱਖ-ਵੱਖ ਤਰੀਕਿਆਂ ਨਾਲ ਲੋਕਾਂ ਨੂੰ ਭਰਮ, ਲਾਲਚ ਅਤੇ ਦਬਾਅ ਹੇਠ ਧਰਮ ਪਰਿਵਰਤਨ ਵੱਲ ਧੱਕਿਆ ਜਾ ਰਿਹਾ ਹੈ, ਉਸ ਸਮੇਂ ਗੁਰੂ ਸਾਹਿਬਾਂ ਦੇ ਦਰਸਾਏ ਮਾਰਗ ‘ਤੇ ਚੱਲਦਿਆਂ ਆਪਣੀ ਧਾਰਮਿਕ ਪਛਾਣ ਦੀ ਰੱਖਿਆ ਕਰਨੀ ਬਹੁਤ ਜ਼ਰੂਰੀ ਹੋ ਗਈ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਇਹ ਮੁਹਿੰਮ ਕਿਸੇ ਵੀ ਧਰਮ ਦੇ ਵਿਰੋਧ ਵਿੱਚ ਨਹੀਂ ਹੈ, ਸਗੋਂ ਗਲਤ ਤਰੀਕਿਆਂ ਨਾਲ, ਧੋਖੇ ਜਾਂ ਦਬਾਅ ਰਾਹੀਂ ਕਰਵਾਏ ਜਾ ਰਹੇ ਧਰਮ ਪਰਿਵਰਤਨਾਂ ਦੇ ਖਿਲਾਫ਼ ਹੈ। ਇਸ ਮੁਹਿੰਮ ਦਾ ਮਕਸਦ ਲੋਕਾਂ ਨੂੰ ਆਪਣੀ ਸਿੱਖੀ, ਇਤਿਹਾਸ, ਗੁਰਬਾਣੀ ਅਤੇ ਗੁਰੂ ਸਾਹਿਬਾਂ ਦੀ ਬਖ਼ਸ਼ੀ ਹੋਈ ਸੋਚ ਨਾਲ ਜੋੜਨਾ ਹੈ, ਤਾਂ ਜੋ ਨੌਜਵਾਨ ਪੀੜ੍ਹੀ ਆਪਣੇ ਮੂਲਾਂ ਨਾਲ ਮਜ਼ਬੂਤੀ ਨਾਲ ਜੁੜੀ ਰਹੇ। ਭਾਈ ਭੁਪਿੰਦਰ ਸਿੰਘ ਗਿੰਨੀ ਨੇ ਕਿਹਾ ਕਿ ਸਿੱਖ ਕੌਮ ਨੇ ਸਦਾ ਧਰਮ ਦੀ ਆਜ਼ਾਦੀ ਅਤੇ ਮਨੁੱਖੀ ਅਧਿਕਾਰਾਂ ਦਾ ਪੱਖ ਪੂਰਿਆ ਹੈ ਅਤੇ ਕਦੇ ਵੀ ਕਿਸੇ ‘ਤੇ ਜ਼ਬਰਦਸਤੀ ਆਪਣਾਂ ਧਰਮ ਨਹੀਂ ਥੋਪਿਆ। ਅੱਜ ਲੋੜ ਹੈ ਕਿ ਅਸੀਂ ਇਕਜੁੱਟ ਹੋ ਕੇ ਪੰਥਕ ਏਕਤਾ, ਗੁਰੂ ਘਰਾਂ ਨਾਲ ਨਾਤਾ ਮਜ਼ਬੂਤ ਕਰੀਏ ਅਤੇ ਸੱਚ, ਸੇਵਾ ਤੇ ਸੰਘਰਸ਼ ਦੇ ਰਾਹ ‘ਤੇ ਡਟੇ ਰਹੀਏ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਪੂਰੇ ਪੰਜਾਬ ਅੰਦਰ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਤੱਕ ਫੈਲਾਈ ਜਾਵੇਗੀ, ਤਾਂ ਜੋ ਲੋਕਾਂ ਵਿੱਚ ਧਾਰਮਿਕ ਚੇਤਨਾ ਵਧੇ ਅਤੇ ਪੰਜਾਬ ਦੀ ਰੂਹਾਨੀ ਵਿਰਾਸਤ ਨੂੰ ਸੰਭਾਲਿਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

**ਬਾਬਾ ਦੀਪ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਤੋਂ ਪ੍ਰੇਰਨਾ ਲੈਂਦਿਆਂ ਧਰਮ ਪਰਿਵਰਤਨ ਦੇ ਹੜ ਖਿਲਾਫ਼ ਮੁਹਿੰਮ ਦਾ ਆਗਾਜ਼**

ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਹਿੱਤ ਭਗਤ ਰਵਿਦਾਸ ਸਭਾ ਪੀਰੂਬੰਦੀ ਸਲੇਮਟੇਬਰੀ ਲੁਧਿਆਣਾ ਦੇ ਪ੍ਰਬੰਧਕਾਂ ਵੱਲੋਂ

# ਗੁਰਦੁਆਰਾ ਸਿੰਘਾਂ ਸ਼ਹੀਦਾਂ ਫ਼ਿਲੌਰ ਦੇ ਪ੍ਰਬੰਧਕਾਂ ਨੂੰ ਸੱਦਾ ਪੱਤਰ ਸੌਂਪਿਆ-ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ, 27 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਪ੍ਰਕਾਸ਼ ਦਿਹਾੜਾ ਬਹੁਤ ਹੀ ਸ਼ਰਧਾ ਭਾਵਨਾਵਾਂ ਨਾਲ ਪੂਰੇ ਭਾਰਤ ਅਤੇ ਬਹੁਤ ਸਾਰੇ ਬਾਹਰਲੇ ਦੇਸ਼ਾਂ ਵਿੱਚ ਮਨਾਇਆ ਜਾ ਰਿਹਾ, ਇਸ ਸਬੰਧੀ ਪਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ ਅਤੇ ਸਮੂਹ ਧਾਰਮਿਕ ਅਸਥਾਨਾਂ ਤੇ ਧਾਰਮਿਕ ਦੀਵਾਨ ਸਜਾਏ ਰਹੇ ਹਨ ਅਤੇ ਗੁਰੂ ਰਵਿਦਾਸ ਮਹਾਰਾਜ ਜੀ ਦੀਆਂ ਸਿੱਖਿਆਵਾਂ ਦਾ ਖੁੱਲ ਕੇ ਪ੍ਰਚਾਰ ਕਰਨ ਦੇ ਨਾਲ ਨਾਲ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਲਈ ਗੁਰੂ ਘਰਾਂ ਦੇ ਪ੍ਰਬੰਧਕਾਂ ਨੂੰ ਇਹ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਪੱਤਰ ਦੇਣ ਦੀ ਇੱਕ ਧਾਰਮਿਕ ਲਹਿਰ ਚੱਲੀ ਹੋਈ ਹੈ ਅਤੇ ਇਸੇ ਧਾਰਮਿਕ ਲਹਿਰ ਤਹਿਤ ਅੱਜ ਸ੍ਰੀ ਗੁਰੂ ਰਵਿਦਾਸ ਸਭਾ ਪੀਰੂਬੰਦਾ ਸਲੇਮ ਟੇਕਰੀ ਲੁਧਿਆਣਾ ਦੇ ਸਮੂਹ ਪ੍ਰਬੰਧਕ ਦੁਆਬਾ ਦੇ ਪ੍ਰਸਿੱਧ ਧਾਰਮਿਕ ਅਸਥਾਨ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਜੀ ਨੰਗਲ ਬੇਟ ਨੇੜੇ ਆਲੋਵਾਲ ਫਿਲੌਰ ਲੁਧਿਆਣਾ ਵਿਖੇ ਨਤਮਸਤਕ ਹੋਏ ਅਤੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਜਰਨਲ ਸਕੱਤਰ ਇੰਟਰਨੈਸ਼ਨਲ ਸੰਤ ਸਮਾਜ ਅਤੇ ਸਰਪ੍ਰਸਤ ਸੰਤ ਮਹਾਂਪੁਰਸ਼ ਬਾਬਾ ਜਰਨੈਲ ਸਿੰਘ ਜੀ ਨੂੰ ਗੁਰੂ ਰਵਿਦਾਸ ਮਹਾਰਾਜ ਜੀ ਦੇ ਪ੍ਰਕਾਸ਼ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਸਮਾਗਮ ਵਿੱਚ ਸ਼ਾਮਲ ਹੋਣ ਦਾ ਸੱਦਾ ਪੱਤਰ ਸੌਂਪਿਆ ਗਿਆ,ਦੋਹਾ ਮਹਾਂਪੁਰਸ਼ਾਂ ਨੇ ਇਸ ਸੱਦੇ ਪੱਤਰ ਨੂੰ ਜਿਥੇ ਬੜੇ ਸਤਿਕਾਰ ਨਾਲ ਪ੍ਰਵਾਨ ਕੀਤਾ ਅਤੇ ਸ਼ਾਮਲ ਹੋਣ ਦਾ ਭਰੋਸਾ ਦਿਵਾਇਆ,ਉਥੇ ਗੁਰੂ ਘਰ ਦੀ ਮਰਯਾਦਾ ਅਨੁਸਾਰ ਸਮੂਹ ਪ੍ਰਬੰਧਕਾਂ ਨੂੰ ਸੀਰੀ ਪਾਓ ਦੇ ਕੇ ਸਨਮਾਨਿਤ ਕਰਨ,ਚਾਹ ਪਾਣੀ ਤੇ ਲੰਗਰ ਆਦਿ ਛਕਾਇਆ ਗਿਆ ਹੈ ,ਸੱਦਾ ਪੱਤਰ ਸੌਂਪਣ ਵਾਲੀ ਪ੍ਰਬੰਧਕ ਕਮੇਟੀ’ਚ ਵਿਸ਼ੇਸ਼ ਤੌਰ ਤੇ ਪ੍ਰਧਾਨ ਰਾਜਕੁਮਾਰ ਸੰਧੂ ,ਤਾਰਾਚੰਦ ਜੰਖੂ ਜਨਰਲ ਸੈਕਟਰੀ, ਸੋਹਨ ਲਾਲ,ਮਨਜੋਤ ਕੁਮਾਰ ਵਾਇਸ ਪ੍ਰਧਾਨ, ਦਲਬੀਰ ਸਿੰਘ ਵਾਇਸ ਪ੍ਰਧਾਨ, ਹਰਦੀਪ ਕੁਮਾਰ ਮੈਬਰ, ਦਵਿੰਦਰ ਕੁਮਾਰ ਮੈਂਬਰ, ਬਲਜੀਤ ਸਿੰਘ ਮੈਂਬਰ, ਸਨਦੀਪ ਕੁਮਾਰ ਮੈਬਰ, ਦਵਿੰਦਰ ਬਿੰਦੀ ਮੈਬਰ, ਜਤਿੰਦਰ ਕੁਮਾਰ ਮੈਂਬਰ ਆਦਿ ਆਪਣੀ ਪੂਰੀ ਟੀਮ ਸਮੇਤ ਹਾਜ਼ਰ ਹੋਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਗੁਰਦੁਆਰਾ ਸਾਹਿਬ ਦੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਨਾਲ ਇਸ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ ।

ਆਵਾਜ਼ਿ ਕੌਮ AWAZE QAUM International Newspaper & WEB TV

# ਚਾਈਨਾ ਡੋਰ ਦੇ ਖੋਖਲੇ ਦਾਅਵਿਆਂ ਦੀ ਨਿਕਲੀ ਫੂਕ ਚਾਈਨਾ ਡੋਰ ਨਾਲ ਘਰਾਂ ਚ ਵਿਛੇ ਸੱਥਰਾਂ ਲਈ ਜਿੰਮੇਵਾਰ ਕੌਣ-ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ , 27 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਵਿੱਚ ਬਹੁਤ ਹੀ ਵੱਡੇ ਪੱਧਰ ਤੇ ਮਨਾਇਆ ਜਾਂਦਾ ਲੋਹੜੀ ਦਾ ਤਿਉਹਾਰ ਅਤੇ ਬਸੰਤ ਦਾ ਤਿਉਹਾਰ, ਜੋ ਕਿ ਪੰਜਾਬੀਆਂ ਲਈ ਵਿਸ਼ੇਸ਼ ਤਿਉਹਾਰ ਹੁੰਦਾ ਹੈ। ਇਹਨਾਂ ਤਿਉਹਾਰਾਂ ਦੇ ਹੀ ਮੱਦੇ ਨਜ਼ਰ ਲੋਕ ਪਤੰਗਬਾਜ਼ੀ ਦੇ ਬਹੁਤ ਹੀ ਸ਼ੌਕੀਨ,ਲੋਕ ਬਹੁਤ ਹੀ ਵੱਡੇ ਪੱਧਰ ਤੇ ਪਤੰਗਬਾਜ਼ੀ ਕਰਦੇ ਹਨ। ਪਰ ਇਹ ਪਤੰਗਬਾਜ਼ੀ ਲੋਕਾਂ ਦੇ ਸ਼ੌਕ ਦੇ ਨਾਲ ਨਾਲ ਲੋਕਾਂ ਦੇ ਘਰਾਂ ਵਿੱਚ ਸੱਥਰ ਵਿਛੋਣ ਦਾ ਕਾਰਨ ਵੀ ਬਣ ਗਿਆ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਬਾਬਾ ਬਿਬੇਕ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਸੇਵਾਦਾਰ ਹਲਕਾ ਜੰਡਿਆਲਾ ਗੁਰੂ ਨੇ ਕਿਹਾ ਕਿ ਜੇਕਰ ਗੱਲ ਕੀਤੀ ਜਾਵੇ ਤਾਂ ਪਹਿਲਾਂ ਦੇ ਲੋਹੜੀ ਦੇ ਤਿਉਹਾਰ ਨਾਲੋਂ ਹੁਣ ਦੇ ਲੋਹੜੀ ਦੇ ਤਿਉਹਾਰ ਨੂੰ ਮਨਾਉਣਾ ਜਮੀਨ ਅਸਮਾਨ ਦਾ ਅੰਤਰ ਹੋ ਗਿਆ ਹੈ। ਪਹਿਲਾਂ ਲੋਕ ਲੋਹੜੀ ਦਾ ਤਿਉਹਾਰ ਬੜੇ ਸ਼ੌਂਕ ਨਾਲ ਮਨਾਉਂਦੇ ਸਨ ਤੇ ਕਿਸੇ ਦਾ ਜਾਨੀ ਨੁਕਸਾਨ ਵੀ ਨਹੀਂ ਸੀ ਹੁੰਦਾ ।ਪਰ ਅੱਜ ਕੱਲ ਬਿਲਕੁਲ ਇਸ ਤੇ ਉਲਟ ਹੋ ਰਿਹਾ। ਇਸ ਦੇ ਤਹਿਤ ਹੀ ਗੱਲ ਕੀਤੀ ਜਾਵੇ ਤਾਂ ਹੁਣ ਤਾ ਸਥੈਟਿਕ ਡੋਰ ਜਿਸ ਨੂੰ ਕਿ ਬੰਦੇ ਮਾਰੂ ਡੋਰ ਦਾ ਨਾਮ ਹੀ ਦਿੱਤਾ ਜਾਂਦਾ ਹੈ।, ਆਮ ਹੀ ਲੋਕਾਂ ਦੇ ਹੱਥਾਂ ਵਿੱਚ ਵੇਖਣ ਨੂੰ ਮਿਲ ਰਹੀ ਹੈ ਤੇ ਤਕਰੀਬਨ ਹੀ 90% ਲੋਕਾਂ ਨੇ ਲੋਹੜੀ ਅਤੇ ਬਸੰਤ ਦਾ ਤਿਉਹਾਰ ਇਸ ਬੰਦੇ ਮਾਰੂ ਡੋਰ ਅਤੇ ਸੰਥੈਟਿਕ ਧਾਗੇ ਨਾਲ ਹੀ ਮਨਾਇਆ ਹੈ। ਅਕਸਰ ਹੀ ਗੱਲ ਕਰਦੇ ਹਾਂ ਕਿ ਇਹ ਸਿੰਥੈਟਿਕ ਡੌਰ ਸਿਰਫ ਤੇ ਸਿਰਫ ਅਖ਼ਬਾਰੀ ਬਿਆਨਾਂ ਵਿੱਚ ਬੰਦ ਹੋਣ ਦੇ ਬਾਵਜੂਦ ਵੀ ਕਿੱਥੋਂ ਆ ਰਹੀ ਹੈ ਤੇ ਕੌਣ ਸਪਲਾਈ ਕਰ ਰਿਹਾ ਅਤੇ ਕਿਥੇ ਬਣ ਰਹੀ ਹੈ ਇਸ ਬਾਰੇ ਬਹੁਤ ਹੀ ਵੱਡੀ ਗੁੰਜਲ ਬਣੀ ਹੋਈ ਹੈ। ਲੋਹੜੀ ਦੇ ਤਿਉਹਾਰ ਨੂੰ ਕੁਝ ਦਿਨ ਪਹਿਲਾਂ ਹੀ ਪੁਲਿਸ ਦੇ ਵੱਡੇ ਵੱਡੇ ਬਿਆਨ ਅਖਬਾਰਾਂ ਦੀਆਂ ਸੁਰਖੀਆਂ ਬਣੇ ਕਿ ਵੱਖ ਵੱਖ ਥਾਂਵਾਂ ਤੇ ਛਾਪੇਮਾਰੀ ਕੀਤੀ ਗਈ ਹੈ ਅਤੇ ਪੂਰੀ ਸਖ਼ਤਾਈ ਨਾਲ ਡਰੋਨਾ ਰਾਹੀਂ ਪਤਾ ਕੀਤਾ ਜਾਵੇਗਾ। ਕਿ ਚਾਈਨਾ ਡੋਰ ਨਾਲ ਕੌਣ ਪਤੰਗ ਉਡਾ ਰਿਹਾ, ਉਸ ਤੇ ਤੁਰੰਤ ਕਾਰਵਾਈ ਹੋਏਗੀ, ਪਰ ਪਰਨਾਲਾ ਉੱਥੇ ਦਾ ਉੱਥੇ ਹੀ ਵੇਖਣ ਨੂੰ ਮਿਲ ਰਿਹਾ, ਪਿਛਲੇ ਕਈ ਦਿਨਾਂ ਤੋਂ ਇਸ ਸਿੰਥੈਟਿਕ ਡੋਰ ਨਾਲ ਕਈ ਘਰਾਂ ਵਿੱਚ ਸੱਥਰ ਵਿਛ ਗਏ।ਦੋ ਮਾਸੂਮ ਬੱਚਿਆਂ ਦੀ ਮਾਂ ਇਸ ਸੰਥੈਟਿਕ ਡੋਰ ਦੀ ਭੇਟ ਚੜ ਗਈ। ਇੱਕ 15 ਸਾਲ ਦਾ ਨੌਜਵਾਨ ਗਭਰੂ, ਮਾਂ ਦਾ ਪੁੱਤ, ਸਕੂਲ ਤੋਂ ਵਾਪਸ ਘਰ ਪਰਤਦੇ ਸਮੇਂ ਇਸ ਬੰਦੇ ਮਾਰੂ ਡੋਰ ਦੀ ਭੇਟ ਚੜ ਗਿਆ। ਇਨਾ ਕੁਝ ਕਹਿਰ ਹੋਣ ਦੇ ਬਾਵਜੂਦ ਵੀ, ਚਾਈਨਾ ਡੋਰ ਦੀ ਵਿਕਰੀ ਜੋਰਾਂ ਤੇ ਹੋ ਗਈ। ਅਕਸਰ ਸਵਾਲ ਇਹੀ ਉੱਠਦਾ ਹੈ ਕਿ ਇਹਨਾਂ ਸਬ ਮੌਤਾ ਲਈ ਜਿੰਮੇਵਾਰ ਕੌਣ ਹੈ। ਪਿਛਲੇ ਦਿਨੀ ਸੋਸ਼ਲ ਮੀਡੀਆ ਤੇ ਪੁਲਿਸ ਵਾਲਿਆਂ ਦੀਆਂ ਬਹੁਤ ਹੀ ਤਸਵੀਰਾਂ ਵਾਇਰਲ ਹੋਈਆਂ ਕਿ ਦੂਰਬੀਨ ਨਾਲ ਬੜੀ ਦੂਰ ਦੂਰ ਤੱਕ ਵੇਖ ਰਹੇ ਹਨ।, ਡਰੋਨ ਵੀ ਛੱਡੇ ਗਏ ਪਰ ਪ੍ਰਸ਼ਾਸਨ ਦੀ ਇਹ ਸਾਰੀ ਕਾਰਜ਼ਕਾਰੀ ਫੇਲ ਸਾਬਿਤ ਹੋਈ।, ਪੁਲਿਸ ਇਸ ਵਾਰ ਵੀ ਚਾਈਨਾ ਡੋਰ ਤੇ ਸਮਗਲਰਾਂ ਵੱਡੇ ਮਗਰਮੱਛਾਂ ਜੋ ਕਿ ਸਪਲਾਈ ਕਰ ਰਹੇ ਹਨ ਉਹਨਾਂ ਤੱਕ ਨਹੀਂ ਪਹੁੰਚ ਸਕੀ। ਜਿਸ ਕਾਰਨ ਸ਼ਰੇਆਮ ਚਾਈਨਾ ਡੋਰ ਵਿਕੀ ਅਤੇ ਲੋਕਾਂ ਨੇ ਚਾਈਨਾ ਡੋਰ ਦਾ ਆਨੰਦ ਮਾਣਿਆ ਪਰ ਉਹਨਾਂ ਨੇ ਇਹ ਨਹੀਂ ਸੋਚਿਆ ਕਿ ਅਸੀਂ ਕਿਸੇ ਦੀ ਜ਼ਿੰਦਗੀ ਨਾਲ ਖਿਲਵਾੜ ਕਰ ਰਹੇ ਹਾਂ ਮਨੁੱਖ ਦਾ ਨੁਕਸਾਨ ਦੇ ਨਾਲ ਨਾਲ ਅਸੀਂ ਪੰਛੀਆਂ ਦੇ ਵੀ ਕਤਲ ਕਰ ਰਹੇ ਹਾਂ। ਅਕਸਰ ਪੁਲਿਸ ਪ੍ਰਸ਼ਾਸਨ ਦੇ ਨਾਲ ਨਾਲ ਖੁਦ ਅਸੀਂ ਵੀ ਇਸ ਲਈ ਜਿੰਮੇਵਾਰ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਚੰਨਣਕੇ ਦੀ ਧੀ ਨੇ ਨੈਸ਼ਨਲ ਖੇਡਾਂ ਵਿਚ ਪਿੰਡ ਦਾ ਨਾਮ ਰੋਸ਼ਨ ਕੀਤਾ



**ਚੌਕ ਮਹਿਤਾ, 26 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਧਰਮਪਾਲ ਸਿੰਘ ਸਹੋਤਾ ਚੰਨਣਕੇ ਪੋਤਰੀ ਅਤੇ ਦੀਦਾਰ ਸਿੰਘ ਸਹੋਤਾ ਦੀ ਧੀ ਰਵਨੀਤ ਕੌਰ ਨੇ ਪਿੱਛਲੇ ਦਿਨੀ ਭਾਰਤ ਸਰਕਾਰ ਦੀ ਰਗਬੀ ਫੈਡਰੇਸ਼ਨ ਆਫ ਇੰਡੀਆ ਵੱਲੋਂ ਉੜੀਸਾ ਸ਼ਹਿਰ ਭੁਵਨੇਸ਼ਵਰ ਵਿਚ ਕਰਵਾਈਆਂ ਗਈਆਂ ਨੈਸ਼ਨਲ ਖੇਡਾਂ ਵਿਚ ਹਲਕਾ ਮਜੀਠਾ ਦੇ ਪਿੰਡ ਚੰਨਣਕੇ ਦੀ ਧੀ ਰਵਨੀਤ ਕੌਰ ਨੇ ਪੰਜਾਬ ਦੀ ਸਬ ਜੂਨੀਅਰ ਰਗਬੀ ਟੀਮ ਅੰਡਰ,15 ਨੂੰ ਪਰਜੈਟ ਕਰਕੇ ਪੂਰੇ ਭਾਰਤ ਵਿੱਚ ਪਿੰਡ ਚੰਨਣਕੇ ਦਾ ਰੋਸ਼ਨ ਕੀਤਾ। ਜ਼ਿਕਰਯੋਗ ਹੈ ਕਿ ਰਵਨੀਤ ਕੌਰ ਨੇ ਪਹਿਲੇ ਸਾਲ ਹੀ ਇਸ ਖੇਡ ਵਿੱਚ ਬੇਹਤਰੀਨ ਪ੍ਰਦਰਸ਼ਨ ਕਰਦੇ ਹੋਏ ਪੰਜਾਬ ਦੀ ਟੀਮ ਵੱਲੋਂ ਖੇਡਣ ਦਾ ਮਾਣ ਹਾਸਲ ਕੀਤਾ ਇਸ ਮੌਕੇ ਤੇ ਕੋਂਸਲਰ ਮਨਪ੍ਰੀਤ ਸਿੰਘ ਕੌਂਸਲਰ ਨਵਜੀਤ ਕੌਰ ਨੇ ਰਵਨੀਤ ਕੌਰ ਦਾ ਮਾਣ ਸਨਮਾਨ ਕੀਤਾ। ਇਸ ਖਬਰ ਨੂੰ ਸੁਣਕੇ ਪਿੰਡ ਚੰਨਣਕੇ ਦੇ ਸਰਪੰਚ ਕੁਲਵਿੰਦਰ ਸਿੰਘ ਮਿਠਾ, ਸਾਬਕਾ ਸਰਪੰਚ ਮੇਜਰ ਸਿੰਘ ਸਹੋਤਾ, ਸਾਬਕਾ ਸਰਪੰਚ ਪ੍ਰਗਟ ਸਿੰਘ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਅਤੇ ਪਿੰਡ ਚੰਨਣਕੇ ਦੇ ਵਾਸੀਆਂ ਨੇ ਧਰਮਪਾਲ ਸਿੰਘ ਸਹੋਤਾ, ਦੀਦਾਰ ਸਿੰਘ ਸਹੋਤਾ ਨੂੰ ਵਧਾਈਆਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

### ਅਤਲਾ ਖੁਰਦ ਵਿਖੇ ਮਨਾਇਆ ਗਿਆ

# ਅਨੋਖੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜਾ: ਅਤਲਾ




**ਨਵੀਂ ਦਿੱਲੀ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਸਿੱਖ ਇਤਿਹਾਸ 'ਚ ਅਣਗਿਣਤ ਸ਼ਹੀਦ ਹੋਏ ਨੇ ਜਿਨ੍ਹਾਂ ਨੇ ਮਨੁੱਖਤਾ ਦੀ ਖਾਤਰ ਵਿੱਢੀ ਜੰਗ 'ਚ ਆਪਣਾ ਜੀਵਨ ਕੁਰਬਾਨ ਕਰ ਦਿੱਤਾ। ਇਹ ਵਿਚਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮੁੱਖ ਸਿੰਘ ਜੀ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਪਿੰਡ ਅਤਲਾ ਖੁਰਦ ਵਿਖੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਗਿਆਨੀ ਗੁਰਮੁੱਖ ਸਿੰਘ ਸ਼ਹੀਦ ਬਾਬਾ ਦੀਪ ਸਿੰਘ ਸੇਵਾ ਦਲ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਸੁਖਚੈਨ ਸਿੰਘ ਅਤਲਾ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਸ਼ਿਰਕਤ ਕਰਨ ਪਹੁੰਚੇ ਹੋਏ ਸਨ। ਉਹਨਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਬਾਬਾ ਦੀਪ ਸਿੰਘ ਦਾ ਨਾਂ ਉਨ੍ਹਾਂ ਮਹਾਨ ਸ਼ਹੀਦਾਂ ਦੀ ਕਤਾਰ ਵਿੱਚ ਆਉਂਦਾ ਹੈ, ਜਿਨ੍ਹਾਂ ਦੇ ਇਰਾਦੇ ਤੇ ਵਿਚਾਰ ਫੌਲਾਦੀ ਸਨ। ਬਾਬਾ ਦੀਪ ਸਿੰਘ ਜੀ ਸ਼ਹੀਦੀ ਮਿਸਲ ਦੇ ਮੁਖੀ ਸਨ ਅਤੇ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਸਨ। ਬਾਬਾ ਜੀ ਪੰਥ ਦੀ ਖਾਤਰ ਹਰ ਕੁਰਬਾਨੀ ਕਰਨ ਲਈ ਸਦਾ ਤਿਆਰ ਬਰ ਰਹਿਣ ਵਾਲੇ ਯੋਧੇ ਸਨ। ਉਨ੍ਹਾਂ ਦਸਿਆ ਇਤਿਹਾਸ ਗਵਾਹ ਹੈ ਕਿ ਬਾਬਾ ਦੀਪ ਸਿੰਘ ਦੇ ਪੈਰਾਂ 'ਚ ਸਮੁੰਦਰ ਦੀਆਂ ਲਹਿਰਾਂ ਤੋਂ ਵੱਧ ਵੇਗ ਸੀ ਤੇ ਬਾਬਾ ਜੀ ਦੇ ਲਹੂ 'ਚ ਇੰਨੀ ਗਰਮੀ ਸੀ ਕਿ 1757 'ਚ ਤੈਮੂਰ ਸ਼ਾਹ ਤੇ ਜਾਹਨ ਖਾਨ ਵਲੋਂ ਸ੍ਰੀ ਦਰਬਾਰ ਸਾਹਿਬ ਦੀ ਬੇਅਦਬੀ ਕਰਨ ਤੇ ਪਵਿੱਤਰ ਸਰੋਵਰ ਨੂੰ ਪੂਰ ਦੇਣ ਦੀ ਖ਼ਬਰ ਸ੍ਰੀ ਦਮਦਮਾ ਸਾਹਿਬ ਪਹੁੰਚੀ, ਤਾਂ ਆਪ ਜੀ 76 ਸਾਲ ਦੀ ਬਿਰਧ ਅਵਸਥਾ 'ਚ 18 ਸੇਰ ਦਾ ਖੰਡਾ ਹੱਥ 'ਚ ਫੜ ਸ੍ਰੀ ਦਰਬਾਰ ਸਾਹਿਬ ਨੂੰ ਆਜ਼ਾਦ ਕਰਵਾਉਣ ਲਈ ਚੱਲ ਪਏ। ਬਾਬਾ ਦੀਪ ਸਿੰਘ ਜੀ ਨੇ ਜੰਗ ਜਿੱਤ ਕੇ ਸ੍ਰੀ ਹਰਮਿੰਦਰ ਸਾਹਿਬ ਨਤਮਸਤਕ ਹੋਣ ਦਾ ਅਰਦਾਸਾ ਸੋਧਿਆ ਤੇ ਸ੍ਰੀ ਅੰਮ੍ਰਿਤਸਰ ਵੱਲ ਚੱਲ ਪਏ। ਸ਼ਹਿਰ ਦੇ ਬਾਹਰ ਘਮਸਾਣ ਦਾ ਯੁੱਧ ਹੋਇਆ, ਜਹਾਨ ਖਾਨ ਨਾਲ ਹੋ ਰਹੀ ਗਹਿਗੱਚ ਲੜਾਈ ਵਿੱਚ ਬਾਬਾ ਜੀ ਸੀਸ ਧੜ ਨਾਲੋਂ ਵੱਖਰਾ ਹੋ ਗਿਆ। ਕੋਲ ਖੜ੍ਹੇ ਸਿੰਘ ਨੇ ਜਦ ਬਾਬਾ ਜੀ ਨੂੰ ਦਰਬਾਰ ਸਾਹਿਬ ਦੇ ਚਰਨਾਂ 'ਚ ਪਹੁੰਚੇ ਕੇ ਨਤਮਸਕਤਕ ਹੋਣ ਦਾ ਪ੍ਰਣ ਯਾਦ ਕਰਵਾਇਆ ਤਾਂ ਐਸਾ ਕਰਿਸ਼ਮਾ ਵਾਪਰਿਆ ਜਿਸ ਦੀ ਮਿਸਾਲ ਦੁਨੀਆ 'ਚ ਕਿਧਰੇ ਵੀ ਨਹੀਂ ਮਿਲਦੀ। ਬਾਬਾ ਜੀ ਨੇ ਆਪਣੇ ਖੱਬੇ ਹੱਥ 'ਤੇ ਸੀਸ ਰੱਖ ਕੇ ਸੱਜੇ ਹੱਥ ਨਾਲ ਅਜਿਹਾ ਖੰਡਾ ਵਾਹਿਆ ਕਿ ਦੁਸ਼ਮਣ ਫ਼ੌਜ 'ਚ ਭਾਜੜਾਂ ਪੈ ਗਈਆਂ। ਜੰਗ ਜਿੱਤ ਕੇ ਸ੍ਰੀ ਹਰਿਮੰਰ ਸਾਹਿਬ ਪਰਿਕਰਮਾ ਚ ਸੀਸ ਭੇਟ ਕਰ ਕੇ ਸ਼ਹੀਦੀ ਪ੍ਰਾਪਤ ਕਰ ਗਏ। ਇਸੇ ਕਰ ਕੇ ਬਾਬਾ ਦੀਪ ਸਿੰਘ ਜੀ ਨੂੰ ਅਨੋਖੇ ਅਮਰ ਸ਼ਹੀਦ ਵਜੋਂ ਜਾਣਿਆ ਜਾਂਦਾ ਹੈ।ਇਸ ਮੌਕੇ ਬਾਬਾ ਰਾਜਵਿੰਦਰ ਸਿੰਘ ਘਰਾਗਣੇ ਵਾਲੇ ਅਤੇ ਅਮ੍ਰਿਤਪਾਲ ਸਿੰਘ ਭੀਖੀ ਵਾਲਿਆਂ ਨੇ ਵੀ ਸੰਗਤਾਂ ਨੂੰ ਸੰਬੋਧਨ ਕੀਤਾ। ਇਸ ਮੌਕੇ ਵਡੀ ਗਿਣਤੀ ਵਿਚ ਹਾਜਿਰ ਭਰਣ ਵਾਲੇ ਧਾਰਮਿਕ ਅਤੇ ਰਾਜਨੀਤਿਕ ਆਗੂ ਅਮ੍ਰਿਤਪਾਲ ਸਿੰਘ ਸਿੱਧੂ ਲੋਗੋਵਾਲ, ਰਾਮ ਖਿਆਲਾਂ, ਬਿਕਰਮਜੀਤ ਸਿੰਘ ਰਾਓ, ਬਲਦੇਵ ਸਿੰਘ ਸਾਹਨੇਵਾਲੀ, ਬਹਾਦਰ ਸਿੰਘ ਦੋਦੜਾ, ਲਵਪ੍ਰੀਤ ਸਿੰਘ ਅਕਲੀਆਂ, ਮਨਦੀਪ ਸਿੰਘ ਅਤਲਾ, ਸਵਰਨ ਸਿੰਘ ਪੂਹਲੀ, ਕਿਸਾਨ ਆਗੂ ਬਲਤੇਜ ਸਿੰਘ ਪੂਹਲੀ, ਕਾਲਾ ਸਿੰਘ ਅਤਲਾ, ਅਵਤਾਰ ਸਿੰਘ ਭੀਖੀ, ਬਲਜੀਤ ਸਿੰਘ ਸਾਬਕਾ ਸਰਪੰਚ, ਸੁਖਜੀਤ ਕੌਰ ਅਤਲਾ, ਸੁਖਰਾਜ ਸਿੰਘ ਅਤਲਾ, ਬਲਦੇਵ ਸਿੰਘ ਧਲੇਵਾਂ, ਐਡਵੋਕੇਟ ਲਖਵਿੰਦਰ ਸਿੰਘ ਲੱਖਣਪਾਲ, ਜਗਸੀਰ ਸਿੰਘ ਫੋਜੀ, ਅਮਰੀਕ ਸਿੰਘ ਅਤਲਾ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਹੈਡ ਗ੍ਰੰਥੀ ਭਾਈ ਗੁਰਮੁੱਖ ਜੀ ਨੂੰ ਪ੍ਰਬੰਧਕਾਂ ਵਲੋਂ ਸਨਮਾਨਿਤ ਕੀਤਾ ਗਿਆ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

### ਕੰਪਿਊਟਰ ਅਧਿਆਪਕਾਂ ਨੇ ਵਿੱਢਿਆ 'ਮਿਸ਼ਨ 2027'

# ਹਰ ਹਲਕੇ ਤੇ ਸਰਕਾਰੀ ਸਮਾਗਮ 'ਚ ਕਰਨਗੇ ਆਪਣੇ ਹੱਕਾਂ ਦੇ ਲਈ ਆਵਾਜ਼ ਬੁਲੰਦ

**ਸ੍ਰੀ ਅਨੰਦਪੁਰ ਸਾਹਿਬ 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਸਿੱਖਿਆ ਵਿਭਾਗ ਵਿੱਚ ਪਿਛਲੇ ਲੰਬੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਕੰਪਿਊਟਰ ਅਧਿਆਪਕਾਂ ਨਾਲ ਲਗਾਤਾਰ ਕੀਤੀ ਜਾ ਰਹੀ ਵਾਅਦਾਖਿਲਾਫੀ ਅਤੇ ਟਾਲ-ਮਟੋਲ ਦੀ ਨੀਤੀ ਖਿਲਾਫ਼ ਹੁਣ ਅਧਿਆਪਕਾਂ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਪਹੁੰਚ ਗਿਆ ਹੈ। ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੀ ਜਥੇਬੰਦੀ ਕੰਪਿਊਟਰ ਫੈਕਲਟੀ ਐਸੋਸੀਏਸ਼ਨ ਪੰਜਾਬ ਨੇ ਸਰਕਾਰ ਦੀ ਅਣਦੇਖੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਹੁਣ ਆਰ-ਪਾਰ ਦੀ ਲੜਾਈ ਲੜਨ ਦਾ ਮਨ ਬਣਾ ਲਿਆ ਹੈ। ਜਥੇਬੰਦੀ ਨੇ ਐਲਾਨ ਕੀਤਾ ਹੈ ਕਿ ਸਰਕਾਰ ਦੀਆਂ ਲਾਰਾ ਲਾਓ ਨੀਤੀਆਂ ਦਾ ਜਵਾਬ ਦੇਣ ਲਈ ਹੁਣ 'ਮਿਸ਼ਨ 2027' ਦੀ ਸ਼ੁਰੂਆਤ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕੰਪਿਊਟਰ ਫੈਕਲਟੀ ਐਸੋਸੀਏਸ਼ਨ ਪੰਜਾਬ ਦੇ ਸੂਬਾਈ ਆਗੂ ਪ੍ਰਦੀਪ ਕੁਮਾਰ ਮਲੂਕਾ, ਜਸਪਾਲ ਫਤਿਹਗੜ੍ਹ ਸਾਹਿਬ, ਲਖਵਿੰਦਰ ਸਿੰਘ ਫਿਰੋਜ਼ਪੁਰ, ਪਰਮਵੀਰ ਸਿੰਘ ਪੰਮੀ, ਪਵਨ ਸ਼ਰਮਾ ਜਲੰਧਰ, ਹਰਚਰਨ ਸਿੰਘ ਅਤੇ ਜਤਿੰਦਰ ਸਿੰਘ ਸੋਢੀ ਨੇ ਦੱਸਿਆ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਤਕਰੀਬਨ 6600 ਕੰਪਿਊਟਰ ਅਧਿਆਪਕ ਪਿਛਲੇ 20 ਸਾਲਾਂ ਤੋਂ ਨਿਗੂਣੀਆਂ ਤਨਖਾਹਾਂ ਅਤੇ ਬਿਨਾਂ ਕਿਸੇ ਪੱਕੇ ਰੁਜ਼ਗਾਰ ਲਾਭ ਦੇ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਕੰਪਿਊਟਰ ਅਧਿਆਪਕਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਸਨ, ਪਰ ਸੱਤਾ ਸੰਭਾਲਣ ਤੋਂ ਬਾਅਦ ਸਰਕਾਰ ਕੁੰਭਕਰਨੀ ਨੀਂਦ ਸੌਂ ਗਈ ਹੈ।ਆਗੂਆਂ ਨੇ 'ਮਿਸ਼ਨ 2027' ਦੀ ਰਣਨੀਤੀ ਸਾਂਝੀ ਕਰਦਿਆਂ ਸਪੱਸ਼ਟ ਕੀਤਾ ਕਿ ਇਹ ਸੰਘਰਸ਼ ਹੁਣ ਸਿਰਫ ਇੱਕ ਜ਼ਿਲ੍ਹੇ ਜਾਂ ਇੱਕ ਹਲਕੇ ਤੱਕ ਹੀ ਸੀਮਤ ਨਹੀਂ ਰਹੇਗਾ। ਉਨ੍ਹਾਂ ਐਲਾਨ ਕੀਤਾ ਕਿ ਕੰਪਿਊਟਰ ਅਧਿਆਪਕ ਹੁਣ ਹਰ ਫ੍ਰੰਟ 'ਤੇ ਸਰਕਾਰ ਨੂੰ ਘੇਰਨਗੇ। ਪੰਜਾਬ ਦੇ ਹਰ ਵਿਧਾਨ ਸਭਾ ਹਲਕੇ ਵਿੱਚ ਅਤੇ ਸਰਕਾਰ ਦੇ ਹਰ ਸਮਾਗਮ ਵਿੱਚ ਕੰਪਿਊਟਰ ਅਧਿਆਪਕ ਪਹੁੰਚ ਕੇ ਵੱਡੇ ਪੱਧਰ 'ਤੇ ਆਪਣਾ ਵਿਰੋਧ ਦਰਜ ਕਰਵਾਉਣਗੇ। ਜਿੱਥੇ ਕਿਤੇ ਵੀ ਸਰਕਾਰ ਦੇ ਮੰਤਰੀ ਜਾਂ ਵਿਧਾਇਕ ਜਾਣਗੇ, ਉੱਥੇ ਅਧਿਆਪਕ ਕਾਲੀਆਂ ਪੱਟੀਆਂ ਅਤੇ ਬੈਨਰ ਲੈ ਕੇ ਸਰਕਾਰ ਦੀ ਵਾਅਦਾਖਿਲਾਫੀ ਦਾ ਪੋਲ ਖੋਲ੍ਹਣਗੇ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਹਰ ਮੰਚ 'ਤੇ ਜਵਾਬਦੇਹ ਬਣਾਇਆ ਜਾਵੇਗਾ। ਇੱਕ ਵੱਡੀ ਮੁਹਿੰਮ ਚਲਾਈ ਜਵੇਗੀ ਜਿਸ ਵਿਚ ਸਰਕਾਰ ਵੱਲੋਂ ਉਨ੍ਹਾਂ ਦੇ ਨਾਲ ਕੀਤੀ ਗਈ ਬੇਇੰਸਾਫੀ ਨੂੰ ਲੋਕਾਂ ਦੀ ਕਚਿਹਰੀ ਵਿਚ ਰੱਖਦੇ ਹੋਏ ਇੰਨਸਾਫ ਦੀ ਮੰਗ ਕੀਤੀ ਜਾਵੇਗੀ। ਆਗੂਆਂ ਨੇ ਭਰੇ ਮਨ ਨਾਲ ਰੋਸ ਜ਼ਾਹਰ ਕਰਦਿਆਂ ਕਿਹਾ ਕਿ 15 ਸਿਤੰਬਰ 2022 ਨੂੰ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਬੜੇ ਜ਼ੋਰ-ਸ਼ੋਰ ਨਾਲ ਐਲਾਨ ਕੀਤਾ ਗਿਆ ਸੀ ਕਿ ਕੰਪਿਊਟਰ ਅਧਿਆਪਕਾਂ ਨੂੰ ਉਸ ਸਾਲ ਦੀਵਾਲੀ ਮੌਕੇ 'ਦੀਵਾਲੀ ਗਿਫਟ' ਦੇ ਰੂਪ ਵਿਚ ਉਨ੍ਹਾਂ ਦੀਆਂ ਸਾਰੀਆਂ ਜਾਇਜ ਮੰਗਾਂ ਨੂੰ ਪੂਰਾ ਕੀਤਾ ਜਾਵੇਗਾ। ਮੰਤਰੀ ਨੇ ਭਰੋਸਾ ਦਿੱਤਾ ਸੀ ਕਿ ਅਧਿਆਪਕਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਦੇ ਹੋਏ ਉਨ੍ਹਾਂ ਨੂੰ ਵਿਭਾਗ ਵਿੱਚ ਪੱਕੇ ਤੌਰ 'ਤੇ ਮਰਜ ਕੀਤਾ ਜਾਵੇਗਾ ਅਤੇ 6ਵੇਂ ਪੇ-ਕਮਿਸ਼ਨ ਦਾ ਲਾਭ ਦਿੱਤਾ ਜਾਵੇਗਾ। ਪਰ ਅੱਜ ਕਈ ਮਹੀਨੇ ਬੀਤ ਜਾਣ ਅਤੇ ਨਵਾਂ ਸਾਲ ਚੜ੍ਹਨ ਦੇ ਬਾਵਜੂਦ ਉਹ ਐਲਾਨ ਮਹਿਜ਼ ਇੱਕ ਸਿਆਸੀ ਜੁਮਲਾ ਅਤੇ ਛਲਾਵਾ ਹੀ ਸਾਬਿਤ ਹੋਇਆ ਹੈ।

## ਚਾਇਨਾ ਡੋਰ ਨੂੰ ਬੈਨ ਕਰਨ ਦੇ ਬਾਵਜੂਦ ਚਾਈਨਾ ਡੋਰ ਦੀ ਖ਼ੂਨੀ ਖੇਡ ਜ਼ਾਰੀ,ਹੁਣ ਰਾਏਕੋਟ'ਚ ਗਲਾ ਵੱਡੇ ਜਾਣ ਕਾਰਨ ਸਰਬਜੀਤ ਕੌਰ ਦੀ ਮੌਤ ਤੋਂ ਕੁਝ ਸਿੱਖੇ ਪੰਜਾਬ ਸਰਕਾਰ, ਪਤੰਗਬਾਜ਼ੀ ਤੇ ਰੋਕ ਲੱਗੇ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 27 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਰਾਜ਼ ਵਿੱਚ ਚਾਈਨਾ ਡੋਰ ਨਾਲ ਹੋਈਆਂ ਮੌਤਾਂ ਤੇ ਵਧ ਰਹੇ ਹਾਦਸਿਆਂ ਨੂੰ ਰੋਕਣ ਲਈ ਸਰਕਾਰ ਨੇ ਭਾਵੇਂ ਇਸ ਡੋਰ ਬੈਨ ਕਰ ਦਿੱਤਾ ਹੈ ਪਰ ਚਾਈਨਾ ਡੋਰ ਦੀ ਖ਼ੂਨੀ ਖੇਡ ਅਜੇ ਲਗਾਤਾਰ ਜਾਰੀ ਹੈ ਅਜੇ ਪਰਸੋਂ 15 ਸਾਲਾਂ ਸਕੂਲੀ ਵਿਦਿਆਰਥੀ ਨਵਜੋਤ ਸਿੰਘ ਮਾਤਾ ਪਿਤਾ ਦੇ ਇਕਲੌਤੇ ਪੁੱਤਰ ਚਾਈਨਾ ਡੋਰ ਨਾਲ ਗਲਾਂ ਕੱਟਣ ਨਾਲ ਹੋਈ ਮੌਤ ਦੀਆਂ ਖਬਰਾਂ ਪੜੀਆਂ ਸੁਣੀਆਂ ਜਾ ਰਹੀਆਂ ਸਨ ਅਤੇ ਅੱਜ ਰਾਏਕੋਟ ਲੁਧਿਆਣਾ ਦੀ ਸਰਬਜੀਤ ਕੌਰ ਦੀ ਗਲਾਂ ਵੱਢੇ ਜਾਣ ਨਾਲ ਮੌਤ ਹੋਣ ਦੀ ਖਬਰ ਸਹਾਮਣੇ ਆਈ ਹੈ ਇਸ ਕਰਕੇ ਸਾਡੀ ਜਥੇਬੰਦੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਚਾਈਨਾ ਡੋਰ ਨਾਲ ਗਲਾਂ ਵੰਢੇ ਜਾਣ ਨਾਲ ਰਾਏਕੋਟ ਨਿਵਾਸੀ ਸਰਬਜੀਤ ਕੌਰ ਦੀ ਹੋਈ ਮੌਤ ਤੇ ਡੂੰਡੇ ਦੁਖ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਜਿਥੇ ਸਰਕਾਰ ਨੂੰ ਪ੍ਰਵਾਰ ਦੀ ਢੁੱਕਵੀਂ ਮਦਦ ਕਰਨ ਦੇ ਨਾਲ ਨਾਲ ਸਰਕਾਰ ਨੂੰ ਬੇਨਤੀ ਕਰਦੀ ਹੈ, ਅਗਰ ਸਰਕਾਰ ਚਾਈਨਾ ਡੋਰ ਨੂੰ ਬੰਦ ਨਹੀਂ ਕਰ ਸਕਦੀ ? ਖ਼ੂਨੀ ਡੋਰ ਵੇਚਣ ਵਾਲਿਆਂ ਖ਼ੂਨੀ ਵਪਾਰੀਆਂ ਨੂੰ ਨਕੇਲ ਨਹੀਂ ਪਾ ਸਕਦੀ ? ਤਾਂ ਪਤੰਗਬਾਜ਼ੀ ਤੇ ਪਾਬੰਦੀ ਲਾਉਣ ਦੀ ਲੋੜ ਤੇ ਜ਼ੋਰ ਦੇਵੇ ਰੋਜ਼ ਰੋਜ਼ ਚਾਈਨਾ ਡੋਰ ਕਹਿਰ ਬਹੁਤ ਹੀ ਭਿਆਨਕ ਮੁੱਦਾ ਤੇ ਸਰਕਾਰ ਨੂੰ ਚੁਣੌਤੀ ਹੈ, ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਚਾਈਨਾ ਡੋਰ ਨਾਲ ਰਾਏਕੋਟ ਨਿਵਾਸੀ ਸਰਬਜੀਤ ਕੌਰ ਦੀ ਗਲਾਂ ਵੱਢਣ ਨਾਲ ਹੋਈ ਮੌਤ ਤੇ ਡੂੰਡੇ ਦੁਖ ਦਾ ਪ੍ਰਗਟਾਵਾ ਅਤੇ ਸਰਕਾਰ ਨੂੰ ਪਤੰਗਬਾਜ਼ੀ ਤੇ ਪਾਬੰਦੀ ਲਾਉਣ ਦੀ ਮੰਗ ਕਰਦਿਆਂ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਦੱਸਿਆ ਰਾਜ ਵਿੱਚ ਚਾਈਨਾ ਡੋਰ ਨਾਲ ਰੋਜ ਰੋਜ ਹੋ ਰਹੀਆਂ ਮੌਤਾਂ ਗਹਿਰੀ ਚਿੰਤਾ ਦਾ ਮਸਲਾ ਬਣ ਗਿਆ ਅਤੇ ਲੋਕ ਸਰਕਾਰ ਤੋਂ ਮੰਗ ਕਰ ਰਹੇ ਹਨ ਕਿ ਉਨ੍ਹਾਂ ਨੂੰ ਚਾਈਨਾ ਡੋਰ ਤੋਂ ਬਚਾਇਆ ਜਾਏ ਪਰ ਇੰਜ ਲਗਦਾ ਹੈ ਕਿ ਸਰਕਾਰ ਦੀ ਢਿੱਲ ਮੱਠ ਲੋਕਾਂ ਦੀਆਂ ਜਾਨਾਂ ਦਾ ਕਾਰਨ ਬਣਦੀ ਰਹੀ ਗਈ ਕਿਉਂਕਿ ਸਰਕਾਰ ਦੇ ਆਪਣੇ ਹੀ ਜਲੰਧਰੀ ਆਗੂ ਭਗਤ ਤੇ ਸ਼ੀਤਲ ਅੰਘਰਾਲ ਨੇ ਚਾਈਨਾ ਡੋਰ ਨਾਲ ਪਤੰਗ ਉਡਾਉਣ ਦੇ ਦੋਸ਼ ਲਾਏ ਹਨ ਕੀ ਸਰਕਾਰ ਭਗਤ ਤੇ ਕੇਸ ਦਰਜ ਕਰੇਗੀ ਭਾਈ ਖਾਲਸਾ ਨੇ ਕਿਹਾ ਸਰਕਾਰ ਚਾਈਨਾ ਡੋਰ ਸਬੰਧੀ ਲਾਪਰਵਾਹੀ ਹੀ ਲੋਕਾਂ ਦੀਆਂ ਤੇ ਕਈਆਂ ਦੇ ਵੱਡੇ ਹਾਦਸਿਆਂ ਦਾ ਸ਼ਿਕਾਰ ਬਣ ਰਹੀ ਹੈ ਇਸ ਕਰਕੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਜਿਥੇ ਰਾਏਕੋਟ ਨਿਵਾਸੀ ਸਰਬਜੀਤ ਕੌਰ ਦੀ ਚਾਈਨਾ ਡੋਰ ਨਾਲ ਹੋਈ ਮੌਤ ਤੇ ਦੁਖੀ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦੀ ਹੋਈ ਸਰਕਾਰ ਤੋਂ ਮੰਗ ਕਰਦੀ ਹੈ ਕਿ ਰਾਜ ਵਿਚ ਪਤੰਗਬਾਜ਼ੀ ਤੇ ਰੋਕ ਲਾਈ ਜਾਵੇ ਤਾਂ ਕਿ ਲੋਕਾਂ ਨੂੰ ਚਾਈਨਾ ਡੋਰ ਦੇ ਕਹਿਰ ਤੋਂ ਬਚਾਇਆ ਜਾ ਸਕੇ ।

ਆਵਾਜ਼ਿ ਕੌਮ AWAZE QAUM International Newspaper & WEB TV

## ਮੇਲੇ 'ਤੇ ਸੰਗਤ ਨਾਲ ਜਾ ਰਹੇ 19 ਸਾਲਾ ਵਿਸ਼ਾਲ ਸਿੰਘ ਦੀ ਟਰੈਕਟਰ ਤੋਂ ਡਿੱਗਣ ਕਾਰਨ ਹੋਈ ਮੌਤ



**ਪੱਟੀ 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਤਰਨ ਤਾਰਨ ਦੇ ਹਲਕਾ ਪੱਟੀ ਦੇ ਪਿੰਡ ਪੜਿੰਗੜੀ ਰਹਿਣ ਵਾਲਾ 19 ਸਾਲਾਂ ਦੇ ਵਿਸ਼ਾਲ ਸਿੰਘ ਦੀ ਧੰਨ ਬਾਬਾ ਦੀਪ ਸਿੰਘ ਜੀ ਦੇ ਸਲਾਨਾ ਜੋੜ ਮੇਲਾ ਤੇ ਪਿੰਡ ਪਹੁਵਿੰਡ ਵਿੱਚ ਸੰਗਤ ਲੈਕੇ ਜਾ ਰਹੇ ਟਰੈਕਟਰ ਤੋਂ 19 ਸਾਲਾਂ ਦੇ ਨੌਜਵਾਨ ਦੀ ਡਿੱਗਣ ਕਾਰਨ ਮੌਤ ਹੋ ਜਾਣ ਦਾ ਸਮਾਚਾਰ ਮਿਲਿਆ ਹੈ। ਇਸ ਸਬੰਧੀ ਜਦੋਂ ਪਰਿਵਾਰ ਨਾਲ ਗੱਲ ਕੀਤੀ ਤਾਂ ਮ੍ਰਿਤਕ ਵਿਸ਼ਾਲ ਸਿੰਘ ਦੀ ਮਾਤਾ ਪਰਮਜੀਤ ਕੌਰ ਅਤੇ ਪਿਤਾ ਮੇਜਰ ਸਿੰਘ ਵਾਸੀ ਪਿੰਡ ਪਰਿੰਗੜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਦੋਂ ਉਹਨਾਂ ਦਾ ਪੁੱਤ ਟਰੈਕਟਰ ਤੋਂ ਡਿੱਗਿਆ ਤਾਂ ਉਹਨਾਂ ਨੂੰ ਕੋਈ ਫੋਨ ਕਾਲ ਰਾਹੀਂ ਜਾਣਕਾਰੀ ਨਹੀਂ ਦਿੱਤੀ ਗਈ ਨਾ ਹੀ ਉਹਨਾਂ ਦੇ ਪੁੱਤਰ ਨੂੰ ਕਿਸੇ ਹੋਸਪਿਟਲ ਵਿੱਚ ਮੈਡੀਕਲ ਟਰੀਟਮੈਂਟ ਦਿੱਤਾ ਗਿਆ ਅਤੇ ਜਦੋਂ ਵਿਸ਼ਾਲ ਸਿੰਘ ਦੀ ਮੌਤ ਹੋ ਗਈ ਤਾਂ ਸਿੱਧਾ ਉਹਨਾਂ ਦੇ ਘਰ ਲਿਆ ਕੇ ਲਿਟਾ ਦਿੱਤਾ ਗਿਆ। ਉਨਾ ਕਿਹਾ ਕਿ ਮੌਕੇ ਤੋਂ ਟਰੈਕਟਰ ਚਾਲਕ ਫਰਾਰ ਹੋ ਗਿਆ। ਪਰਿਵਾਰ ਨੇ ਟਰੈਕਟਰ ਚਾਲਕ ਤੇ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV






ਜਨਮ ਦਿਨ ਮੁਬਾਰਕ

ਵਾਰਿਸਦੀਪ ਸਿੰਘ
ਪਿਤਾ ਕਰਮਜੀਤ ਸਿੰਘ
ਮਾਤਾ ਗੁਰਮਿੰਦਰ ਕੌਰ
ਜੰਡਿਆਲਾ ਗੁਰੂ, ਅੰਮ੍ਰਿਤਸਰ
ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV

### ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ

# ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਵੱਡੀ ਗਿਣਤੀ 'ਚ ਸੰਗਤਾਂ ਹੋਈਆਂ ਨਤਮਸਤਕ





ਨਵੀਂ ਦਿੱਲੀ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਵਿਖੇ ਨਤਮਸਤਕ ਹੋ ਕੇ ਬਾਬਾ ਜੀ ਨੂੰ ਸਤਿਕਾਰ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਨੇ ਵੀ ਹਾਜ਼ਰੀ ਭਰੀ। ਗੁਰਦੁਆਰਾ ਸ਼ਹੀਦ ਗੰਜ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅੰਮ੍ਰਿਤ ਵੇਲੇ ਆਏ ਹੁਕਮਨਾਮੇ ਦੀ ਕਥਾ ਕੀਤੀ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਗਿਆਨੀ ਅਮਰਜੀਤ ਸਿੰਘ ਨੇ ਸਰਵਨ ਕਰਵਾਇਆ ਅਤੇ ਸੰਗਤ ਨਾਲ ਸ਼ਹੀਦ ਬਾਬਾ ਦੀਪ ਸਿੰਘ ਦੇ ਜੀਵਨ ਇਤਿਹਾਸ ਬਾਰੇ ਵਿਚਾਰਾਂ ਕੀਤੀਆਂ। ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸੰਗਤਾਂ ਨੂੰ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਕਿਹਾ ਕਿ ਬਾਬਾ ਜੀ ਦਾ ਜੀਵਨ ਗੁਰੂ ਭਰੋਸੇ ਦੀ ਮਿਸਾਲ ਹੈ। ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਆਪਣੇ ਹੱਥ ਨਾਲ ਲਿੱਖ ਕੇ ਤਖ਼ਤ ਸਾਹਿਬਾਨ 'ਤੇ ਪ੍ਰਕਾਸ਼ ਕਰਵਾਉਣ ਦੀ ਸੇਵਾ ਕੀਤੀ। ਬਾਬਾ ਦੀਪ ਸਿੰਘ ਜੀ ਨੂੰ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਹੋਣ ਦਾ ਵੀ ਮਾਣ ਪ੍ਰਾਪਤ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਬਾਬਾ ਜੀ ਨੇ ਗੁਰੂ ਆਸ਼ੇ ਅਨੁਸਾਰ ਜੀਵਨ ਬਤੀਤ ਕਰਦਿਆਂ ਗੁਰੂਧਾਮਾਂ ਦੀ ਹੋ ਰਹੀ ਬੇਹੁਰਮਤੀ ਨੂੰ ਰੋਕਣ ਲਈ ਆਪਣੀ ਸ਼ਹਾਦਤ ਦਿੱਤੀ। ਉਨ੍ਹਾਂ ਸੰਗਤ ਨੂੰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਅਪੀਲ ਕਰਦਿਆਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਅਤੇ ਗੁਰਬਾਣੀ ਅਨੁਸਾਰ ਜੀਵਨ ਬਤੀਤ ਕਰਨ ਲਈ ਪ੍ਰੇਰਿਆ। ਇਸੇ ਦੌਰਾਨ ਸਜੇ ਧਾਰਮਿਕ ਦੀਵਾਨਾਂ ਮੌਕੇ ਸਿੱਖ ਕੌਮ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਸਿੱਖ ਕੌਮ ਦੇ ਸ਼ਾਨਾਮੱਤੇ ਇਤਿਹਾਸ ਨਾਲ ਜੋੜਿਆ। ਵੱਡੀ ਗਿਣਤੀ ਵਿਚ ਸੰਗਤ ਨੇ ਹਾਜ਼ਰੀ ਭਰ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ ਤੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਗਿਆ, ਜਿਸ ਵਿਚ 181 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ। ਸਮਾਗਮਾਂ ਮੌਕੇ ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ, ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਮੈਂਬਰ ਸ. ਚਰਨਜੀਤ ਸਿੰਘ ਕਾਲੇਵਾਲ, ਭਾਈ ਅਜਾਇਬ ਸਿੰਘ ਅਭਿਆਸੀ, ਓਐਸਡੀ ਸ ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਗੁਰਦੁਆਰਾ ਸ਼ਹੀਦ ਗੰਜ ਸਾਹਿਬ ਦੇ ਮੈਨੇਜਰ ਸ. ਜਤਿੰਦਰਪਾਲ ਸਿੰਘ, ਮੁੱਖ ਗ੍ਰੰਥੀ ਭਾਈ ਸੁਰਜੀਤ ਸਿੰਘ ਸਭਰਾ, ਸ. ਅਮਰਬੀਰ ਸਿੰਘ ਢੋਟ, ਮੈਨੇਜਰ ਸ. ਨਰਿੰਦਰ ਸਿੰਘ, ਪ੍ਰਚਾਰਕ ਭਾਈ ਬਲਵੰਤ ਸਿੰਘ ਐਨੋਕੋਟ ਨੇ ਵੀ ਹਾਜ਼ਰੀ ਭਰੀ।

**ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਸਮੇਤ ਪ੍ਰਮੁੱਖ ਸ਼ਖਸੀਅਤਾਂ ਨੇ ਵੀ ਭਰੀ ਹਾਜ਼ਰੀ**

### ਦਿੱਲੀ ਗੁਰਦੁਆਰਾ ਕਮੇਟੀ ਨੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ

# ਅੰਮ੍ਰਿਤਧਾਰੀ ਪਰਿਵਾਰਾਂ ਦੇ ਬੱਚਿਆਂ ਦੀ ਸਿੱਖਿਆ ਦਾ ਖਰਚ ਕਮੇਟੀ ਵਲੋਂ ਚੁੱਕਣ ਦਾ ਐਲਾਨ: ਕਾਲਕਾ, ਕਾਹਲੋਂ




ਨਵੀਂ ਦਿੱਲੀ, 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਬੰਗਲਾ ਸਾਹਿਬ ਵਿਚ ਸਰੋਵਰ ਕੰਢੇ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ ਜਿਹਨਾਂ ਵਿਚ ਵੱਡੀ ਗਿਣਤੀ ਵਿਚ ਨੌਜਵਾਨਾਂ ਅਤੇ ਛੋਟੇ ਬੱਚਿਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਦਸਮ ਪਿਤਾ ਸਾਹਿਬ ਏ ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਸਿੱਖਾਂ ਨੂੰ ਦਸਤਾਰ ਦੀ ਦਾਤ ਬਖਸ਼ਿਸ਼ ਕੀਤੀ ਹੈ। ਉਹਨਾਂ ਕਿਹਾ ਕਿ ਦਸਤਾਰ ਸਾਡੀ ਸ਼ਾਨ ਹੈ ਤੇ ਦਸਤਾਰ ਧਾਰੀ ਸਿੱਖਾਂ ਦੀ ਦੁਨੀਆਂ ਵਿਚ ਨਿਆਰੀ ਪਛਾਣ ਹੈ। ਉਹਨਾਂ ਕਿਹਾ ਕਿ ਜੇਕਰ ਇਕ ਲੱਖ ਲੋਕਾਂ ਵਿਚ ਇਕ ਸਿੱਖ ਖੜ੍ਹਾ ਹੋਵੇ ਤਾਂ ਦਸਤਾਰ ਤੋਂ ਹੀ ਉਸਦੀ ਪਛਾਣ ਹੋ ਜਾਂਦੀ ਹੈ। ਉਹਨਾਂ ਕਿਹਾ ਕਿ ਪੁਰਾਣੇ ਸਮਿਆਂ ਤੋਂ ਲੈ ਕੇ ਹੁਣ ਤੱਕ ਲੋਕਾਂ ਵਿਚ ਇਹ ਧਾਰਨਾ ਹੈ ਕਿ ਜੇਕਰ ਬੱਸ ਜਾਂ ਰੇਲ ਵਿਚ ਸਫਰ ਕਰਨਾ ਹੋਵੇ ਤਾਂ ਉਸ ਵਿਚ ਸਿੱਖ ਸਫਰ ਕਰ ਰਿਹਾ ਹੋਵੇ ਤਾਂ ਧੀਆਂ ਭੈਣਾਂ ਸੁਰੱਖਿਅਤ ਰਹਿੰਦੀਆਂ ਹਨ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਦਸਤਾਰ ਸਜਾਉਣ ਦੇ ਮੁਕਾਬਲੇ ਹਰ ਸਾਲ ਗੁਰਦੁਆਰਾ ਬੰਗਲਾ ਸਾਹਿਬ ਦੇ ਸਰੋਵਰ ਕੰਢੇ ਹੀ ਕਰਵਾਏ ਜਾਂਦੇ ਹਨ ਜਿਸ ਵਾਸਤੇ ਨੌਜਵਾਨਾਂ ਵਿਚ ਬਹੁਤ ਉਤਸ਼ਾਹ ਹੁੰਦਾ ਹੈ। ਉਹਨਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਦਸਤਾਰ ਸਜਾਉਣ ਦੇ ਮੁਕਾਬਲੇ ਦੀਆਂ ਤਸਵੀਰਾਂ ਆਪਣੇ ਸੋਸ਼ਲ ਮੀਡੀਆ 'ਤੇ ਜ਼ਰੂਰ ਸਾਂਝੀਆਂ ਕਰਨ ਤਾਂ ਪ੍ਰੇਰਿਤ ਹੋ ਕੇ ਜੋ ਅਗਲੇ ਸਾਲ ਵੱਡੀ ਗਿਣਤੀ ਵਿਚ ਨੌਜਵਾਨ ਇਹਨਾਂ ਮੁਕਾਬਲਿਆਂ ਵਿਚ ਸ਼ਮੂਲੀਅਤ ਕਰ ਸਕਣ। ਉਹਨਾਂ ਨੇ ਇਸ ਮੌਕੇ ਅਹਿਮ ਐਲਾਨ ਕੀਤਾ ਕਿ ਦਿੱਲੀ ਵਿਚ ਜਿਹੜਾ ਸਾਰਾ ਪਰਿਵਾਰ ਅੰਮ੍ਰਿਤਧਾਰੀ ਹੋਵੇਗਾ, ਉਸ ਪਰਿਵਾਰ ਦੇ ਬੱਚਿਆਂ ਦੀ ਫੀਸ ਦਾ ਖਰਚਾ ਦਿੱਲੀ ਗੁਰਦੁਆਰਾ ਕਮੇਟੀ ਚੁੱਕੇਗੀ। ਉਹਨਾਂ ਇਹ ਵੀ ਐਲਾਨ ਕੀਤਾ ਕਿ 13 ਅਪ੍ਰੈਲ ਨੂੰ ਖਾਲਸਾ ਸਾਜਣਾ ਦਿਵਸ ਮੌਕੇ ਗੁਰਦੁਆਰਾ ਰਕਾਬਗੰਜ ਸਾਹਿਬ ਵਿਚ ਭਾਈ ਲੱਖੀ ਸ਼ਾਹ ਵਣਜਾਰਾ ਹਾਲ ਵਿਚ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਜਾ ਰਿਹਾ ਹੈ ਅਤੇ ਇਸ ਸਮਾਗਮ ਵਿਚ ਅਜਿਹੇ ਪਰਿਵਾਰਾਂ ਦਾ ਸਨਮਾਨ ਵੀ ਕੀਤਾ ਜਾਵੇਗਾ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਸੰਗਤਾਂ ਖੰਡੇ ਬਾਟੇ ਦੀ ਪਾਹੁਲ ਛੱਕ ਕੇ ਅੰਮ੍ਰਿਤਧਾਰੀ ਸੱਜਣ। ਉਹਨਾਂ ਇਹ ਵੀ ਦੱਸਿਆ ਕਿ ਹਰ ਐਤਵਾਰ ਨੂੰ ਗੁਰਦੁਆਰਾ ਬੰਗਲਾ ਸਾਹਿਬ ਅਤੇ ਹਰ ਬੁੱਧਵਾਰ ਨੂੰ ਗੁਰਦੁਆਰਾ ਸੀਸਗੰਜ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਹੁੰਦਾ ਹੈ, ਉਥੇ ਹੀ ਸੰਗਤਾਂ ਅੰਮ੍ਰਿਤ ਛੱਕ ਸਕਦੀਆਂ ਹਨ। ਇਸ ਮੌਕੇ ਸੰਬੋਧਨ ਕਰਦਿਆਂ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਆਖਿਆ ਕਿ ਨੌਜਵਾਨਾਂ ਨੂੰ ਗੁਰਸਿੱਖੀ ਜੀਵਨ ਨਾਲ ਜੋੜਨ ਵਾਸਤੇ ਧਰਮ ਪ੍ਰਚਾਰ ਵਿੰਗ ਆਪਣੇ ਉਪਰਾਲਿਆਂ ਵਿਚ ਹੋਰ ਤੇਜ਼ੀ ਲਿਆਵੇਗਾ। ਉਹਨਾਂ ਕਿਹਾ ਕਿ ਜਿੰਨਾ ਸਾਡੇ ਨੌਜਵਾਨ ਗੁਰਸਿੱਖੀ ਜੀਵਨ ਜਾਚ ਨਾਲ ਜੁੜਨਗੇ, ਉਸ ਨਾਲ ਗੁਰਸਿੱਖੀ ਦਾ ਹੋਰ ਪ੍ਰਚਾਰ ਤੇ ਪ੍ਰਸਾਰ ਹੋਵੇਗਾ।

# ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿੱਚ ਗਣਤੰਤਰ ਦਿਵਸ ਮਨਾਇਆ



ਜਗਰਾਉਂ -(ਵਰਿਆਮ ਹਠੂਰ) ਇਤਿਹਾਸਕ ਕਸਬਾ ਹਠੂਰ ਦੇ ਸੱਤਿਆ ਐਲੀਮੈਂਟਰੀ ਸਕੂਲ ਵਿਖੇ ਗਣਤੰਤਰ ਦਿਵਸ ਮਨਾਇਆ ਗਿਆ, ਹੈੱਡ ਟੀਚਰ ਮੈਡਮ ਸੀਮਾ ਰਾਣੀ ਅਤੇ ਸਮੂਹ ਸਕੂਲ ਸਟਾਫ ਨੇ ਪਹੁੰਚੇ ਹੋਏ ਮੁੱਖ ਮਹਿਮਾਨਾਂ ਅਤੇ ਬੱਚਿਆਂ ਦੇ ਮਾਪਿਆਂ ਦਾ ਸਕੂਲ ਪਹੁੰਚਣ ਲਈ ਧੰਨਵਾਦ ਕੀਤਾ, ਝੰਡਾ ਲਹਿਰਾਉਣ ਦੀ ਰਸਮ ਅਤੇ ਰਾਸ਼ਟਰੀ ਗੀਤ ਗਾਇਨ ਕਰਨ ਤੋਂ ਬਾਅਦ, ਤਾੜੀਆਂ ਦੀ ਗੂੰਜ ਵਿੱਚ ਸਕੂਲ ਦੇ ਬੱਚਿਆਂ ਵੱਲੋਂ ਵੈਲਕਮ ਗੀਤ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ, ਉਸ ਤੋਂ ਬਾਅਦ ਜਿੱਥੇ ਬੱਚਿਆਂ ਵੱਲੋਂ ਵੱਖ ਵੱਖ ਦੇਸ਼ ਭਗਤੀ ਦੇ ਗੀਤਾਂ ਉੱਪਰ ਕੋਰਿਓਗ੍ਰਾਫੀਆਂ ਕੀਤੀਆਂ ਉੱਥੇ ਵੱਖ ਵੱਖ ਗੀਤਾਂ ਤੇ ਡਾਂਸ ਦੀ ਪੇਸ਼ਕਾਰੀ ਕੀਤੀ, ਬੱਚਿਆਂ ਵੱਲੋਂ ਦੇਸ਼ ਭਗਤੀ ਨਾਲ ਸਬੰਧਿਤ ਗੀਤ ਵੀ ਗਾਏ, ਇਸ ਮੌਕੇ ਗੁਰਜੰਟ ਸਿੰਘ ਹਠੂਰ ਨੇ ਸਟੇਜ ਤੋਂ ਆਪਣੇ ਵਿਚਾਰਾਂ ਦੀ ਸਾਂਝ ਪਾਈ, ਤੇ ਬੱਚਿਆਂ ਨੂੰ 26 ਜਨਵਰੀ ਗਣਤੰਤਰ ਦਿਵਸ ਬਾਰੇ ਚਾਨਣਾ ਪਾਇਆ, ਗੱਲਬਾਤ ਕਰਦਿਆਂ ਹੈੱਡ ਟੀਚਰ ਮੈਡਮ ਸੀਮਾ ਰਾਣੀ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਸਕੂਲ ਵਿੱਚ ਗਣਤੰਤਰ ਦਿਵਸ ਮਨਾਇਆ ਗਿਆ ਹੈ। ਤੇ ਬੱਚਿਆਂ ਨੇ ਸਟੇਜ ਤੋਂ ਪ੍ਰੋਗਰਾਮ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ, ਤੇ ਪਹੁੰਚੇ ਹੋਏ ਮੁੱਖ ਮਹਿਮਾਨਾਂ ਅਤੇ ਬੱਚਿਆਂ ਦੇ ਮਾਪਿਆਂ ਨੇ ਪ੍ਰੋਗਰਾਮ ਦੀ ਸ਼ਲਾਘਾ ਕੀਤੀ, ਮੈਡਮ ਸੀਮਾ ਰਾਣੀ ਨੇ ਅੱਗੇ ਕਿਹਾ ਕਿ ਸਾਨੂੰ ਦੇਸ਼ ਦੀ ਆਜ਼ਾਦੀ ਲਈ ਆਪਣੀਆਂ ਕੀਮਤੀ ਜਾਨਾਂ ਕੁਰਬਾਨ ਕਰਨ ਵਾਲੇ ਸਮੂਹ ਸ਼ਹੀਦਾਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ। ਜਿੰਨ੍ਹਾਂ ਨੇ ਦੇਸ਼ ਅਜ਼ਾਦ ਕਰਵਾਉਣ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ, ਤੇ ਜਿੰਨ੍ਹਾਂ ਸਦਕਾ ਅਸੀਂ ਅਜ਼ਾਦੀ ਦਾ ਅਨੰਦ ਮਾਣ ਰਹੇ ਹਾਂ, ਅੰਤ ਵਿੱਚ ਉਨ੍ਹਾਂ ਸਕੂਲ ਵਿੱਚ ਪਹੁੰਚੀਆਂ ਸਾਰੀਆਂ ਸਤਿਕਾਰਯੋਗ ਸ਼ਖ਼ਸੀਅਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਸਕੂਲ ਸਟਾਫ਼ ਵਿੱਚ ਹੈੱਡ ਟੀਚਰ ਮੈਡਮ ਸੀਮਾ ਰਾਣੀ, ਅਨੂ ਰਾਣੀ, ਗੁਰਪ੍ਰੀਤ ਕੌਰ, ਜਸਦੀਪ ਕੌਰ, ਪ੍ਰੀਤ ਸਿੰਘ, ਗੁਰਜੀਤ ਕੌਰ, ਸੁਮਨਦੀਪ ਕੌਰ, ਰਾਜਦੀਪ ਕੌਰ ਸਮੇਤ ਮਹਿਮਾਨ ਪਰਮਿੰਦਰ ਸਿੰਘ ਲਾਲੀ, ਅਜੇ ਜੋਸ਼ੀ, ਗੁਰਜੰਟ ਸਿੰਘ, ਕੇਵਲ ਸਿੰਘ, ਅਤੇ ਪਾਲ ਸਿੰਘ, ਸਮੇਤ ਸ਼ਹੀਦ ਬਾਬਾ ਜੀਵਨ ਸਿੰਘ ਕਮੇਟੀ ਮੈਂਬਰ ਅਤੇ ਬੱਚਿਆਂ ਦੇ ਮਾਪੇ ਹਾਜ਼ਰ ਸਨ।

# ਜਥੇਦਾਰ ਦਾਦੂਵਾਲ ਖਿਲਾਫ ਝੀਂਡਾ ਵੱਲੋਂ ਕੀਤੀ ਬੇਤੁਕੀ ਬਿਆਨਬਾਜ਼ੀ ਨਾਲ ਬਾਦਲ ਝੀਂਡਾ ਗੁਪਤ ਸਮਝੌਤਾ ਹੋਇਆ ਨੰਗਾ - ਡਾਕਟਰ ਭੋਮਾ



ਨਵੀਂ ਦਿੱਲੀ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਪੰਜਾਬ ਦੇ ਚੇਅਰਮੈਨ ਅਤੇ ਸੰਘਰਸ਼ਸ਼ੀਲ ਸਿੱਖ ਆਗੂ ਡਾਕਟਰ ਮਨਜੀਤ ਸਿੰਘ ਭੋਮਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕੇ ਪਿਛਲੇ ਦਿਨਾਂ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਖਿਲਾਫ ਕੀਤੀ ਤੱਥਹੀਣ ਬੇਤੁਕੀ ਬਿਆਨਬਾਜ਼ੀ ਦੇ ਨਾਲ ਸੁਖਬੀਰ ਸਿੰਘ ਬਾਦਲ ਅਤੇ ਜਗਦੀਸ਼ ਸਿੰਘ ਝੀਂਡਾ ਦਾ ਹੋਇਆ ਗੁਪਤ ਸਮਝੌਤਾ ਨੰਗਾ ਹੋ ਗਿਆ ਹੈ ਡਾਕਟਰ ਭੋਮਾ ਨੇ ਕਿਹਾ ਕੇ ਜਥੇਦਾਰ ਦਾਦੂਵਾਲ ਜੀ ਨੇ ਦੁਨੀਆ ਭਰ ਵਿੱਚ ਸਿੱਖੀ ਦਾ ਪ੍ਰਚਾਰ ਅਤੇ ਅੰਮ੍ਰਿਤ ਸੰਚਾਰ ਕੀਤਾ ਤੇ ਲਗਾਤਾਰ ਕਰ ਰਹੇ ਹਨ ਪੰਥ ਦੇ ਹਰ ਸੰਘਰਸ਼ ਵਿੱਚ ਉਨਾਂ ਨੇ ਪੰਥਪ੍ਰਸਤੀ ਲਈ ਆਪਣਾ ਯੋਗਦਾਨ ਪਾਇਆ ਇਹ ਵੀ ਸਾਰੇ ਸੰਸਾਰ ਨੂੰ ਪਤਾ ਹੈ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਲੰਬੇ ਸਮੇਂ ਤੋਂ ਸੁਪਰੀਮ ਕੋਰਟ ਵਿੱਚ ਲਟਕਦਾ ਕੇਸ ਜਥੇਦਾਰ ਦਾਦੂਵਾਲ ਜੀ ਦੀ ਪ੍ਰਧਾਨਗੀ ਵਿੱਚ ਹੀ ਜਿੱਤ ਕੇ ਹਰਿਆਣੇ ਦੇ ਸਿੱਖਾਂ ਨੂੰ ਪ੍ਰਾਪਤ ਹੋਇਆ ਇਹ ਵੀ ਸਾਰਾ ਜੱਗ ਜਾਣਦਾ ਹੈ ਕੇ ਜਥੇਦਾਰ ਦਾਦੂਵਾਲ ਜੀ ਦੇ ਗਰੁੱਪ ਦਾ ਸਮਰਥਨ ਲੈ ਕੇ ਹੀ ਜਗਦੀਸ਼ ਸਿੰਘ ਝੀਂਡਾ ਪ੍ਰਧਾਨ ਬਣਿਆ ਪਰ ਅੱਜ ਝੀਂਡਾ ਅਕਿਰਤਘਣ ਅਹਿਸਾਨ ਫਰਾਮੋਸ਼ ਹੋ ਗਿਆ ਹੈ ਜਥੇਦਾਰ ਦਾਦੂਵਾਲ ਦੇ ਮੁਕਾਬਲੇ ਝੀਂਡਾ ਦੀ ਸਿੱਖੀ ਦੇ ਪ੍ਰਚਾਰ ਪ੍ਰਸਾਰ ਨੂੰ ਕੋਈ ਦੇਣ ਨਹੀਂ ਹੈ ਜਦੋਂ ਕੇ ਉਹ ਹਮੇਸ਼ਾ ਆਪਣੇ ਸਵਾਰਥ ਲਈ ਹੀ ਸਮਝੌਤੇ ਕਰਦਾ ਰਹਿੰਦਾ ਹੈ ਪਹਿਲਾਂ ਕਾਂਗਰਸ ਨਾਲ ਖੁਦ ਅਨਾਊਂਸ ਕਰ ਰਿਹਾ ਕੇ ਮੈਂ ਕਾਂਗਰਸੀ ਹਾਂ ਤੇ ਹੁੱਡਾ ਦੇ ਨਾਲ ਹਾਂ ਤੇ ਹੁਣ ਸੁਖਬੀਰ ਸਿੰਘ ਬਾਦਲ ਨਾਲ ਸਮਝੌਤਾ ਕਰਕੇ ਆਪਣੀ ਪ੍ਰਧਾਨਗੀ ਬਚਾਉਣੀ ਚਾਹੁੰਦਾ ਹੈ ਅਤੇ ਨੇਰੇ ਸਵੇਰੇ ਭਾਜਪਾ ਦੀਆਂ ਵੀ ਲੇਲੜੀਆਂ ਕੱਢਦਾ ਰਹਿੰਦਾ ਹੈ ਝੀਂਡਾ ਨੂੰ ਬਾਦਲ ਨੇ ਹੀ ਇਹ ਏਜੰਡਾ ਦਿੱਤਾ ਹੈ ਕੇ ਇੱਕ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਨੂੰ ਸਾਡੇ ਪ੍ਰਬੰਧ ਹੇਠ ਰਹਿਣ ਦੇਣਾ ਹੈ ਤੇ ਦੂਸਰਾ ਜਥੇਦਾਰ ਦਾਦੂਵਾਲ ਦੇ ਖਿਲਾਫ ਧੂੰਆਂਧਾਰ ਬੇਤੁਕੀ ਬਿਆਨਬਾਜ਼ੀ ਕਰਨੀ ਹੈ ਜਿਸ ਦੇ ਨਾਲ ਤੇਰੀ ਪ੍ਰਧਾਨਗੀ ਨੂੰ ਅਸੀਂ ਆਪਣੇ ਮੈਂਬਰਾਂ ਦਾ ਸਮਰਥਨ ਦੇ ਕੇ ਰੱਖਾਂਗੇ ਤਾਂ ਹੀ ਅੱਜ ਝੀਂਡਾ ਮੀਡੀਆ ਵਿੱਚ ਬੇਤੁਕੀ ਬਿਆਨਬਾਜ਼ੀ ਅਤੇ ਸ੍ਰੀ ਅਕਾਲ ਤਖਤ ਸਾਹਿਬ ਉੱਪਰ ਝੂਠੀ ਸ਼ਿਕਾਇਤਾਂ ਕਰ ਰਿਹਾ ਹੈ ਡਾਕਟਰ ਭੋਮਾ ਨੇ ਕਿਹਾ ਕੇ ਝੀਂਡਾ ਵੱਲੋਂ ਕੀਤੀ ਜਾ ਰਹੀ ਕਿਰਦਾਰਕੁਸ਼ੀ ਦੀ ਕੋਸ਼ਿਸ਼ ਦਾ ਜਥੇਦਰ ਦਾਦੂਵਾਲ ਨੇ ਢੁੱਕਵਾਂ ਜਵਾਬ ਦਿੱਤਾ ਹੈ ਕਿਉਂਕਿ ਜਦੋਂ ਕਿਸੇ ਦੇ ਆਤਮ ਸਨਮਾਨ ਨੂੰ ਠੇਸ ਪਹੁੰਚਾਈ ਜਾਂਦੀ ਹੈ ਤਾਂ ਫਿਰ ਜਵਾਬ ਮਿਲਣਾ ਸੁਭਾਵਿਕ ਹੁੰਦਾ ਹੈ ਡਾਕਟਰ ਭੋਮਾ ਨੇ ਕਿਹਾ ਕੇ ਝੀਂਡਾ ਤੇ ਉਸਦੇ ਇਸਾਰੇ ਤੇ ਕੁਝ ਲੋਕ ਬੇਤੁਕੀ ਬਿਆਨਬਾਜ਼ੀ ਕਰ ਰਹੇ ਹਨ ਪਰ ਝੂਠੀ ਬਿਆਨਬਾਜ਼ੀ ਕਰ ਰਹੇ ਲੋਕ ਜਥੇਦਾਰ ਦਾਦੂਵਾਲ ਜੀ ਦਾ ਵਾਲ ਵੀ ਵਿੰਗਾ ਨਹੀਂ ਕਰ ਸਕਦੇ ਕਿਉਂਕਿ ਉਹ ਪੰਥ ਦੇ ਸੇਵਾਦਾਰ ਹਨ ਹਮੇਸ਼ਾ ਪੰਥ ਦੀ ਗੱਲ ਕਰਦੇ ਹਨ ਡਾਕਟਰ ਭੋਮਾ ਨੇ ਕਿਹਾ ਕੇ ਹਰਿਆਣਾ ਕਮੇਟੀ ਦਾ ਕੇਸ ਜਥੇਦਾਰ ਦਾਦੂਵਾਲ ਜੀ ਨੇ ਹੀ ਜਿੱਤ ਕੇ ਹਰਿਆਣੇ ਦੇ ਸਿੱਖਾਂ ਨੂੰ ਦਿੱਤਾ ਹੈ ਪਰ ਝੀਂਡਾ ਬਾਦਲਾਂ ਨਾਲ ਗੁਪਤ ਸਮਝੌਤਾ ਕਰਕੇ ਮੁੜ ਹਰਿਆਣਾ ਕਮੇਟੀ ਤੇ ਬਾਦਲਾਂ ਦਾ ਕਬਜ਼ਾ ਕਰਵਾਉਣਾ ਚਾਹੁੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ : +447458381111 +447976210161 +919729091243

## ਖ਼ਾਲਿਸਤਾਨ ਸੰਘਰਸ਼ ਨੂੰ ਮੰਜ਼ਿਲ ਤੱਕ ਲੈ ਕੇ ਜਾਣ ਦਾ

# ਅਕਾਲ ਤਖ਼ਤ ਸਾਹਿਬ ’ਤੇ ਅਹਿਦ ਕੀਤਾ ਗਿਆ

### ਖਾਲਿਸਤਾਨ ਐਲਾਨਨਾਮੇ ਦੀ 40ਵੀਂ ਵਰ੍ਹੇਗੰਢ 29 ਅਪ੍ਰੈਲ ਨੂੰ ਵੱਡੇ ਪੱਧਰ ਤੇ ਮਨਾਈ ਜਾਵੇਗੀ









**ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):** ਚਾਰ ਆਜ਼ਾਦੀ ਪੱਖੀ ਸਿੱਖ ਜਥੇਬੰਦੀਆਂ- ਭਾਈ ਜਗਤਾਰ ਸਿੰਘ ਹਵਾਰਾ ਕਮੇਟੀ, ਦਲ ਖਾਲਸਾ, ਪੰਚ ਪ੍ਰਧਾਨੀ ਜਥਾ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ 26 ਜਨਵਰੀ 1986 ਨੂੰ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਹੋਏ ਸਰਬੱਤ ਖਾਲਸਾ ਦੀ 40ਵੀਂ ਯਾਦ ਸਾਂਝੇ ਤੌਰ ’ਤੇ ਮਨਾਈ ਗਈ। ਇਸ ਮੌਕੇ 26 ਜਨਵਰੀ 2026 ਵਾਲੇ ਦਿਨ ਸ੍ਰੀ ਅੰਮ੍ਰਿਤਸਰ ਵਿਖੇ ਗੁਰਦੁਆਰਾ ਸੰਤੋਖਸਰ ਸਾਹਿਬ ਦੇ ਨਜ਼ਦੀਕ ਇੱਕ ਸਾਂਝਾ ਸਮਾਗਮ ਕੀਤਾ ਗਿਆ। ਇਸ ਸਮਾਗਮ ਨੂੰ ਪ੍ਰੋਫੈਸਰ ਬਲਜਿੰਦਰ ਸਿੰਘ, ਸਾਬਕਾ ਮੈਂਬਰ ਪਾਰਲੀਮੈਂਟ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ, ਪੰਚ ਪ੍ਰਧਾਨੀ ਜਥੇ ਵੱਲੋਂ ਕਰਦਿਆਂ ਭਾਈ ਦਲਜੀਤ ਸਿੰਘ ਬਿੱਟੂ ਅਤੇ ਦਲ ਖਾਲਸਾ ਦੇ ਸਿਆਸੀ ਸਕੱਤਰ ਸ. ਕੰਵਰਪਾਲ ਸਿੰਘ ਨੇ ਸੰਬੋਧਨ ਕੀਤਾ। ਇਸ ਕਾਨਫਰੰਸ ਦੀ ਸਮਾਪਤੀ ਉਪਰੰਤ ਸਮੂਹ ਹਾਜ਼ਰੀਨ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਤੱਕ ਮਾਰਚ ਕੀਤਾ ਗਿਆ ਅਤੇ ਅਕਾਲ ਤਖਤ ਸਾਹਿਬ ਦੇ ਸਨਮੁਖ ਸਾਂਝਾ ਐਲਾਨਨਾਮਾ ਅਤੇ ਅਹਿਦ ਪੜੇ ਗਏ। ਸਾਂਝੇ ਐਲਾਨਨਾਮੇ ਨੂੰ ਪੜ੍ਹਨ ਦੀ ਜਿੰਮੇਵਾਰੀ ਚਾਰਾਂ ਜਥੇਬੰਦੀਆਂ ਵੱਲੋਂ ਦਲ ਖਾਲਸਾ ਦੇ ਕਾਰਜਕਾਰੀ ਪ੍ਰਧਾਨ ਭਾਈ ਪਰਮਜੀਤ ਸਿੰਘ ਮੰਡ ਨੇ ਨਿਭਾਈ। ਹੱਥਾਂ ਵਿੱਚ ਖਾਲਿਸਤਾਨ ਦੇ ਝੰਡੇ ਫੜ ਕੇ ਸੜਕਾਂ ‘ਤੇ ਉਤਰੇ ਜਥੇਬੰਦੀਆਂ ਦੇ ਕਾਰਜਕਰਤਾਵਾਂ ਨੇ ਮਾਰਚ ਦੌਰਾਨ ਖਾਲਿਸਤਾਨ ਜਿੰਦਾਬਾਦ ਦੇ ਨਾਅਰੇ ਲਾਏ। ਇਸ ਐਲਾਨਨਾਮੇ ਵਿੱਚ ਸੰਸਾਰ ਭਰ ਦੇ ਪੰਥ ਪ੍ਰਸਤ ਜਥਿਆਂ ਤੇ ਸੰਸਥਾਵਾਂ ਨਾਲ ਸਲਾਹ-ਮਸ਼ਵਰਾ ਕਰ ਕੇ ਖ਼ਾਲਸਾ ਪੰਥ ਦੇ ਸਾਹਮਣੇ “ਸਰਬੱਤ ਖਾਲਸਾ” ਅਤੇ “ਗੁਰਮਤਾ” ਸੰਸਥਾਵਾਂ ਦੇ ਵਿਧੀ-ਵਿਧਾਨ ਤਿਆਰ ਕਰਕ ਸਿੱਖ ਜਗਤ ਦੇ ਸਨਮੁਖ ਪੇਸ਼ ਕਰਨ ਦਾ ਐਲਾਨ ਕੀਤਾ ਗਿਆ ਤਾਂ ਕਿ ਖਾਲਸਾ ਪੰਥ ਵਿਚ ਇਸ ਗੱਲ ਉੱਤੇ ਸਾਂਝੀ ਸਹਿਮਤੀ ਬਣਾਈ ਜਾ ਸਕੇ ਕਿ ਅੱਜ ਦੇ ਸਮੇਂ ਵਿੱਚ ਸਰਬੱਤ ਖ਼ਾਲਸਾ ਕਿਵੇਂ ਬੁਲਾਇਆ ਅਤੇ ਚਲਾਇਆ ਜਾਵੇ— ਜਿਸ ਤਹਿਤ ਖਾਲਸਾਈ ਰਿਵਾਇਤਾ ਤੇ ਅਸੂਲਾਂ ਮੁਤਾਬਕ ਭਾਗੀਦਾਰੀ ਤੇ ਨੁਮਾਇੰਦਗੀ ਪੈਮਾਨੇ, ਵਿਚਾਰ-ਵਟਾਂਦਰਾ, ਫ਼ੈਸਲਾ-ਕਰਨ ਦੀ ਪ੍ਰਕਿਰਿਆ, ਸੰਸਥਾਗਤ ਸੁਰੱਖਿਆ ਪ੍ਰਬੰਧ, ਪਾਰਦਰਸ਼ਤਾ ਦੇ ਮਿਆਰ, ਅਤੇ ਗੁਰਮਤੇ ਨੂੰ ਲਾਗੂ ਕਰਨ ਅਤੇ ਉਸ ਦੀ ਸਮੀਖਿਆ ਕਰਨ ਦੇ ਸਤਿਕਾਰਤ ਢੰਗ ਮਿੱਥੇ ਜਾਣਗੇ”।

ਆਵਾਜ਼ਿ ਕੌਮ AWAZE QAUM International Newspaper & WEB TV

ਚਾਰ ਜਥੇਬੰਦੀਆਂ ਨੇ ਖਾਲਿਸਤਾਨ ਐਲਾਨਨਾਮੇ ਦੀ 40ਵੀਂ ਵਰ੍ਹੇਗੰਢ ਮੌਕੇ ਬੀਤੇ ਚਾਲੀ ਸਾਲਾਂ ਦੇ ਸੰਘਰਸ਼ ਦੇ ਤਜ਼ਰਬੇ, ਅਜੋਕੇ ਪੰਥਕ ਅਤੇ ਕੌਮਾਂਤਰੀ ਹਾਲਾਤਾਂ ਨੂੰ ਧਿਆਨ ਵਿਚ ਰੱਖਦਿਆਂ ਖਾਲਿਸਤਾਨ ਦੇ ਹਾਮੀ ਸਿੱਖ ਜਥਿਆਂ, ਜਥੇਬੰਦੀਆਂ, ਸੰਸਥਾਵਾਂ ਆਦਿ ਨਾਲ ਤਾਲਮੇਲ ਕਰਕੇ ਖਾਲਿਸਤਾਨ ਦੇ ਸੰਘਰਸ਼ ਦੀ ਭਵਿੱਖਤ ਰਣਨੀਤੀ ਬਾਰੇ ‘ਇਕ ਸਾਂਝਾ ਨੀਤੀ ਦਸਤਾਵੇਜ’ ਤਿਆਰ ਕਰਕੇ ਸਿੱਖ ਜਗਤ ਦੇ ਸਨਮੁਖ ਪੇਸ਼ ਕੀਤਾ ਜਾਵੇਗਾ। ਇਸ ਐਲਾਨਨਾਮੇ ਵਿਚ ‘ਪੰਜਾਬ ਲਈ ਪ੍ਰਭੁਸੱਤਾ ਸੰਪੰਨ ਸੁਤੰਤਰ ਰਾਜ ਨਾਲ ਵਚਨਬੱਧਤਾ’ ਅਤੇ ‘ਨੌਜਵਾਨਾਂ ਦੇ ਹੱਥ ਵਾਗਡੋਰ ਸੌਂਪਣ’ ਦੇ ਪ੍ਰਣ ਕੀਤੇ ਗਏ ਹਨ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਚਰਨਜੀਤ ਸਿੰਘ ਧਾਮੀ, ਜਸਵੀਰ ਸਿੰਘ ਖੰਡੂਰ, ਜਥੇਦਾਰ ਕੁਲਬੀਰ ਸਿੰਘ ਬੜਾਪਿੰਡ, ਅਮਰੀਕ ਸਿੰਘ ਈਸੜੂ ,ਬਾਬਾ ਹਰਦੀਪ ਸਿੰਘ ਮਹਿਰਾਜ, ਪਰਮਜੀਤ ਸਿੰਘ ਟਾਂਡਾ, ਸੁਰਜੀਤ ਸਿੰਘ ਖਾਲਿਸਤਾਨੀ, ਗੁਰਨਾਮ ਸਿੰਘ ਮੂਨਕਾ, ਭਾਈ ਨਰੈਣ ਸਿੰਘ ਚੌੜਾ, ਪ੍ਰੋ.ਜਗਮੋਹਨ ਸਿੰਘ, ਭਾਈ ਮਨਧੀਰ ਸਿੰਘ, ਐਡਵੋਕੇਟ ਜਸਪਾਲ ਸਿੰਘ ਮੰਝਪੁਰ, ਪਰਮਜੀਤ ਸਿੰਘ ਗਾਜੀ, ਭਾਈ ਬਲਬੀਰ ਸਿੰਘ ਭੂਤਨਾ, ਈਮਾਨ ਸਿੰਘ ਮਾਨ, ਪ੍ਰੋ.ਮਹਿੰਦਰਪਾਲ ਸਿੰਘ, ਉਪਕਾਰ ਸਿੰਘ ਸੰਧੂ, ਹਰਪਾਲ ਸਿੰਘ ਬਲੇਅਰ , ਹਰਦੀਪ ਸਿੰਘ ਨਾਰੀਕੇ, ਭਾਈ ਸਤਨਾਮ ਸਿੰਘ ਖੰਡਾਂ, ਸੁਖਦੀਪ ਸਿੰਘ ਮੀਕੇ, ਸਵਰਨ ਸਿੰਘ ਕੋਟ ਧਰਮੂੰ, ਭਾਈ ਜਰਨੈਲ ਸਿੰਘ ਹੁਸੈਨਪੁਰ, ਭਾਈ ਦਲਜੀਤ ਸਿੰਘ ਮੌਲਾ, ਹਰਨੇਕ ਸਿੰਘ ਫੌਜੀ, ਭੁਪਿੰਦਰ ਸਿੰਘ ਛੇ ਜੂਨ, ਜਸਪ੍ਰੀਤ ਸਿੰਘ, ਸੁਖਜੀਤ ਸਿੰਘ, ਰਵਿੰਦਰਪਾਲ ਸਿੰਘ, ਤੇਜਿੰਦਰਪਾਲ ਸਿੰਘ ਹਾਈਜੈਕਰ, ਗੁਰਦੀਪ ਸਿੰਘ ਖੁਣਖੁਣ, ਭਾਈ ਮੋਹਕਮ ਸਿੰਘ, ਅਖੰਡ ਕੀਰਤਨੀ ਜੱਥਾ ਦੇ ਮੁਖੀ ਭਾਈ ਬਖਸ਼ੀਸ਼ ਸਿੰਘ, ਮਨਜੀਤ ਸਿੰਘ ਭੋਮਾ, ਪ੍ਰੋਫੈਸਰ ਬਲਜਿੰਦਰ ਸਿੰਘ, ਭੁਪਿੰਦਰ ਸਿੰਘ ਭਲਵਾਨ, ਮਹਾਂਬੀਰ ਸਿੰਘ, ਮਨਦੀਪ ਸਿੰਘ ਸਿੱਧੂ, ਮਨਦੀਪ ਸਿੰਘ ਭਰਾਤਾ ਭਾਈ ਸੰਦੀਪ ਸਿੰਘ , ਨਵਦੀਪ ਸਿੰਘ ਜਲਵੇੜਾ ਅਤੇ ਰਣਜੀਤ ਸਿੰਘ ਦਮਦਮੀ ਟਕਸਾਲ ਵੀ ਹਾਜ਼ਰ ਸਨ।

## ਡਰਬੀ ਵਿਖੇ ਗੁਰਪ੍ਰੀਤ ਸਿੰਘ ਰੀਹਲ 'ਤੇ ਲੱਗੀਆਂ ਪਾਬੰਦੀਆਂ ਵਿਰੁੱਧ ਪੰਥਕ ਕਾਨਫਰੰਸ

# ਕਾਨੂੰਨੀ ਅਤੇ ਸਿਆਸੀ ਤੌਰ ਤੇ ਲੜਨ ਲਈ ਸਿੱਖ ਕੌਮ ਨੂੰ ਇਕਜੁੱਟ ਹੋਣ ਦਾ ਦਿੱਤਾ ਸੱਦਾ



ਨਵੀਂ ਦਿੱਲੀ 27 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਬਰਤਾਨੀਆਂ ਸਰਕਾਰ ਵੱਲੋਂ ਬੀਤੇ ਦਿਨੀ ਸਿੱਖ ਕਾਰੋਬਾਰੀ ਗੁਰਪ੍ਰੀਤ ਸਿੰਘ ਰੀਹਲ ਤੇ ਲਗਾਈਆਂ ਪਾਬੰਦੀਆਂ ਨੂੰ ਲੈ ਕੇ ਗੁਰਦੁਆਰਾ ਸਿੰਘ ਸਭਾ ਡਰਬੀ ਵਿਖੇ ਪੰਥਕ ਕਾਨਫਰੰਸ ਕੀਤੀ ਗਈ। ਜਿਸ ਵਿੱਚ ਯੂ ਕੇ, ਯੂਰਪ, ਕੈਨੇਡਾ ਅਤੇ ਅਮਰੀਕਾ ਆਦਿ ਦੇਸ਼ਾਂ ਤੋਂ ਸਿੱਖ ਆਗੂ ਪਹੁੰਚੇ। ਇਸ ਮੌਕੇ ਜਿੱਥੇ ਗੁਰਪ੍ਰੀਤ ਸਿੰਘ ਦੇ ਵਕੀਲਾਂ ਨੇ ਕਾਨੂੰਨੀ ਪੱਖ ਤੋਂ ਜਾਣੂ ਕਰਵਾਇਆ ਉੱਥੇ ਹੀ ਬੁਲਾਰਿਆਂ ਨੇ ਕਿਹਾ ਕਿ ਸਰਕਾਰ ਨੇ ਪਾਬੰਦੀਆਂ ਤੋਂ ਪਹਿਲਾਂ ਨਾ ਤਾਂ ਇਸ ਦੇ ਕਾਰਨਾਂ ਬਾਰੇ ਦੱਸਿਆ ਅਤੇ ਨਾ ਹੀ ਗੁਰਪ੍ਰੀਤ ਸਿੰਘ ਖ਼ਿਲਾਫ਼ ਕੋਈ ਕਾਨੂੰਨੀ ਕਾਰਵਾਈ ਕੀਤੀ। ਭਾਈ ਹਿੰਮਤ ਸਿੰਘ ਯੂਐਸਏ ਵਲੋਂ ਭੇਜੀ ਗਈ ਜਾਣਕਾਰੀ ਮੁਤਾਬਿਕ ਬੁਲਾਰਿਆਂ ਨੇ ਕਿਹਾ ਕਿ ਇਹ ਸਭ ਭਾਰਤ ਸਰਕਾਰ ਦੇ ਇਸ਼ਾਰਿਆਂ ਤੇ ਹੋ ਰਿਹਾ ਹੈ ਅਤੇ ਯੂ ਏ ਪੀ ਏ ਵਾਂਗ ਵਿਦੇਸ਼ਾਂ ਵਿੱਚ ਵੀ ਸਿੱਖਾਂ ਦੀ ਅਵਾਜ਼ ਬੰਦ ਕਰਨ ਦੀ ਕੋਸ਼ਿਸ਼ ਹੋ ਰਹੀ ਹੈ। ਬਰਤਾਨੀਆ ਸਰਕਾਰ ਦੀ ਕਾਰਵਾਈ ਦੀ ਸਖ਼ਤ ਸ਼ਬਦਾਂ ਵਿੱਚ ਆਲੋਚਨਾ ਕੀਤੀ। ਇੰਗਲੈਂਡ ਵਿੱਚ ਗੁਰਪ੍ਰੀਤ ਸਿੰਘ ਖ਼ਿਲਾਫ ਕਾਰਵਾਈ ਨੂੰ ਵਿਦੇਸ਼ੀ ਲੋਕਤੰਤਰ ਵਿੱਚ ਭਾਰਤ ਦੀ ਦਖਲਅੰਦਾਜ਼ੀ ਆਖਦਿਆਂ ਇਸ ਨੂੰ ਸਿੱਖਾਂ ਲਈ ਪਰਖ ਦੀ ਘੜੀ ਕਿਹਾ। ਬੁਲਾਰਿਆਂ ਨੇ ਕਿਹਾ ਕਿ ਕਿ ਸਿੱਖ ਸੰਸਦ ਮੈਂਬਰ ਵੀ ਪੰਥ ਦੀ ਅਵਾਜ਼ ਨਹੀਂ ਬਣ ਰਹੇ। ਬੁਲਾਰਿਆਂ ਨੇ ਕਿਹਾ ਕਿ ਸਿੱਖਾਂ ਦੇ ਮਨਾਂ ਵਿੱਚ ਰੋਸ ਹੈ ਕਿ ਜੇ ਸਿੱਖ ਸੰਸਦ ਮੈਂਬਰ

ਆਵਾਜ਼ਿ ਕੌਮ AWAZE QAUM
International Newspaper & WEB TV

ਯੂਕਰੇਨ ਜਾਂ ਫਲਸਤੀਨ ਲਈ ਬੋਲ ਸਕਦੇ ਹਨ ਤਾਂ ਉਹ ਸਿੱਖ ਰਾਜ ਬਾਰੇ ਕਿਉਂ ਨਹੀਂ ਬੋਲਦੇ ? ਦੁਨੀਆ ਦੀਆਂ ਸਰਕਾਰਾਂ ਅੰਤਰਰਾਸ਼ਟਰੀ ਕਾਨੂੰਨਾਂ ਦੀਆਂ ਧੱਜੀਆਂ ਉਡਾ ਰਹੀਆਂ ਹਨ। ਸਵੈ ਨਿਰਣੇ ਦਾ ਕਾਨੂੰਨੀ ਤੌਰ ਤੇ ਅਧਿਕਾਰ ਹੈ ਪਰ ਫਿਰ ਵੀ ਸਿੱਖਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਗੁਰਪ੍ਰੀਤ ਸਿੰਘ ਦੀ ਪਤਨੀ ਰਾਜਵਿੰਦਰ ਕੌਰ ਨੇ ਕਿਹਾ ਕਿ ਪਾਬੰਦੀਆਂ ਤੋਂ ਬਾਅਦ ਘਰ ਨੂੰ ਚਲਾਉਣ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਪਰ ਫਿਰ ਵੀ ਚੜ੍ਹਦੀ ਕਲਾ ਲਈ ਅਰਦਾਸ ਕਰਦੀ ਹਾਂ। ਗੁਰਪ੍ਰੀਤ ਸਿੰਘ ਰੀਹਲ ਨੇ ਕਿਹਾ ਮੈਂ ਪਾਬੰਦੀਆਂ ਕਾਰਨ ਬਹੁਤਾ ਕੁਝ ਕਹਿ ਨਹੀਂ ਸਕਦਾ ਪਰ ਅੱਜ ਦੇ ਇਕੱਠ ਨੇ ਹੌਂਸਲਾ ਦਿੱਤਾ ਹੈ। ਉਹਨਾਂ ਕਿਹਾ ਕਿ ਮੇਰਾ ਗੁਨਾਹ ਸਿੱਖਾਂ ਦੀ ਅਜ਼ਾਦੀ ਲਈ ਖੜ੍ਹਨਾ ਹੈ। ਅਸੀਂ ਕਾਨੂੰਨੀ ਜਵਾਬ ਦੇਵਾਂਗੇ। ਮੇਰੀ ਅਸਲ ਕਚਹਿਰੀ ਸੰਗਤ ਹੈ ਅਤੇ ਸਿੱਖਾਂ ਦੀ ਜਿੱਤ ਹੋਵੇਗੀ। ਆਖਿਰ ਵਿੱਚ ਗੁਰਪ੍ਰੀਤ ਸਿੰਘ ਦੇ ਕੇਸ ਨੂੰ ਕਾਨੂੰਨੀ ਤੌਰ ਤੇ ਅਤੇ ਸਿਆਸੀ ਤੌਰ ਤੇ ਲੜ੍ਹਨ ਲਈ ਸਮੁੱਚੀ ਸਿੱਖ ਕੌਮ ਨੂੰ ਇਕਜੁੱਟ ਹੋਣ ਦਾ ਸੱਦਾ ਦਿੱਤਾ। ਕਾਨਫਰੰਸ ਨੂੰ ਪ੍ਰਭਜੋਤ ਸਿੰਘ ਵਕੀਲ ਕੈਨੇਡਾ, ਮਨਪ੍ਰੀਤ ਸਿੰਘ ਡਰਬੀ, ਰਣਜੀਤ ਸਿੰਘ ਸਰਾਏ, ਦਵਿੰਦਰਜੀਤ ਸਿੰਘ, ਮਨਿੰਦਰ ਸਿੰਘ ਕੈਨੇਡਾ, ਸ਼ਮਸ਼ੇਰ ਸਿੰਘ, ਭਾਈ ਹਿੰਮਤ ਸਿੰਘ ਯੂ ਐਸ ਏ, ਦਲਜੀਤ ਸਿੰਘ ਸੌਕਟਨ, ਹਰਦਿਆਲ ਸਿੰਘ, ਅਮਨਦੀਪ ਸਿੰਘ ਸਕੌਟਨ, ਮਨਦੀਪ ਸਿੰਘ ਕੈਨੇਡਾ , ਬਲਵਿੰਦਰ ਸਿੰਘ , ਗੁਰਪਾਲ ਸਿੰਘ , ਡਾ ? ਗੁਰਨਾਮ ਸਿੰਘ, ਬਲਵੰਤ ਸਿੰਘ ਸਿਆਟਲ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨ ਯੂ ਕੇ, ਵਿਸ਼ਵ ਸਿੱਖ ਪਾਰਲੀਮੈਂਟ, ਯੁਨਾਈਟਡ ਖ਼ਾਲਸਾ ਦਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਅਖੰਡ ਕੀਰਤਨੀ ਜੱਥਾ, ਸਿੱਖ ਫਾਰ ਜਸਟਿਸ, ਸਿੱਖ ਫੈਡਰੇਸ਼ਨ, ਇੰਟਰਨੈਸ਼ਨਲ ਪੰਥਕ ਦਲ ਆਦਿ ਸਮੇਤ ਯੂ ਕੇ ਦੀਆਂ ਸਿੱਖ ਸੰਸਥਾਵਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦੇ ਹਾਜ਼ਰ ਸਨ।







### ਖ਼ਾਲਸਾ ਕਾਲਜ ਮਹਿਤਾ ਚੌਕ ਵਿੱਚ

# ਬਾਬਾ ਦੀਪ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਨਾਲ ਮਨਾਇਆ ਗਿਆ



**ਚੌਕ ਮਹਿਤਾ, 27 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ 'ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ' ਮਹਿਤਾ ਚੌਕ ਵਿੱਖੇ ਸਿੱਖ ਇਤਿਹਾਸ ਦੇ ਮਹਾਨ ਸ਼ਹੀਦ ਅਤੇ ਵਿਦਵਾਨ ਬਾਬਾ ਦੀਪ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਵੱਲੋਂ ਭਾਸ਼ਣ ,ਕਵਿਤਾ, ਕੀਰਤਨ ਅਤੇ ਕਵੀਸ਼ਰੀ ਰਾਹੀਂ ਬਾਬਾ ਦੀਪ ਸਿੰਘ ਜੀ ਦੇ ਜੀਵਨ, ਉਨ੍ਹਾਂ ਦੀ ਅਟੱਲ ਸ਼ਰਧਾ, ਵਿਦਵਾਨੀ ਸੋਚ ਅਤੇ ਸਿੱਖ ਧਰਮ ਲਈ ਦਿੱਤੀ ਮਹਾਨ ਕੁਰਬਾਨੀ 'ਤੇ ਪ੍ਰਕਾਸ਼ ਪਾਇਆ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਦੱਸਿਆ ਕਿ ਕੇ ਬਾਬਾ ਦੀਪ ਸਿੰਘ ਜੀ ਸਿੱਖ ਧਰਮ ਦੇ ਸਭ ਤੋਂ ਪਵਿੱਤਰ ਸ਼ਹੀਦਾਂ ਵਿੱਚੋਂ ਇੱਕ, ਵਜੋਂ ਸਤਿਕਾਰੇ ਜਾਂਦੇ ਹਨ ਉਹਨਾਂ ਨੂੰ ਸਿੱਖ ਗੁਰੂਆਂ ਦੀਆਂ ਸਿੱਖਿਆਵਾਂ ਪ੍ਰਤੀ ਉਹਨਾਂ ਦੀ ਕੁਰਬਾਨੀ ਅਤੇ ਸ਼ਰਧਾ ਲਈ ਯਾਦ ਕੀਤਾ ਜਾਂਦਾ ਹੈ ਉਹ ਗੁਰੂ ਗੋਬਿੰਦ ਸਿੰਘ ਜੀ ਵੇਲੇ ਦੇ ਇੱਕ ਪ੍ਰਮੁੱਖ ਸਿੱਖ ਵਿਦਵਾਨ ਆਗੂ ਤੇ ਜੰਗੀ ਜਰਨੈਲ ਸਨ। ਉਹ ਦਮਦਮੀ ਟਕਸਾਲ ਦੇ ਪਹਿਲੇ ਮੁਖੀ ਸਨ ਉਹਨਾਂ ਨੇ ਤੇ ਉਹਨਾਂ ਦੇ ਸਾਥੀ ਸਿੰਘਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਬੇਅਦਬੀ ਦਾ ਜ਼ਾਲਮਾਂ ਤੋਂ ਬਦਲਾ ਲੈਂਦੇ ਹੋਏ ਧਰਮ ਅਤੇ ਕੌਮ ਦੀ ਸ਼ਾਨ ਬਦਲੇ ਆਪਣੀਆਂ ਸ਼ਹੀਦੀਆਂ ਦਿੱਤੀਆਂ ।ਬਾਬਾ ਜੀ ਮਹਾਨ ਲਿਖਾਰੀ ਸਨ ਤੇ ਉਨਾਂ ਨੇ ਦਮਦਮਾ ਸਾਹਿਬ ਵਿਖੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਚਾਰ ਬੀੜਾਂ ਦਾ ਆਪਣੇ ਹੱਥੀ ਉਤਾਰਾ ਕੀਤਾ। ਪ੍ਰਿੰਸੀਪਲ ਗੁਰਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਬਾਬਾ ਜੀ ਦੇ ਆਦਰਸ਼ਾਂ 'ਤੇ ਚੱਲਣ ਦੀ ਅਪੀਲ ਕੀਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ ,ਸੁਖਦੇਵ ਸਿੰਘ, ਸੁਖਜੀਤ ਸਿੰਘ, ਮੈਡਮ ਕੁਲਦੀਪ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# "ਜਿਸਦਾ ਨਮਕ ਖਾਂਦੇ ਹਾਂ, ਉਸਦਾ ਆਦਰ ਕਰਨਾ ਚਾਹੀਦਾ" — ਅਯੋਧਿਆ ਦੇ ਜੀਐਸਟੀ ਡਿਪਟੀ ਕਮਿਸ਼ਨਰ ਪ੍ਰਸ਼ਾਂਤ ਕੁਮਾਰ ਸਿੰਘ ਨੇ ਦਿੱਤਾ ਅਸਤੀਫਾ

## ਪਤਨੀ ਨਾਲ ਫੋਨ 'ਤੇ ਹੋਏ ਭਾਵੁਕ

**ਅਯੋਧਿਆ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਅਯੋਧਿਆ ਵਿੱਚ ਤੈਨਾਤ ਜੀਐਸਟੀ" ਵਿਭਾਗ ਦੇ ਡਿਪਟੀ ਕਮਿਸ਼ਨਰ ਪ੍ਰਸ਼ਾਂਤ ਕੁਮਾਰ ਸਿੰਘ ਵੱਲੋਂ ਅਚਾਨਕ ਆਪਣੇ ਪਦ ਤੋਂ ਅਸਤੀਫਾ ਦੇਣ ਦਾ ਮਾਮਲਾ ਚਰਚਾ ਦਾ ਵਿਸ਼ਾ ਬਣ ਗਿਆ ਹੈ। ਉਨ੍ਹਾਂ ਨੇ ਇਹ ਕਦਮ ਮੁੱਖ ਮੰਤਰੀ ਯੋਗੀ ਆਦਿਤਯਨਾਥ ਦੇ ਸਮਰਥਨ ਵਿੱਚ ਚੁੱਕਿਆ ਹੈ।



ਜਾਣਕਾਰੀ ਮੁਤਾਬਕ, ਹਾਲ ਹੀ ਵਿੱਚ ਹੋਈਆਂ ਕੁਝ ਧਾਰਮਿਕ ਟਿੱਪਣੀਆਂ ਨੂੰ ਲੈ ਕੇ ਉਹ ਕਾਫੀ ਆਹਤ ਸਨ। ਉਨ੍ਹਾਂ ਦਾ ਕਹਿਣਾ ਸੀ ਕਿ ਇਹ ਬਿਆਨ ਰਾਜ ਦੀ ਸਰਕਾਰ ਅਤੇ ਨੇਤ੍ਰਿਤਵ ਲਈ ਅਪਮਾਨਜਨਕ ਸਨ, ਜਿਸਨੂੰ ਉਹ ਬਰਦਾਸ਼ਤ ਨਹੀਂ ਕਰ ਸਕੇ।

ਇਸ ਘਟਨਾ ਨਾਲ ਜੁੜਿਆ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ, ਜਿਸ ਵਿੱਚ ਪ੍ਰਸ਼ਾਂਤ ਕੁਮਾਰ ਸਿੰਘ ਆਪਣੀ ਪਤਨੀ ਨਾਲ ਫੋਨ 'ਤੇ ਗੱਲ ਕਰਦੇ ਹੋਏ ਭਾਵੁਕ ਨਜ਼ਰ ਆ ਰਹੇ ਹਨ। ਵੀਡੀਓ ਵਿੱਚ ਉਹ ਰੋਂਦੇ ਹੋਏ ਕਹਿੰਦੇ ਸੁਣੇ ਜਾਂਦੇ ਹਨ:

"ਮੈਨੂੰ ਬਰਦਾਸ਼ਤ ਨਹੀਂ ਹੋਇਆ ਮੈਂ ਇੱਥੇ ਨੌਕਰੀ ਕਰਦਾ ਹਾਂ, ਜਿਸਦਾ ਨਮਕ ਖਾਂਦੇ ਹਾਂ, ਉਸਦਾ ਆਦਰ ਕਰਨਾ ਚਾਹੀਦਾ ਹੈ।"

ਉਨ੍ਹਾਂ ਦੇ ਇਸ ਬਿਆਨ ਨੂੰ ਸਰਕਾਰੀ ਨੌਕਰੀ ਪ੍ਰਤੀ ਵਫ਼ਾਦਾਰੀ ਅਤੇ ਆਪਣੇ ਉੱਚ ਅਧਿਕਾਰੀਆਂ ਪ੍ਰਤੀ ਸਤਿਕਾਰ ਦੇ ਰੂਪ ਵਿੱਚ ਵੇਖਿਆ ਜਾ ਰਿਹਾ ਹੈ। ਵੀਡੀਓ ਵਿੱਚ ਉਹ ਕਾਫੀ ਜਜ਼ਬਾਤੀ ਦਿਖਾਈ ਦਿੰਦੇ ਹਨ, ਜਿਸ ਨਾਲ ਇਹ ਮਾਮਲਾ ਹੋਰ ਵੀ ਚਰਚਾ ਵਿੱਚ ਆ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਹਾਲਾਂਕਿ, ਉਨ੍ਹਾਂ ਦੇ ਅਸਤੀਫੇ 'ਤੇ ਅਧਿਕਾਰਿਕ ਤੌਰ 'ਤੇ ਵਿਭਾਗ ਵੱਲੋਂ ਹਜੇ ਕੋਈ ਵਿਸਥਾਰਪੂਰਕ ਬਿਆਨ ਜਾਰੀ ਨਹੀਂ ਕੀਤਾ ਗਿਆ। ਪਰ ਇਹ ਘਟਨਾ ਪ੍ਰਸ਼ਾਸਨਿਕ ਵਰਗਾਂ ਅਤੇ ਰਾਜਨੀਤਿਕ ਮੰਡਲਾਂ ਵਿੱਚ ਚਰਚਾ ਦਾ ਕੇਂਦਰ ਬਣੀ ਹੋਈ ਹੈ।

# ਪ੍ਰਧਾਨ ਮੰਤਰੀ ਮੋਦੀ ਨੇ ਯੂਰਪੀ ਲੀਡਰਸ਼ਿਪ ਦਾ ਕੀਤਾ ਧੰਨਵਾਦ, ਸਮਝੌਤੇ ਨੂੰ ਦੱਸਿਆ ਇਤਿਹਾਸਕ 'ਮੀਲ ਪੱਥਰ'



**ਨਵੀਂ ਦਿੱਲੀ, 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭਾਰਤ ਅਤੇ ਯੂਰਪੀਅਨ ਸੰਘ (ਈ. ਯੂ.) ਦੇ ਆਪਸੀ ਸਬੰਧਾਂ ਵਿੱਚ ਅੱਜ ਇੱਕ ਇਤਿਹਾਸਕ ਮੀਲ ਪੱਥਰ ਸਥਾਪਿਤ ਹੋਇਆ ਹੈ, ਜਦੋਂ ਦੋਵਾਂ ਧਿਰਾਂ ਵਿਚਕਾਰ ਮੁਕਤ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦੇ ਦਿੱਤਾ ਗਿਆ। ਇਸ ਅਹਿਮ ਪ੍ਰਾਪਤੀ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਸ਼ਲ ਮੀਡੀਆ ਰਾਹੀਂ ਯੂਰਪੀ ਸੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਪ੍ਰਗਟਾਇਆ ਹੈ। ਪ੍ਰਧਾਨ ਮੰਤਰੀ ਨੇ ਪਿਛਲੇ ਸਾਲਾਂ ਦੌਰਾਨ ਯੂਰਪ ਦੇ ਉਨ੍ਹਾਂ ਤਮਾਮ ਆਗੂਆਂ ਦੀ ਸ਼ਲਾਘਾ ਕੀਤੀ, ਜਿਨ੍ਹਾਂ ਦੀ ਰਚਨਾਤਮਕ ਭਾਵਨਾ ਅਤੇ ਦ੍ਰਿੜ ਵਚਨਬੱਧਤਾ ਸਦਕਾ ਇਹ ਸਮਝੌਤਾ ਸੰਭਵ ਹੋ ਸਕਿਆ ਹੈ। ਉਨ੍ਹਾਂ ਕਿਹਾ ਕਿ ਇਹ ਸਮਝੌਤਾ ਭਾਰਤ ਅਤੇ ਯੂਰਪ ਵਿਚਕਾਰ ਆਰਥਿਕ ਸਬੰਧਾਂ ਨੂੰ ਹੋਰ ਗੂੜ੍ਹਾ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਇਸ ਵਪਾਰਕ ਸੰਧੀ ਦੇ ਫਾਇਦਿਆਂ ਬਾਰੇ ਦੱਸਦਿਆਂ ਇਹ ਉਮੀਦ ਜਤਾਈ ਗਈ ਹੈ ਕਿ ਇਸ ਨਾਲ ਦੋਵਾਂ ਖੇਤਰਾਂ ਦੇ ਲੋਕਾਂ ਲਈ ਤਰੱਕੀ ਦੇ ਨਵੇਂ ਮੌਕੇ ਪੈਦਾ ਹੋਣਗੇ। ਇਹ ਸਮਝੌਤਾ ਨਾ ਸਿਰਫ਼ ਵਪਾਰਕ ਗਤੀਵਿਧੀਆਂ ਨੂੰ ਹੁਲਾਰਾ ਦੇਵੇਗਾ, ਸਗੋਂ ਭਾਰਤ ਅਤੇ ਯੂਰਪ ਦੀ ਭਾਈਵਾਲੀ ਨੂੰ ਇੱਕ ਅਜਿਹੇ ਭਵਿੱਖ ਵੱਲ ਲੈ ਕੇ ਜਾਵੇਗਾ ਜੋ ਖੁਸ਼ਹਾਲੀ ਅਤੇ ਮਜ਼ਬੂਤ ਸਾਂਝੇਦਾਰੀ ਦੀ ਮਿਸਾਲ ਹੋਵੇਗਾ। ਜ਼ਿਕਰਯੋਗ ਹੈ ਕਿ ਟਰੰਪ ਵੱਲੋਂ ਭਾਰਤ 'ਤੇ ਲਗਾਤਾਰ ਵਧਾਏ ਜਾ ਰਹੇ ਟੈਰਿਫ਼ ਦਬਾਅ ਵਿਚਾਲੇ ਭਾਰਤ ਤੇ ਯੂਰਪੀਅਨ ਯੂਨੀਅਨ ਵਿਚਾਲੇ ਫ੍ਰੀ ਟ੍ਰੇਡ ਐਗਰੀਮੈਂਟ ਸਮਝੌਤਾ ਹੋ ਗਿਆ ਹੈ। ਇਸ ਫ਼ੈਸਲੇ ਨਾਲ ਟਰੰਪ ਨੂੰ ਕਰਾਰਾ ਝਟਕਾ ਲੱਗੇਗਾ, ਜਦਕਿ ਭਾਰਤ ਨੂੰ ਵੱਡਾ ਲਾਭ ਹੋਵੇਗਾ। ਨਵੀਂ ਦਿੱਲੀ ਦੇ ਹੈਦਰਾਬਾਦ ਹਾਊਸ ਵਿਖੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਯੂਰਪੀਅਨ ਕਮਿਸ਼ਨ ਦੀ ਪ੍ਰਧਾਨ ਉਰਸੁਲਾ ਵਾਨ ਡੇਰ ਲੇਅਨ ਅਤੇ ਕੌਂਸਲ ਪ੍ਰਧਾਨ ਐਂਟੋਨੀਓ ਕੋਸਟਾ ਵਿਚਕਾਰ ਹੋਈ 16ਵੀਂ ਭਾਰਤ-ਈ.ਯੂ. ਸਿਖਰ ਵਾਰਤਾ ਵਿੱਚ ਮੁਕਤ ਵਪਾਰ ਸਮਝੌਤੇ ਨੂੰ ਅੰਤਿਮ ਰੂਪ ਦਿੱਤਾ ਗਿਆ ਹੈ। ਇਹ ਸਮਝੌਤਾ ਦੁਨੀਆ ਦੀਆਂ ਦੋ ਪ੍ਰਮੁੱਖ ਅਰਥਵਿਵਸਥਾਵਾਂ ਨੂੰ ਜੋੜਦਾ ਹੈ, ਜੋ ਮਿਲ ਕੇ ਵਿਸ਼ਵ ਜੀ.ਡੀ.ਪੀ. ਦਾ 25 ਫ਼ੀਸਦੀ ਅਤੇ ਵਿਸ਼ਵ ਵਪਾਰ ਦਾ ਇੱਕ ਤਿਹਾਈ ਹਿੱਸਾ ਹਨ। ਇਸ ਨਾਲ 2 ਅਰਬ ਲੋਕਾਂ ਦਾ ਇੱਕ ਵਿਸ਼ਾਲ ਮੁਕਤ ਵਪਾਰ ਖੇਤਰ ਬਣੇਗਾ। ਪੀ.ਐੱਮ. ਮੋਦੀ ਅਨੁਸਾਰ, ਇਹ ਡੀਲ ਭਾਰਤੀ ਮੈਨੂਫੈਕਚਰਿੰਗ, ਖਾਸ ਕਰਕੇ ਟੈਕਸਟਾਈਲ (ਕੱਪੜਾ), ਗਹਿਣਾ ਅਤੇ ਚਮੜਾ ਉਦਯੋਗ ਲਈ ਨਵੇਂ ਮੌਕੇ ਪੈਦਾ ਕਰੇਗੀ। ਇਸ ਸਮਝੌਤੇ ਮਗਰੋਂ ਈ.ਯੂ. ਤੋਂ ਭਾਰਤ ਆਉਣ ਵਾਲੀਆਂ 96.6 ਫ਼ੀਸਦੀ ਵਸਤੂਆਂ 'ਤੇ ਟੈਰਿਫ ਖ਼ਤਮ ਹੋ ਜਾਵੇਗਾ ਜਾਂ ਘਟਾ ਦਿੱਤਾ ਜਾਵੇਗਾ। ਯੂਰਪੀਅਨ ਸ਼ਰਾਬ 'ਤੇ ਲੱਗਣ ਵਾਲੀ ਡਿਊਟੀ, ਜੋ ਪਹਿਲਾਂ 150 ਫ਼ੀਸਦੀ ਤੱਕ ਸੀ, ਨੂੰ ਘਟਾ ਕੇ 40 ਫ਼ੀਸਦੀ ਕਰ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਭਾਰਤ ਨੇ ਯੂਰਪੀਅਨ ਯੂਨੀਅਨ ਦੇ ਸਾਰੇ ਕੈਮੀਕਲ ਉਤਪਾਦਾਂ 'ਤੇ ਟੈਰਿਫ਼ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਦਾ ਫੈਸਲਾ ਕੀਤਾ ਹੈ। ਆਪਟੀਕਲ, ਮੈਡੀਕਲ ਅਤੇ ਸਰਜੀਕਲ ਉਪਕਰਨਾਂ ਦੇ ਵੀ 90 ਫ਼ੀਸਦੀ ਹਿੱਸੇ 'ਤੇ ਟੈਰਿਫ਼ ਖ਼ਤਮ ਕਰ ਦਿੱਤੇ ਗਏ ਹਨ। ਇਸ ਤੋਂ ਬਾਅਦ ਯੂਰਪੀਅਨ ਫਲਾਂ ਦੇ ਜੂਸ, ਪ੍ਰੋਸੈਸਡ ਫੂਡ, ਜੈਤੂਨ ਦਾ ਤੇਲ, ਮਾਰਜਰੀਨ ਅਤੇ ਹੋਰ ਬਨਸਪਤੀ ਤੇਲਾਂ 'ਤੇ ਵੀ ਟੈਰਿਫ਼ ਖ਼ਤਮ ਕਰ ਦਿੱਤੇ ਗਏ ਹਨ। ਭਾਰਤ ਯੂਰਪੀਅਨ ਕਾਰਾਂ 'ਤੇ ਡਿਊਟੀ ਘਟਾ ਕੇ 40 ਫ਼ੀਸਦੀ ਕਰਨ ਲਈ ਤਿਆਰ ਹੈ, ਜੋ ਕੁਝ ਖੇਤਰਾਂ ਵਿੱਚ ਪਹਿਲਾਂ 150 ਫ਼ੀਸਦੀ ਤੱਕ ਸੀ। ਇਸ ਤੋਂ ਇਲਾਵਾ, ਯੂਰਪੀਅਨ ਮਸ਼ੀਨਰੀ ਲਈ ਵੀ ਭਾਰਤੀ ਬਾਜ਼ਾਰ ਖੋਲ੍ਹ ਦਿੱਤੇ ਗਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸ਼ਹੀਦ ਸੋਹਨ ਲਾਲ ਪਾਠਕ ਪਾਰਕ ਪੱਟੀ ਵਿਖੇ ਕਾਂਗਰਸ ਪਾਰਟੀ ਵੱਲੋਂ

# ਹਰਮਿੰਦਰ ਸਿੰਘ ਗਿੱਲ ਵੱਲੋਂ ਤਿਰੰਗਾ ਝੰਡਾ ਲਹਿਰਾਇਆ



**ਪੱਟੀ 27 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਕਾਂਗਰਸ ਪਾਰਟੀ ਪੱਟੀ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 26 ਜਨਵਰੀ, ਗਣਤੰਤਰ ਦਿਵਸ ਸ਼ਹੀਦ ਸੋਹਨ ਲਾਲ ਪਾਠਕ ਪਾਰਕ ਪੱਟੀ ਵਿਖੇ ਮਨਾਇਆ ਗਿਆ। ਇਸ ਮੌਕੇ ਹਲਕਾ ਪੱਟੀ ਦੇ ਸਾਬਕਾ ਵਿਧਾਇਕ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਤਰਨ ਤਾਰਨ ਹਰਮਿੰਦਰ ਸਿੰਘ ਗਿੱਲ ਵੱਲੋਂ ਤਿਰੰਗਾ ਝੰਡਾ ਲਹਿਰਾਉਣ ਦੀ ਰਸਮ ਆਪਣੇ ਕਰ ਕਮਲਾ ਨਾਲ ਕੀਤੀ ਗਈ। ਇਸ ਮੌਕੇ ਉਨ੍ਹਾਂ ਨਾਲ ਸਾਬਕਾ ਵਿਧਾਇਕ ਹਲਕਾ ਖੇਮਕਰਨ ਸੁਖਪਾਲ ਸਿੰਘ ਭੁੱਲਰ, ਸਾਬਕਾ ਵਿਧਾਇਕ ਅਮ੍ਰਿਤਸਰ ਦੱਖਣ ਇੰਦਰਬੀਰ ਸਿੰਘ ਬੁਲਾਰੀਆ ਅਤੇ ਹਲਕਾ ਤਰਨਤਾਰਨ ਦੇ ਇੰਚਾਂਰਜ ਕਰਨਬਿਰ ਸਿੰਘ ਬੁਰਜਵੀ ਵਿਸ਼ੇਸ਼ ਤੌਰ 'ਤੇ ਇਸ ਸਮਾਗਮ ਵਿੱਚ ਸ਼ਾਮਿਲ ਹੋਏ। ਉਕਤ ਸਾਰੇ ਆਗੂਆਂ ਵੱਲੋਂ ਸ਼ਹੀਦ ਸੋਹਣ ਲਾਲ ਪਾਠਕ ਦੇ ਬੁੱਤ ਨੂੰ ਫੁੱਲ ਮਿਲਾਵਾਂ ਭੇਟ ਕੀਤੀਆਂ ਅਤੇ ਸ਼ਰਧਾ ਦੇ ਫੁੱਲ ਅਰਪਿਤ ਕੀਤੇ। ਇਸ ਮੌਕੇ ਸਰਕਾਰੀ ਕੰਨਿਆਸੀਨੀਅਰ ਸੈਕੰਡਰੀ ਸਕੂਲ ਪੱਟੀ ਦੀਆਂ ਵਿਦਿਆਰਥਣਾਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਇਸ ਮੌਕੇ ਸਾਬਕਾ ਵਿਧਾਇਕ ਗਿੱਲ ਵੱਲੋਂ ਦੋ ਸਾਬਕਾ ਵਿਧਾਇਕਾਂ ਦੀ ਹਾਜਰੀ ਵਿੱਚ ਪੂਰਾ ਸ਼ਕਤੀ ਪ੍ਰਦਰਸ਼ਨ ਕੀਤਾ ਗਿਆ ਜਿਸ ਵਿੱਚ ਹਲਕੇ ਤੋਂ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਸ਼ਾਮਿਲ ਕੀਤੇ ਗਏ। ਇਸ ਮੌਕੇ ਸਾਬਕਾ ਵਿਧਾਇਕ ਗਿੱਲ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਦੇਸ਼ ਦੀ ਅਖੰਡਤਾਂ ਨੂੰ ਕਾਇਮ ਰੱਖਦਿਆ ਹੋਇਆ ਕੁਰਬਾਨੀਆ ਦਿੱਤੀਆਂ ਹਨ। ਪਰ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੂਬੇ ਨੂੰ ਕਰਜ਼ੇ ਦੇ ਬੋਧ ਥੱਲੇ ਦੱਬ ਕੇ ਵਿਕਾਸ ਕਾਰਜ ਠੱਪ ਕਰਕੇ ਰੱਖ ਦਿੱਤੇ ਹਨ। ਅੱਜ ਸੂਬੇ ਵਿੱਚ ਨਿੱਤ ਦਿਨ੍ਹ ਕਤਲੋ ਗਾਰਤ, ਲੁੱਟਾਂ ਖੋਹਾ ਹੋ ਰਹੀਆ ਹਨ, ਅਮਨ ਕਾਨੂੰਨ ਨਾਮ ਦੀ ਕੋਈ ਚੀਜ ਨਹੀ ਹੈ। ਉਨਾਂ ਲੋਕਾਂ ਨੂੰ ਫਿਰ ਤੋਂ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਲਿਆਉਣ ਦਾ ਸੱਦਾ ਦਿੱਤਾ ਤਾਂ ਜੋ ਸੂਬੇ ਨੂੰ ਫਿਰ ਤੋਂ ਤਰੱਕੀ ਦੀ ਰਾਹ ਤੇ ਲਿਜਾਇਆ ਜਾ ਸਕੇ। ਇਸ ਮੌਕੇ ਕਾਂਗਰਸੀ ਆਗੂਆਂ ਵੱਲੋਂ ਲੱਡੂ ਵੰਡੇ ਗਏ। ਇਸ ਸਮਾਗਮ ਦੀ ਦੇਖ ਰੇਖ ਤੇ ਤਿਆਰੀ ਸ਼ਹਿਰੀ ਪ੍ਰਧਾਨ ਵਿਜੈ ਸ਼ਰਮਾਂ ,ਸੁਖਵਿੰਦਰ ਸਿੰਘ ਸੰਗਵਾਂ ਪੀ.ਏ ਵੱਲੋਂ ਕੀਤੀ ਗਈ ।ਇਸ ਮੌਕੇ ਦਲਬੀਰ ਸਿੰਘ ਸੇਖੋ, ਸੁਖਵਿੰਦਰ ਸਿੰਘ ਸਿੱਧੂ, ਐਡ, ਜਗਮੀਤ ਸਿੰਘ ਭੁੱਲਰ, ਨਵਰੀਤ ਸਿੰਘ ਜੱਲੇਵਾਲ, ਕੁਲਵਿੰਦਰ ਸਿੰਘ ਬੱਬਾ, ਤੀਰਥ ਸਭਰਵਾਲ ਕੌਂਸਲਰ, ਰਾਜ ਕੁਮਾਰ ਕੌਂਸਲਰ, ਕੁਲਦੀਪ ਸਿੰਘ ਕੋਟਬੁੱਢਾ, ਦੀਦਾਰ ਸਿੰਘ ਬੋਪਾਰਾਏ, ਨਿਸ਼ਾਨ ਸਿੰਘ ਬੁੱਟਰ, ਹਰਜਿੰਦਰ ਸਿੰਘ ਚੰਬਲ, ਸਰਵਨ ਸਿੰਘ ਸੰਧੂ, ਦਲਜੀਤ ਸਿੰਘ ਜੌੜਸਿੰਘਵਾਲਾ, ਹਰਜਿੰਦਰ ਸਿੰਘ ਬੌਬੀ, ਸਤਨਾਮ ਸਿੰਘ ਭੁੱਲਰ, ਲਵਲੀ ਭੁੱਲਰ, ਜੋਗਿੰਦਰਪਾਲ ਵੇਦੀ, ਰੋਸ਼ਨ ਲਾਲ, ਮੁਨੀਸ਼ ਬੱਤਰਾ, ਪ੍ਰਭਜੀਤ ਸਿੰਘ , ਸਤਬੀਰ ਸਿੰਘ ਰੰਮੀ, ਪੋਪਨ ਧਾਰੀਵਾਲ ਅਤੇ ਵੱਡੀ ਗਿਣਤੀ ਵਿੱਚ ਪੱਟੀ ਹਲਕੇ ਦੇ ਕਾਂਗਰਸੀ ਸ਼ਾਮਿਲ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★
ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243